29-Jan-PAGE-1.qxd 1/28/2026 10:45 PM Page 1

ਵੀਰਵਾਰ, 29 ਜਨਵਰੀ, 2026
16 ਮਾਘ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 239

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • THURSDAY, 29 JANUARY, 2026
ਜਲੰਧਰ

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਚੰਡੀਗੜ੍ਹ ਪੰਜਾਬ ਦਾ, ਧੱਕੇਸ਼ਾਹੀ ਨਹੀਂ ਸਹਾਂਗੇ : ਭਗਵੰਤ ਮਾਨ

ਮੋਗਾ (ਇਕਬਾਲ ਸਿੰਘ ਖਹਿਰਾ)-ਮੁੱਖ ਮੰਤਰੀ ਭਗਵੰਤ ਮਾਨ ਨੇ ਬੁੱਧਵਾਰ ਕਿਹਾ ਕਿ ਚੰਡੀਗੜ੍ਹ 'ਤੇ ਸਿਰਫ ਪੰਜਾਬ ਦਾ ਹੱਕ ਹੈ ਅਤੇ ਰਹੇਗਾ। ਉਨ੍ਹਾ ਕਿਹਾ ਕਿ ਕੇਂਦਰ ਨੇ ਪੰਜਾਬ ਨਾਲ ਪਹਿਲਾਂ ਹੀ ਕਈ ਧੱਕੇ ਕੀਤੇ ਹਨ ਤੇ ਹੁਣ ਹੋਰ ਧੱਕੇਸ਼ਾਹੀ ਸਹਿਣ ਨਹੀਂ ਕੀਤੀ ਜਾਵੇਗੀ। ਪੰਜਾਬ ਸਰਕਾਰ ਕਿਸੇ ਨੂੰ ਵੀ ਪੰਜਾਬ ਦੇ ਹੱਕਾਂ 'ਤੇ ਡਾਕਾ ਮਾਰਨ ਦੀ ਇਜਾਜ਼ਤ ਨਹੀਂ ਦੇਵੇਗੀ। ਮੁੱਖ ਮੰਤਰੀ ਬੁੱਧਵਾਰ ਪਿੰਡ ਢੁੱਡੀਕੇ ਵਿੱਚ ਪੰਜਾਬ ਕੇਸਰੀ ਲਾਲਾ ਲਾਜਪਤ ਰਾਏ ਨੂੰ ਉਨ੍ਹਾ ਦੇ 161ਵੇਂ ਜਨਮ ਦਿਨ ਮੌਕੇ ਸ਼ਰਧਾਂਜਲੀ ਦੇਣ ਲਈ ਪਹੁੰਚੇ ਸਨ। ਮੁੱਖ ਮੰਤਰੀ ਨੇ ਲਾਇਬਰੇਰੀ ਅਤੇ ਇਤਿਹਾਸਕ ਸਥਾਨਾਂ ਦਾ ਦੌਰਾ ਵੀ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਲਾਲਾ ਲਾਜਪਤ ਰਾਏ ਜਿੱਥੇ ਮਹਾਨ ਆਜ਼ਾਦੀ ਘੁਲਾਟੀਏ ਸਨ, ਉੱਥੇ ਹੀ ਉਨ੍ਹਾ ਨੂੰ ਸਵਦੇਸ਼ੀ ਲਹਿਰ ਦੇ ਰਹਿਨੁਮਾ ਵਜੋਂ ਵੀ ਜਾਣਿਆ ਜਾਂਦਾ ਹੈ। ਪਿੰਡ ਢੁੱਡੀਕੇ ਦੀ ਧਰਤੀ ਭਾਗਾਂ ਵਾਲੀ ਹੈ, ਜਿੱਥੇ ਲਾਲਾ ਜੀ ਅਤੇ ਹੋਰ ਕਈ ਗਦਰੀ ਬਾਬਿਆਂ ਨੇ ਜਨਮ ਲਿਆ ਅਤੇ ਕਾਲੇ ਪਾਣੀ ਵਰਗੀਆਂ ਸਖਤ ਸਜ਼ਾਵਾਂ ਕੱਟੀਆਂ। ਲਾਲਾ ਲਾਜਪਤ ਰਾਏ ਦਾ ਬਲੀਦਾਨ ਦੇਸ਼ ਦੀ ਹਰ ਪੀੜ੍ਹੀ ਲਈ ਪ੍ਰੇਰਨਾਸਰੋਤ ਬਣਿਆ ਰਹੇਗਾ। ਉਨ੍ਹਾ ਦਾ ਆਜ਼ਾਦੀ ਦਾ ਸੰਘਰਸ਼ ਵਿੱਢਣ ਵਿੱਚ ਵਿਸ਼ੇਸ਼ ਯੋਗਦਾਨ ਰਿਹਾ।

ਮੁੱਖ ਮੰਤਰੀ ਨੇ ਕਿਹਾ ਕਿ ਸਿਹਤ ਬੀਮਾ ਯੋਜਨਾ ਤਹਿਤ ਹਰੇਕ ਵਿਅਕਤੀ ਦਾ ਇਲਾਜ ਹੋਵੇਗਾ ਤੇ ਸੂਬਾ ਸਰਕਾਰ ਕੋਲ ਪੈਸੇ ਦੀ ਕੋਈ ਕਮੀ ਨਹੀਂ। ਉਨ੍ਹਾ ਪਿੰਡਾਂ 'ਚ ਖੇਡ ਕਲੱਬਾਂ ਨੂੰ ਅਪੀਲ ਕੀਤੀ ਕਿ ਉਹ ਮਾਂ ਖੇਡ ਕਬੱਡੀ ਵਿਚ 35, 40, 45 ਕਿੱਲੋ ਆਦਿ ਦੀ ਸ਼ੁਰੂਆਤ ਕਰਨ, ਤਾਂ ਜੋ ਬੱਚੇ ਵੀ ਇਨ੍ਹਾਂ ਖੇਡਾਂ ਵਿੱਚ ਭਾਗ ਲੈ ਕੇ ਚੰਗੇ ਖਿਡਾਰੀ ਬਣ ਸਕਣ। ਉਨ੍ਹਾ ਕਿਹਾ ਕਿ ਉਹ ਆਪਣੇ ਪਿੰਡ ਸਤੌਜ ਤੋਂ ਵਜ਼ਨੀ ਕਬੱਡੀ ਦੀ ਸ਼ੁਰੂਆਤ ਕਰਵਾਉਣ ਜਾ ਰਹੇ ਹਨ। ਇਸ ਮੌਕੇ ਉਨ੍ਹਾ ਮਿੰਨੀ ਉਲੰਪਿਕ ਵਜੋਂ ਜਾਣੀਆਂ ਜਾਂਦੀਆਂ ਕਿਲ੍ਹਾ ਰਾਏਪੁਰ ਦੀਆਂ ਖੇਡਾਂ ਬਾਰੇ ਆਖਿਆ ਕਿ ਇੱਥੇ 14 ਸਾਲਾਂ ਬਾਅਦ ਬਲਦਾਂ ਦੀਆਂ ਦੌੜਾਂ ਸ਼ੁਰੂ ਹੋ ਰਹੀਆਂ ਹਨ। ਇਸ ਮੌਕੇ ਉਨ੍ਹਾ ਨਾਲ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ, ਨਿਹਾਲ ਸਿੰਘ ਵਾਲਾ ਦੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਮੋਗਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ, ਬਾਘਾ ਪੁਰਾਣਾ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਤੇ ਧਰਮਕੋਟ ਦੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਵੀ ਮੌਜੂਦ ਸਨ। ਮਾਨ ਨੇ ਆਮ ਲੋਕਾਂ ਦੇ ਦਰਮਿਆਨ ਬੈਠ ਕੇ ਕਬੱਡੀ ਤੇ ਹਾਕੀ ਮੈਚਾਂ ਦਾ ਆਨੰਦ ਮਾਣਿਆ ਅਤੇ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਕੀਤੀ।ਚਾਈਨਾ ਡੋਰ ਬਾਰੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ 'ਤੇ ਪਹਿਲਾਂ ਹੀ ਪਾਬੰਦੀ ਲੱਗੀ ਹੋਈ ਹੈ ਅਤੇ ਇਸ ਮਾਮਲੇ 'ਚ ਹੋਰ ਸਖ਼ਤੀ ਵੀ ਕੀਤੀ ਜਾਵੇਗੀ। ਉਨ੍ਹਾ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਅਤੇ ਦੂਜਿਆਂ ਦੀ ਸੁਰੱਖਿਆ ਲਈ ਸਾਵਧਾਨ ਰਹਿਣ।

ਅਜੀਤ ਪਵਾਰ ਤੇ ਚਾਰ ਹੋਰਨਾਂ ਦੀ ਜਹਾਜ਼ ਹਾਦਸੇ 'ਚ ਮੌਤ

ਪੁਣੇ : ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਅਜੀਤ ਪਵਾਰ (66) ਅਤੇ ਚਾਰ ਹੋਰ ਵਿਅਕਤੀਆਂ ਦੀ ਬੁੱਧਵਾਰ ਸਵੇਰੇ ਪੁਣੇ ਜ਼ਿਲ੍ਹੇ ਵਿੱਚ ਇੱਕ ਜਹਾਜ਼ ਹਾਦਸੇ ਦੌਰਾਨ ਮੌਤ ਹੋ ਗਈ। ਹਾਦਸਾ ਉਸ ਸਮੇਂ ਵਾਪਰਿਆ, ਜਦੋਂ ਜਹਾਜ਼ ਪੁਣੇ ਦੇ ਬਾਰਾਮਤੀ ਇਲਾਕੇ ਵਿੱਚ ਲੈਂਡ ਕਰ ਰਿਹਾ ਸੀ। ਪਵਾਰ ਉਸ ਜਹਾਜ਼ ਵਿੱਚ ਕਿਸੇ ਪ੍ਰੋਗਰਾਮ ਲਈ ਬਾਰਾਮਤੀ ਜਾ ਰਹੇ ਸਨ।

ਡੀ ਜੀ ਸੀ ਏ (ਡਾਇਰੈਕਟੋਰੇਟ ਜਨਰਲ ਆਫ ਸਿਵਲ ਐਵੀਏਸ਼ਨ) ਦੇ ਇੱਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਜਹਾਜ਼ ਵਿੱਚ ਪਵਾਰ ਦੇ ਨਿੱਜੀ ਸੁਰੱਖਿਆ ਅਧਿਕਾਰੀ, ਸਹਾਇਕ ਅਤੇ ਚਾਲਕ ਦਲ ਦੇ ਦੋ ਮੈਂਬਰ (ਪਾਇਲਟ ਇਨ-ਕਮਾਂਡ ਅਤੇ ਫਸਟ ਅਫਸਰ) ਸ਼ਾਮਲ ਸਨ। ਚਸ਼ਮਦੀਦਾਂ ਅਨੁਸਾਰ ਜਹਾਜ਼ ਹਵਾ ਵਿੱਚ ਹੀ ਅਸੰਤੁਲਤ ਦਿਖਾਈ ਦੇ ਰਿਹਾ ਸੀ ਅਤੇ ਜਿਵੇਂ ਹੀ ਰਨਵੇਅ ਨੇੜੇ ਪਹੁੰਚਿਆ, ਜ਼ੋਰਦਾਰ ਧਮਾਕੇ ਨਾਲ ਜ਼ਮੀਨ 'ਤੇ ਜਾ ਡਿੱਗਿਆ। ਇਕ ਮਹਿਲਾ ਚਸ਼ਮਦੀਦ ਨੇ ਦੱਸਿਆ ਕਿ ਜਹਾਜ਼ ਨੇ ਹਵਾਈ ਅੱਡੇ ਦੇ ਉੱਪਰ ਚੱਕਰ ਲਗਾਇਆ, ਪਰ ਲੈਂਡਿੰਗ ਵੇਲੇ ਇਹ ਟੇਢਾ ਹੋ ਕੇ ਜ਼ਮੀਨ ਨਾਲ ਟਕਰਾ ਗਿਆ, ਜਿਸ ਤੋਂ ਬਾਅਦ ਲਗਾਤਾਰ ਚਾਰ-ਪੰਜ ਧਮਾਕੇ ਹੋਏ ਅਤੇ ਹਰ ਪਾਸੇ ਅੱਗ ਦੀਆਂ ਲਪਟਾਂ ਫੈਲ ਗਈਆਂ।

ਫਲਾਈਟ ਰਾਡਾਰ ਅਨੁਸਾਰ ਜਹਾਜ਼ ਨੇ ਸਵੇਰੇ 8:10 ਵਜੇ ਮੁੰਬਈ ਤੋਂ ਉਡਾਣ ਭਰੀ ਸੀ ਅਤੇ 8:45 ਵਜੇ ਇਸ ਦਾ ਰਾਡਾਰ ਨਾਲੋਂ ਸੰਪਰਕ ਟੁੱਟ ਗਿਆ, ਜਦਕਿ 8:50 ਵਜੇ ਇਹ ਹਾਦਸਾ ਵਾਪਰਿਆ। ਅਜੀਤ ਪਵਾਰ 5 ਫਰਵਰੀ ਨੂੰ ਹੋਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਦੇ ਪ੍ਰਚਾਰ ਲਈ ਮੁੰਬਈ ਤੋਂ ਬਾਰਾਮਤੀ ਜਾ ਰਹੇ ਸਨ। ਹਾਦਸੇ ਵਿੱਚ ਉੱਚ ਸਿੱਖਿਆ ਪ੍ਰਾਪਤ ਪਾਇਲਟ ਸ਼ਾਂਭਵੀ ਪਾਠਕ ਅਤੇ ਬੇਹੱਦ ਤਜਰਬੇਕਾਰ ਕੈਪਟਨ ਸੁਮਿਤ ਕਪੂਰ ਦੀ ਜਾਨ ਚਲੀ ਗਈ। ਕੈਪਟਨ ਸੁਮਿਤ ਕਪੂਰ ਕੋਲ 16,000 ਘੰਟਿਆਂ ਤੋਂ ਵੱਧ ਉਡਾਣ ਭਰਨ ਦਾ ਵਿਸ਼ਾਲ ਤਜਰਬਾ ਸੀ। ਉੱਥੇ ਹੀ, ਨਿਊ ਜ਼ੀਲੈਂਡ ਤੋਂ ਸਿਖਲਾਈ ਪ੍ਰਾਪਤ ਸ਼ਾਂਭਵੀ ਪਾਠਕ ਨੇ ਮੁੰਬਈ ਯੂਨੀਵਰਸਿਟੀ ਤੋਂ ਐਰੋਨੌਟਿਕਸ ਵਿੱਚ ਡਿਗਰੀ ਹਾਸਲ ਕੀਤੀ ਸੀ ਅਤੇ ਉਹ ਮੱਧ ਪ੍ਰਦੇਸ਼ ਫਲਾਇੰਗ ਕਲੱਬ ਵਿੱਚ ਇੰਸਟ੍ਰਕਟਰ ਵਜੋਂ ਵੀ ਸੇਵਾਵਾਂ ਨਿਭਾ ਚੁੱਕੀ ਸੀ।

ਬੇਗਮਪੁਰਾ ਐਕਸਪ੍ਰੈੱਸ ਦੀ ਰਵਾਨਗੀ ਅੱਜ

ਜਲੰਧਰ (ਸੁਰਿੰਦਰ ਕੁਮਾਰ)- ਪਹਿਲੀ ਫਰਵਰੀ ਨੂੰ ਮਨਾਏ ਜਾ ਰਹੇ ਗੁਰੂ ਰਵਿਦਾਸ ਦੇ 649ਵੇਂ ਪ੍ਰਕਾਸ਼ ਦਿਹਾੜੇ 'ਤੇ ਵੀਰਵਾਰ ਨੂੰ ਬਾਅਦ ਦੁਪਹਿਰ ਸਪੈਸ਼ਲ ਰੇਲਗੱਡੀ ਬੇਗਮਪੁਰਾ ਐਕਸਪ੍ਰੈੱਸ ਇੱਥੋਂ ਸ਼ਰਧਾਲੂਆਂ ਨੂੰ ਲੈ ਕੇ ਕਾਸ਼ੀ ਲਈ ਰਵਾਨਾ ਹੋਵੇਗੀ। ਇਸ ਮੌਕੇ ਡੇਰਾ ਬੱਲ੍ਹਾਂ ਦੇ ਗੱਦੀਨਸ਼ੀਨ ਸੰਤ ਨਿਰੰਜਣ ਦਾਸ ਸ਼ਰਧਾਲੂਆਂ ਨੂੰ ਆਸ਼ੀਰਵਾਦ ਦੇਣਗੇ। ਜਲੰਧਰ ਦੇ ਰੇਲਵੇ ਸ਼ਟੇਸ਼ਨ 'ਤੇ ਸੁਰੱਖਿਆ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ।

ਹਲਵਾਰਾ ਹਵਾਈ ਅੱਡੇ ਦਾ ਉਦਘਾਟਨ ਪਹਿਲੀ ਨੂੰ

ਲੁਧਿਆਣਾ : ਸਾਲਾਂ ਦੀ ਉਡੀਕ ਤੇ ਦਰਜਨ ਤੋਂ ਵੱਧ ਡੈੱਡਲਾਈਨਾਂ ਲੰਘਣ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪਹਿਲੀ ਫਰਵਰੀ ਨੂੰ ਹਲਵਾਰਾ ਕੌਮਾਂਤਰੀ ਹਵਾਈ ਅੱਡੇ ਦਾ ਵਰਚੁਅਲ ਤਰੀਕੇ ਨਾਲ ਉਦਘਾਟਨ ਕਰਨਗੇ। ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਮੁੱਖ ਮੰਤਰੀ ਭਗਵੰਤ ਮਾਨ ਨੇ ਵੀਰਵਾਰ ਚੰਡੀਗੜ੍ਹ ਵਿਖੇ ਇੱਕ ਉੱਚ ਪੱਧਰੀ ਮੀਟਿੰਗ ਸੱਦੀ ਹੈ। ਹਾਲਾਂਕਿ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਉਡਾਣਾਂ ਮਾਰਚ ਤੋਂ ਸ਼ੁਰੂ ਹੋਣ ਦਾ ਐਲਾਨ ਕੀਤਾ ਸੀ, ਪਰ ਇਹ ਪਹਿਲੀ ਵਾਰ ਹੋ ਰਿਹਾ ਹੈ ਕਿ ਹਵਾਈ ਅੱਡੇ ਦਾ ਉਦਘਾਟਨ ਉਡਾਣਾਂ ਸ਼ੁਰੂ ਹੋਣ ਦੀ ਨਿਰਧਾਰਤ ਮਿਤੀ ਤੋਂ ਪਹਿਲਾਂ ਕੀਤਾ ਜਾ ਰਿਹਾ ਹੈ।

ਦੋਰਾਹਾ ਤੇ ਧੂਰੀ 'ਤੇ ਰੇਲਵੇ ਓਵਰ ਬ੍ਰਿਜ ਬਣਨਗੇ

ਨਵੀਂ ਦਿੱਲੀ : ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਬੁੱਧਵਾਰ ਦੱਸਿਆ ਕਿ ਦੋਰਾਹਾ ਅਤੇ ਧੂਰੀ ਵਿਖੇ ਰੇਲਵੇ ਪੁਲਾਂ ਦੇ ਨਿਰਮਾਣ ਨੂੰ ਰਸਮੀ ਮਨਜ਼ੂਰੀ ਦੇ ਦਿੱਤੀ ਗਈ ਹੈ। ਦੋਰਾਹਾ ਵਿਖੇ ਲੈਵਲ ਕਰਾਸਿੰਗ ਨੰਬਰ 164-ਏ 'ਤੇ ਲਗਭਗ 70 ਕਰੋੜ ਰੁਪਏ ਦੀ ਲਾਗਤ ਨਾਲ ਓਵਰ ਬ੍ਰਿਜ ਬਣੇਗਾ। ਧੂਰੀ ਵਿਖੇ ਵੀ 54 ਕਰੋੜ ਰੁਪਏ ਦੀ ਲਾਗਤ ਵਾਲੇ ਰੇਲਵੇ ਕਰਾਸਿੰਗ ਪ੍ਰੋਜੈਕਟ ਦੀ ਜਨਰਲ ਅਰੇਂਜਮੈਂਟ ਡਰਾਇੰਗ ਨੂੰ ਪ੍ਰਵਾਨਗੀ ਮਿਲ ਚੁੱਕੀ ਹੈ। ਇਨ੍ਹਾਂ ਪ੍ਰੋਜੈਕਟਾਂ ਸੰਬੰਧੀ ਸਾਰੀਆਂ ਕਾਗਜ਼ੀ ਕਾਰਵਾਈਆਂ ਪੂਰੀਆਂ ਕਰ ਲਈਆਂ ਗਈਆਂ ਹਨ।

ਚੰਡੀਗੜ੍ਹ ਤੇ ਗੁਰੂਗ੍ਰਾਮ ਦੇ ਸਕੂਲਾਂ ਨੂੰ ਧਮਕੀ

ਜਲੰਧਰ : ਚੰਡੀਗੜ੍ਹ ਅਤੇ ਗੁਰੂਗ੍ਰਾਮ ਵਿੱਚ ਬੁੱਧਵਾਰ ਸਵੇਰੇ ਸਹਿਮ ਪੈਦਾ ਹੋ ਗਿਆ, ਜਦੋਂ ਪ੍ਰਮੁੱਖ ਸਕੂਲਾਂ ਨੂੰ ਈ-ਮੇਲ ਰਾਹੀਂ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ। ਚੰਡੀਗੜ੍ਹ ਦੇ ਦੋ ਦਰਜਨ ਸਕੂਲਾਂ ਨੂੰ ਬੰਬ ਦੀ ਧਮਕੀ ਕਾਰਨ ਚੰਡੀਗੜ੍ਹ ਦੇ 90 ਫੀਸਦੀ ਤੋਂ ਵੱਧ ਸਕੂਲ ਖਾਲੀ ਕਰਵਾ ਲਏ ਗਏ ਤੇ ਕਈ ਸਕੂਲਾਂ ਨੇ ਸਕੂਲ ਆ ਰਹੇ ਬੱਚਿਆਂ ਦੀਆਂ ਬੱਸਾਂ ਵੀ ਯੂਟਰਨ ਕਰਵਾ ਦਿੱਤੀਆਂ ਅਤੇ ਵਿਦਿਆਰਥੀਆਂ ਨੂੰ ਸਕੂਲਾਂ ਵਿਚ ਦਾਖਲ ਨਹੀਂ ਹੋਣ ਦਿੱਤਾ।

ਚੰਡੀਗੜ੍ਹ ਦੇ ਸੈਕਟਰ-25 ਸਥਿਤ ਚਿਤਕਾਰਾ ਇੰਟਰਨੈਸ਼ਨਲ ਸਕੂਲ, ਸੈਕਟਰ-16 ਮਾਡਲ ਸਕੂਲ, ਸੈਕਟਰ-45 ਸੇਂਟ ਸਟੀਫਨ ਸਕੂਲ, ਸੈਕਟਰ-35 ਮਾਡਲ ਸਕੂਲ ਅਤੇ ਸੈਕਟਰ-19 ਮਾਡਲ ਸਕੂਲ ਨੂੰ ਧਮਕੀ ਮਿਲੀ। ਗੁਰੂਗ੍ਰਾਮ ਵਿੱਚ ਪੁਲਸ ਅਤੇ ਪ੍ਰਸ਼ਾਸਨ ਤੁਰੰਤ ਹਰਕਤ ਵਿੱਚ ਆ ਗਿਆ। ਕਿਸੇ ਵੀ ਸਕੂਲ ਕੰਪਲੈਕਸ ਤੋਂ ਕੋਈ ਸ਼ੱਕੀ ਵਸਤੂ ਬਰਾਮਦ ਨਹੀਂ ਹੋਈ।

ਚੰਡੀਗੜ੍ਹ ਦੇ ਮੇਅਰ ਦੀ ਚੋਣ 'ਚ ਦਿਲਚਸਪ ਮੁਕਾਬਲਾ ਅੱਜ

ਚੰਡੀਗੜ੍ਹ : ਸ਼ਹਿਰ ਚੰਡੀਗੜ੍ਹ ਦੇ ਨਵੇਂ ਮੇਅਰ ਲਈ ਵੀਰਵਾਰ ਭਾਜਪਾ ਦੇ ਸੌਰਭ ਜੋਸ਼ੀ, ਕਾਂਗਰਸ ਦੇ ਗੁਰਪ੍ਰੀਤ ਸਿੰਘ ਗਾਬੀ ਅਤੇ 'ਆਪ' ਦੇ ਯੋਗੇਸ਼ ਢੀਂਗਰਾ ਵਿਚਾਲੇ ਮੁਕਾਬਲਾ ਹੋਵੇਗਾ। ਇਸੇ ਤਰ੍ਹਾਂ ਸੀਨੀਅਰ ਡਿਪਟੀ ਮੇਅਰ ਦੇ ਅਹੁਦੇ ਲਈ ਭਾਜਪਾ ਦੇ ਜਸਮਨਪ੍ਰੀਤ ਸਿੰਘ, ਕਾਂਗਰਸ ਦੇ ਸਚਿਨ ਗਾਲਵ ਅਤੇ 'ਆਪ' ਦੇ ਮਨਿਆਰ ਖਾਨ ਮੈਦਾਨ ਵਿੱਚ ਹਨ। ਡਿਪਟੀ ਮੇਅਰ ਦੀ ਪੋਸਟ ਲਈ ਭਾਜਪਾ ਤੋਂ ਸੁਮਨਾ ਸ਼ਰਮਾ, ਕਾਂਗਰਸ ਤੋਂ ਨਿਰਮਲਾ ਦੇਵੀ ਤੇ 'ਆਪ' ਤੋਂ ਜਸਵਿੰਦਰ ਕੌਰ ਨੇ ਨਾਮਜ਼ਦਗੀ ਦਾਖਲ ਕੀਤੀ ਹੈ। 'ਆਪ' ਦੇ ਰਾਮਚੰਦਰ ਯਾਦਵ ਡਿਪਟੀ ਮੇਅਰ ਦੇ ਅਹੁਦੇ ਲਈ ਸੁਤੰਤਰ ਚੋਣ ਲੜ ਰਹੇ ਹਨ। ਦੋ ਕਾਂਗਰਸੀ ਕੌਂਸਲਰਾਂ ਨੇ ਯਾਦਵ ਦੇ ਨਾਂਅ ਦੀ ਤਜਵੀਜ਼ ਰੱਖੀ ਹੈ। ਮੇਅਰ ਦੀ ਚੋਣ ਜਿੱਤਣ ਲਈ ਕਿਸੇ ਵੀ ਪਾਰਟੀ ਨੂੰ 19 ਵੋਟਾਂ ਦੀ ਲੋੜ ਹੈ। ਦੋ ਕੌਂਸਲਰਾਂ ਦੇ ਪਿਛਲੇ ਦਿਨੀਂ ਭਾਜਪਾ ਵਿੱਚ ਸ਼ਾਮਲ ਹੋਣ ਨਾਲ ਸਦਨ ਵਿੱਚ ਭਾਜਪਾ ਕੌਂਸਲਰਾਂ ਦੀ ਗਿਣਤੀ 18 ਨੂੰ ਪਹੁੰਚ ਗਈ ਹੈ। ਮੌਜੂਦਾ ਸਮੇਂ ਕਾਂਗਰਸ ਕੋਲ 6 ਕੌਂਸਲਰ ਤੇ ਆਪ ਕੋਲ 11 ਕੌਂਸਲਰ ਹਨ। ਚੰਡੀਗੜ੍ਹ ਤੋਂ ਸੰਸਦ ਮੈਂਬਰ ਦੀ ਇੱਕ ਵੋਟ ਹੈ, ਜੋ ਕਿ ਕਾਂਗਰਸ ਦੇ ਮੁਨੀਸ਼ ਤਿਵਾੜੀ ਦੀ ਹੈ। ਇਸ ਤਰ੍ਹਾਂ ਸੱਤਾਧਾਰੀ ਪਾਰਟੀ ਅਤੇ ਕਾਂਗਰਸ ਤੇ ਆਪ ਕੋਲ ਸਾਂਝੇ ਤੌਰ 'ਤੇ 18-18 ਵੋਟ ਹਨ। ਜੇਕਰ 'ਆਪ' ਤੇ ਕਾਂਗਰਸ ਵੱਖ-ਵੱਖ ਚੋਣ ਲੜਨ ਉੱਤੇ ਦ੍ਰਿੜ੍ਹ ਰਹਿੰਦੇ ਹਨ ਤਾਂ ਇਹ ਭਾਜਪਾ ਲਈ ਆਸਾਨ ਜਿੱਤ ਹੋਵੇਗੀ। ਜੇ ਉਹ ਇਕੱਠੇ ਲੜਨ ਦਾ ਫੈਸਲਾ ਕਰਦੇ ਹਨ ਤਾਂ ਚੋਣ ਦਿਲਚਸਪ ਹੋ ਜਾਵੇਗੀ। ਨਗਰ ਨਿਗਮ ਐਕਟ ਅਨੁਸਾਰ ਦੋ ਉਮੀਦਵਾਰਾਂ ਨੂੰ ਬਰਾਬਰ ਵੋਟਾਂ ਮਿਲਣ 'ਤੇ ਟਾਸ ਦੁਆਰਾ ਨਤੀਜਾ ਤੈਅ ਕਰਨ ਦਾ ਪ੍ਰਬੰਧ ਹੈ। ਇਸ ਵਾਰ ਮੇਅਰ ਦੀ ਚੋਣ ਹੱਥ ਦਿਖਾ ਕੇ ਹੋਵੇਗੀ। ਪਿਛਲੀ ਵਾਰ ਇਹ ਚੋਣ ਗੁਪਤ ਵੋਟਿੰਗ ਰਾਹੀਂ ਹੋਈ ਸੀ ਤੇ ਨੇੜਲੇ ਮੁਕਾਬਲਿਆਂ ਵਿਚ ਕਰਾਸ ਵੋਟਿੰਗ ਦੀ ਅਹਿਮ ਭੂਮਿਕਾ ਸੀ।

ਯੂਰਪੀ ਯੂਨੀਅਨ ਨਾਲ ਸਮਝੌਤੇ 'ਚ ਭਾਰਤ ਫਾਇਦੇ 'ਚ ਰਿਹਾ : ਅਮਰੀਕਾ

ਨਿਊ ਯਾਰਕ : ਅਮਰੀਕੀ ਵਪਾਰ ਪ੍ਰਤੀਨਿਧ ਜੈਮੀਸਨ ਗ੍ਰੀਰ ਨੇ ਭਾਰਤ ਦੇ ਯੂਰਪੀ ਯੂਨੀਅਨ ਨਾਲ ਹੋਏ ਵਪਾਰਕ ਸਮਝੌਤੇ 'ਤੇ ਟਰੰਪ ਪ੍ਰਸ਼ਾਸਨ ਦੀ ਪਹਿਲੀ ਪ੍ਰਤੀਕਿਰਿਆ ਦਿੰਦੇ ਹੋਏ ਕਿਹਾ ਕਿ ਭਾਰਤ ਇਸ ਸਮਝੌਤੇ ਵਿੱਚ ਸਿਖਰ 'ਤੇ ਰਿਹਾ ਹੈ ਅਤੇ ਇਸ ਨਾਲ ਭਾਰਤ ਦੇ ਬਹੁਤ ਵਧੀਆ ਦਿਨ ਆਉਣ ਵਾਲੇ ਹਨ। ਗ੍ਰੀਰ ਇਸ ਮੁਕਤ ਵਪਾਰ ਸਮਝੌਤੇ, ਜਿਸ ਨੂੰ 'ਸਾਰੇ ਸਮਝੌਤਿਆਂ ਦੀ ਮਾਂ' ਕਿਹਾ ਜਾ ਰਿਹਾ ਹੈ, ਬਾਰੇ ਪੁੱਛੇ ਗਏ ਇੱਕ ਸਵਾਲ ਦਾ ਜਵਾਬ ਦੇ ਰਹੇ ਸਨ। ਫੌਕਸ ਬਿਜ਼ਨਸ ਨੂੰ ਦਿੱਤੇ ਇੱਕ ਇੰਟਰਵਿਊ ਵਿੱਚ ਉਨ੍ਹਾ ਕਿਹਾ, 'ਮੈਂ ਹੁਣ ਤੱਕ ਸਮਝੌਤੇ ਦੇ ਕੁਝ ਵੇਰਵਿਆਂ ਨੂੰ ਦੇਖਿਆ ਹੈ। ਮੈਨੂੰ ਲੱਗਦਾ ਹੈ ਕਿ ਸਪੱਸ਼ਟ ਤੌਰ 'ਤੇ ਭਾਰਤ ਇਸ ਵਿੱਚ ਸਿਖਰ 'ਤੇ ਆਇਆ ਹੈ। ਉਸ ਨੂੰ ਯੂਰਪ ਵਿੱਚ ਵਧੇਰੇ ਮਾਰਕੀਟ ਪਹੁੰਚ ਮਿਲੀ ਹੈ।' ਗ੍ਰੀਰ ਨੇ ਕਿਹਾ ਕਿ ਅਜਿਹਾ ਲੱਗਦਾ ਹੈ ਕਿ ਭਾਰਤ ਨੂੰ ਕੁਝ ਵਾਧੂ ਇਮੀਗ੍ਰੇਸ਼ਨ ਅਧਿਕਾਰ ਵੀ ਮਿਲੇ ਹਨ ਅਤੇ ਯੂਰਪੀ ਯੂਨੀਅਨ ਦੀ ਪ੍ਰਧਾਨ ਉਰਸੁਲਾ ਵਾਨ ਡੇਰ ਲੇਅਨ ਨੇ ਭਾਰਤੀ ਕਾਮਿਆਂ ਦੀ ਯੂਰਪ ਵਿੱਚ ਗਤ

29-Jan-PAGE-1.qxd 1/28/2026 10:47 PM Page 2

ਹੈਰੋਇਨ ਸਮੇਤ ਦੋ ਗ੍ਰਿਫ਼ਤਾਰ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਥਾਣਾ ਸਿਟੀ ਫਿਰੋਜ਼ਪੁਰ ਅਤੇ ਥਾਣਾ ਮੱਲਾਂਵਾਲਾ ਪੁਲਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ 15 ਗ੍ਰਾਮ ਹੈਰੋਇਨ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਲਈ ਰਵਾਨਾ ਸੀ ਤਾਂ ਮੁਖਬਰ ਨੇ ਇਤਲਾਹ ਦਿੱਤੀ ਕਿ ਟੇਕ ਚੰਦ ਉਰਫ ਟੇਕਾ ਪੁੱਤਰ ਖੁਸ਼ੀ ਰਾਮ ਵਾਸੀ ਬਸਤੀ ਸ਼ੇਖਾਂ ਵਾਲੀ ਹੈਰੋਇਨ ਵੇਚਣ ਦਾ ਆਦੀ ਹੈ ਤ ਰੇਲਵੇ ਸਟੇਸ਼ਨ ਪਾਸ ਹੈਰੋਇਨ ਵੇਚਣ ਲਈ ਗਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਕਾਬੂ ਕਰਕੇ ਉਸ ਕੋਲੋਂ 10 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਮੱਲਾਂਵਾਲਾ ਪੁਲਿਸ ਦੇ ਸਹਾਇਕ ਥਾਣੇਦਾਰ ਦਰਸ਼ਨ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਗਸ਼ਤ ਕਰਦੀ ਹੋਈ ਸ਼ਮਸ਼ਾਨਘਾਟ ਮੱਲਾਂਵਾਲਾ ਪੁੱਜੀ ਤਾਂ ਇਕ ਵਿਅਕਤੀ ਨਿਸ਼ਾਨ ਪੁੱਤਰ ਸਵਰਨ ਸਿੰਘ ਵਾਸੀ ਵਾਰਡ ਨੰਬਰ 13 ਮੱਲਾਂਵਾਲਾ ਵਿਖਾਈ ਦਿੱਤਾ, ਜਿਸ ਪਾਸੋਂ 5 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਿਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਦਾ ਐਲਾਨ

ਲੁਧਿਆਣਾ (ਸਤੀਸ਼ ਸਚਦੇਵਾ)- ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਦੀ ਸੂਬਾ ਪੱਧਰੀ ਮੀਟਿੰਗ ਪੈਨਸ਼ਨਰਜ਼ ਭਵਨ ਲੁਧਿਆਣਾ ਵਿਖੇ ਕਨਵੀਨਰ ਬਖਸ਼ੀਸ਼ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਬਖਸ਼ੀਸ਼ ਸਿੰਘ ਨੇ ਦੱਸਿਆ ਕਿ ਵੱਖ ਵੱਖ ਪੈਨਸ਼ਨਰ ਜਥੇਬੰਦੀਆਂ ਦੇ ਕਨਵੀਨਰ ਕੋ ਕਨਵੀਨਰ ਅਤੇ ਮੈਂਬਰ ਸਾਹਿਬਾਨ ਨੇ ਮੀਟਿੰਗ ਵਿੱਚ ਸ਼ਮੂਲੀਅਤ ਕੀਤੀ ਜਿਨ੍ਹਾਂ ਵਿੱਚ ਕਨਫੈਡਰੇਸ਼ਨ ਵੱਲੋਂ ਬਖਸ਼ੀਸ਼ ਸਿੰਘ , ਕੁਲਵਰਨ ਸਿੰਘ, ਪੈਨਸ਼ਨਰਜ਼ ਮਹਾਂਸੰਘ ਵੱਲੋਂ ਬੀ ਐਨ ਸੈਣੀ, ਸ਼ੁਸ਼ੀਲ ਕੁਮਾਰ, ਪਵਿੱਤਰ ਸਿੰਘ, ਪੈਨਸ਼ਨਰ ਐਸੋਸੀਏਸ਼ਨ ਵੱਲੋਂ ਭਜਨ ਸਿੰਘ ਗਿੱਲ, ਸੁਰਿੰਦਰ ਰਾਮ ਕੁੱਸਾ, ਸੁਖਮੰਦਰ ਸਿੰਘ ਮੋਗਾ, ਪਾਵਰਕਾਮ ਪੈਨਸ਼ਨਰ ਐਸੋਸੀਏਸ਼ਨ ਵੱਲੋਂ ਅਵਿਨਾਸ਼ ਸ਼ਰਮਾ, ਦੇਵ ਰਾਜ, ਰਾਕੇਸ਼ ਕੁਮਾਰ ਅਤੇ ਪੀ ਆਈ ਸੀ ਲੁਧਿਆਣਾ ਵੱਲੋਂ ਦਲੀਪ ਸਿੰਘ ਅਤੇ ਨਿਰਮਲ ਸਿੰਘ ਹਾਜ਼ਰ ਹੋਏ। ਪੰਜਾਬ ਪੁਲਸ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸਾਥੀ ਪ੍ਰਿਤਪਾਲ ਸਿੰਘ ਪਟਿਆਲਾ ਦੀ ਮੌਤ ਹੋਣ 'ਤੇ ਸ਼ੋਕ ਵਿੱਚ ਸ਼ਮੂਲੀਅਤ ਦੇ ਰੁਝੇਵੇਂ ਕਾਰਨ ਮੀਟਿੰਗ ਵਿੱਚ ਸ਼ਾਮਲ ਨਹੀਂ ਹੋ ਸਕੇ। ਜਿਸ 'ਤੇ ਸ਼ਾਮਲ ਮੈਂਬਰਾਂ ਨੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਅਤੇ ਉਹਨਾਂ ਦੀ ਜਥੇਬੰਦੀ ਦੇ ਇਸ ਦੁੱਖ ਵਿੱਚ ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ ਡੂੰਘੇ ਦੁੱਖ ਦਾ ਇਜ਼ਹਾਰ ਪਰਗਟ ਕੀਤਾ। ਮੀਟਿੰਗ ਦੀ ਕਾਰਵਾਈ ਪ੍ਰੈਸ ਲਈ ਜਾਰੀ ਕਰਦਿਆਂ ਕੁਲਵਰਨ ਸਿੰਘ ਨੇ ਜਾਣਕਾਰੀ ਦਿੱਤੀ ਕਿ ਪੰਜਾਬ ਸਰਕਾਰ ਦੁਆਰਾ ਪੈਨਸ਼ਨਰਾਂ ਦੀਆਂ ਮੁੱਖ ਮੰਗਾਂ ਡੀ. ਏ ਦੀਆਂ ਰਹਿੰਦੀਆਂ ਪੰਜ ਕਿਸ਼ਤਾਂ ਦਾ 16% ਜਾਰੀ ਕਰਵਾਉਣਾ,

ਛੇਵੇਂ ਪੇ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ 2.59 ਦਾ ਗੁਣਾਕ ਅਤੇ ਨੋਸ਼ਨਲ ਪੇ ਫਿਕਸੇਸ਼ਨ ਅਨੁਸਾਰ ਪੈਨਸ਼ਨਾਂ ਸੋਧਣ ਖ਼ਿਲਾਫ਼ ਜਾਰੀ ਕਾਲੇ ਪੱਤਰ ਨੂੰ ਰੱਦ ਕਰਵਾਉਣਾ, ਡੀ ਏ ਦਾ 158 ਮਹੀਨੇ ਦਾ ਰਹਿੰਦਾ ਬਕਾਇਆ ਅਤੇ ਪੈਨਸ਼ਨਰਾਂ ਦੇ ਜਨਵਰੀ ਮਹੀਨੇ ਵਿੱਚ ਮਿਲਣ ਵਾਲੇ ਸਫਰੀ ਭੱਤੇ ਨੂੰ ਪੈਨਸ਼ਨ ਪੋਰਟਲ ਨਾ ਚਾਲੂ ਹੋਣ ਕਰਕੇ ਪਹਿਲਾਂ ਦੀ ਤਰ੍ਹਾਂ ਜਾਰੀ ਕਰਨਾ, ਪੰਜਾਬ ਸਰਕਾਰ ਅਧੀਨ ਕੰਮ ਕਰਦੇ ਬੋਰਡਾਂ, ਕਾਰਪੋਰੇਸ਼ਨਾ ਦੇ ਸੇਵਾ ਮੁਕਤ ਮੁਲਾਜਮਾਂ ਦੇ ਛੇਵੇਂ ਪੇ ਕਮਿਸ਼ਨ ਦੇ ਬਣਦੇ ਬਕਾਏ ਯੱਕਮੁਸ਼ਤ ਜਾਰੀ ਕਰਨੇ , 75 ਸਾਲ ਤੋਂ ਘੱਟ ਉਮਰ ਦੇ ਪੈਨਸ਼ਨਰਾਂ ਦੇ ਬਕਾਏ ਦੀਆ 42 ਕਿਸ਼ਤਾਂ ਨੂੰ ਘਟਾ ਕੇ ਰਹਿੰਦਾ ਬਕਾਇਆ ਇੱਕ ਮੁਸ਼ਤ ਅਦਾ ਕਰਨ ਅਤੇ ਮੈਡੀਕਲ ਭੱਤਾ ਇੱਕ ਹਜ਼ਾਰ ਤੋਂ ਵਧਾ ਕੇ ਦੋ ਹਜ਼ਾਰ ਕਰਨ ਵਰਗੀਆਂ ਲਟਕਦੀਆਂ ਮੰਗਾਂ ਦੀ ਪ੍ਰਾਪਤੀ ਲਈ *ਸਾਰੇ ਜਿਲ੍ਹਿਆਂ ਵਿੱਚ 13 ਫ਼ਰਵਰੀ ਨੂੰ ਮੁੱਖ ਮੰਤਰੀ ਅਤੇ ਵਿਤ ਮੰਤਰੀ ਦੇ ਨਾਮ ਡਿਪਟੀ ਕਮਿਸ਼ਨਰਾਂ ਨੂੰ ਮੰਗ ਪੱਤਰ ਸੌਂਪੇ ਜਾਣਗੇ , ਮਾਰਚ ਦੇ ਸ਼ੁਰੂ ਵਿੱਚ ਬਜਟ ਸੈਸ਼ਨ ਤੋਂ ਇੱਕ ਹਫ਼ਤਾ ਪਹਿਲਾਂ ਸੰਗਰੂਰ ਵਿਖੇ ਇੱਕ ਵਿਸ਼ਾਲ ਰੈਲੀ ਅਤੇ ਮਾਰਚ ਕੀਤਾ ਜਾਵੇਗਾ ਜਿਸ ਵਿੱਚ ਪੰਜਾਬ ਦੇ ਸਮੂਹ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਪੰਜਾਬ ਸਰਕਾਰ ਦੇ ਹੱਠੀ ਰਵਈਏ ਖ਼ਿਲਾਫ਼ ਆਪਣਾ ਰੋਸ ਅਤੇ ਰੋਹ ਜ਼ਾਹਰ ਕਰਨਗੇ। ਸੰਗਰੂਰ ਵਿਖੇ ਹੋਣ ਵਾਲੀ ਰੈਲੀ ਲਈ ਸਥਾਨ ਅਤੇ ਹੋਰ ਪ੍ਰਬੰਧ ਕਰਨ ਲਈ ਇੱਕ ਕਮੇਟੀ ਦਾ ਗਠਨ ਕੀਤਾ ਗਿਆ ਜਿਸ ਵਿੱਚ ਅਵਿਨਾਸ਼ ਸ਼ਰਮਾ , ਜਗਦੀਸ਼ ਸ਼ਰਮਾ, ਰਾਜ ਕੁਮਾਰ ਅਰੋੜਾ ਅਤੇ ਜੈ ਦੇਵ ਸ਼ਰਮਾ ਧੂਰੀ ਸ਼ਾਮਲ ਹਨ। ਅੰਤ ਵਿੱਚ ਬਖਸ਼ੀਸ਼ ਸਿੰਘ ਨੇ ਸਭਨਾਂ ਸ਼ਾਮਲ ਹੋਏ ਕਨਵੀਨਰਾਂ ਮੈਬਰਾਂ ਦਾ ਧੰਨਵਾਦ ਕਰਦੇ ਹੋਏ ਆਸ ਪਰਗਟ ਕੀਤੀ ਕਿ ਉਲੀਕੇ ਗਏ ਸੰਘਰਸ਼ ਦੇ ਪ੍ਰੋਗਰਾਮ ਨੂੰ ਸਾਰੇ ਆਗੂ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਮੰਗਾਂ ਦੀ ਪ੍ਰਾਪਤੀ ਤੱਕ ਪੰਜਾਬ ਸਰਕਾਰ ਖ਼ਿਲਾਫ਼ ਸੰਘਰਸ਼ ਵਿੱਚ ਆਪਣਾ ਪੂਰਨ ਯੋਗਦਾਨ ਪਾਉਂਦੇ ਰਹਿਣਗੇ।

ਆਂਗਣਵਾੜੀ ਮੁਲਾਜ਼ਮਾਂ ਦੀਆਂ ਮੰਗਾਂ ਅਣਡਿੱਠੀਆਂ, ਯੂਨੀਅਨ ਨੇ ਮੰਤਰੀ ਤੋਂ ਮੀਟਿੰਗ ਦੀ ਮੰਗ ਕੀਤੀ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ (ਸੀਟੂ) ਨੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀ ਕੈਬਨਿਟ ਮੰਤਰੀ ਬਲਜੀਤ ਕੌਰ ਨੂੰ ਪੱਤਰ ਭੇਜ ਕੇ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਲੰਮੇ ਸਮੇਂ ਤੋਂ ਲਟਕੀਆਂ ਮੰਗਾਂ ਦੇ ਹੱਲ ਲਈ ਤੁਰੰਤ ਮੀਟਿੰਗ ਦਾ ਸਮਾਂ ਨਿਸ਼ਚਿਤ ਕਰਨ ਦੀ ਮੰਗ ਕੀਤੀ ਹੈ। ਬਲਾਕ ਪ੍ਰਧਾਨ ਕਾਂਤਾ ਰਾਣੀ ਮਮਦੋਟ ਤੇ ਜਸਪਲ ਕੌਰ ਬਲਾਕ ਪ੍ਰਧਾਨ ਫਿਰੋਜ਼ਪੁਰ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਕਈ ਮੀਟਿੰਗਾਂ ਹੋ ਚੁੱਕੀਆਂ ਹਨ, ਪਰ ਇਸ ਦੇ ਬਾਵਜੂਦ ਮੁੱਖ ਮਸਲੇ ਅਜੇ ਤੱਕ ਹੱਲ ਨਹੀਂ ਹੋ ਸਕੇ। ਯੂਨੀਅਨ ਆਗੂਆਂ ਨੇ ਦੱਸਿਆ ਕਿ ਪੰਜਾਬ ਭਰ ਦੀਆਂ ਲਗਭਗ 54 ਹਜ਼ਾਰ ਆਂਗਨਵਾੜੀ ਵਰਕਰਾਂ ਅਤੇ ਹੈਲਪਰਾਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਗੁਜਰਾਤ

ਹਾਈਕੋਰਟ ਦੇ ਫੈਸਲੇ ਅਨੁਸਾਰ ਵਰਕਰਾਂ ਨੂੰ ਗ੍ਰੇਡ-3 ਅਤੇ ਹੈਲਪਰਾਂ ਨੂੰ ਗ੍ਰੇਡ-4 ਦਾ ਦਰਜਾ ਦੇਣ ਜਾਂ ਘੱਟੋ-ਘੱਟ ਮੈਨੀਫੈਸਟੋ ਅਨੁਸਾਰ ਮਾਣਭੱਤਾ ਦੁੱਗਣਾ ਕਰਨ ਦੀ ਮੰਗ ਕੀਤੀ ਗਈ ਹੈ। ਰਾਸ਼ਟਰੀ ਸਿੱਖਿਆ ਨੀਤੀ 2020 ਦਾ ਹਵਾਲਾ ਦਿੰਦਿਆਂ ਯੂਨੀਅਨ ਨੇ ਮੰਗ ਕੀਤੀ ਕਿ 0 ਤੋਂ 6 ਸਾਲ ਤੱਕ ਦੇ ਬੱਚਿਆਂ ਦੀ ਪ੍ਰੀ-ਸਕੂਲ ਸਿੱਖਿਆ ਆਂਗਣਵਾੜੀ ਕੇਂਦਰਾਂ ਰਾਹੀਂ ਹੀ ਦਿੱਤੀ ਜਾਵੇ ਅਤੇ ਵਰਕਰਾਂ ਨੂੰ ਐੱਨਟੀਟੀ ਅਧਿਆਪਕਾਂ ਦੇ ਸਮਾਨ ਦਰਜਾ ਮਿਲੇ। ਇਸ ਤੋਂ ਇਲਾਵਾ, ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਗ੍ਰੈਚੂਟੀ ਲਾਗੂ ਕਰਨ ਦੀ ਮੰਗ ਵੀ ਦੁਹਰਾਈ ਗਈ। ਪੋਸ਼ਣ ਟਰੈਕ ਐਪ ਸਬੰਧੀ ਯੂਨੀਅਨ ਨੇ ਕਿਹਾ ਕਿ ਨਿੱਜੀ ਮੋਬਾਇਲਾਂ ਨਾਲ ਕੰਮ ਕਰਾਉਣਾ ਨਿਆਂ ਸੰਗਤ ਨਹੀਂ। ਇਸ ਲਈ ਸਰਕਾਰੀ ਤੌਰ 'ਤੇ ਮੋਬਾਇਲ ਜਾਂ ਲੈਪਟਾਪ ਤੇ ਵਾਈ-ਫਾਈ ਦੀ ਸਹੂਲਤ ਦਿੱਤੀ ਜਾਵੇ। ਜਸਵਿੰਦਰ ਕੌਰ ਅਜਨਾਲਾ ਦੀ ਬਰਖਾਸਤਗੀ ਨੂੰ ਗੈਰ-ਇਨਸਾਫੀ ਕਰਾਰ ਦਿੰਦਿਆਂ ਉਸ ਦੀ ਤੁਰੰਤ ਬਹਾਲੀ ਦੀ ਮੰਗ ਕੀਤੀ ਗਈ। ਯੂਨੀਅਨ ਨੇ ਚੇਤਾਵਨੀ ਦਿੱਤੀ ਕਿ ਜੇ ਮੰਗਾਂ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਆਂਗਨਵਾੜੀ ਮੁਲਾਜ਼ਮ ਸੰਘਰਸ਼ ਦਾ ਰਾਹ ਅਪਣਾਉਣ ਲਈ ਮਜ਼ਬੂਰ ਹੋਣਗੇ। ਇਸ ਮੌਕੇ ਗੁਰਮੀਤ ਕੌਰ ਆਂਗਨਵਾੜੀ ਵਰਕਰ ਪੀਰ ਖਾਂ ਸ਼ੇਖ, ਰਜਨੀ ਬਾਲਾ ਆਂਗਨਵਾੜੀ ਵਰਕਰ ਤੇ ਹੋਰ ਯੂਨੀਅਨ ਦੀਆਂ ਆਂਗਨਵਾੜੀ ਵਰਕਰਾਂ ਹਾਜ਼ਰ ਸੀ।

ਬੰਦੀ ਸਿੰਘਾਂ ਦੀ ਰਿਹਾਈ ਲਈ ਮੋਦੀ ਦੇ ਫੂਕੇ ਪੁਤਲੇ

ਮੋਗਾ, (ਇਕਬਾਲ ਸਿੰਘ ਖਹਿਰਾ, ਲਵਲੀ ਕੁਮਾਰ) ਕੌਮੀ ਇਨਸਾਫ ਮੋਰਚੇ ਦੇ ਸੱਦੇ ਤਹਿਤ ਕਿਰਤੀ ਕਿਸਾਨ ਯੂਨੀਅਨ ਵੱਲੋਂ 26 ਜਨਵਰੀ ਗਣਤੰਤਰ ਦਿਵਸ

ਕਾਲੇ ਦਿਨ ਵਜੋਂ ਮਨਾਇਆ ਗਿਆ, ਕਿਉਂਕਿ ਸ਼ਜਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਤੇ ਸਿਆਸੀ ਕੈਦੀ ਨੂੰ ਅੱਜ ਤੱਕ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਰਿਹਾਅ ਨਹੀਂ ਕੀਤਾ ਗਿਆ।ਕੇਂਦਰ ਦੀ ਮੋਦੀ ਸਰਕਾਰ ਹਮੇਸ਼ਾਂ ਹੀ ਘੱਟ ਗਿਣਤੀਆਂ ਨਾਲ ਧੱਕਾ ਕਰਦੀ ਆਈ ਹੈ ਤੇ ਜਮਹੂਰੀ ਹੱਕਾਂ ਦਾ ਘਾਣ ਕਰਦੀ ਰਹੀ ਹੈ।ਇਸ ਦੀ ਮਿਸਾਲ 1984 'ਚ ਦਿੱਲੀ ਵਿੱਚ ਹੋਏ ਸਿੱਖ ਕਤਲੇਆਮ ਦੇ ਦੋਸ਼ੀ ਰਿਹਾਅ ਕਰ ਦਿੱਤੇ ਗਏ ਹਨ, ਪ੍ਰੰਤੂ ਘੱਟ ਗਿਣਤੀਆਂ ਨਾਲ ਹਮੇਸ਼ਾਂ ਧੱਕਾ ਹੀ ਹੁੰਦਾ ਰਿਹਾ ਹੈ।ਇਸ ਲਈ ਕਿਰਤੀ ਕਿਸਾਨ ਯੂਨੀਅਨ ਵੱਲੋਂ ਕੇਂਦਰ ਦੀ ਭਾਜਪਾ ਸਰਕਾਰ ਦੇ ਖਿਲਾਫ਼ ਬਲਾਕ ਨਿਹਾਲ ਸਿੰਘ ਵਾਲਾ ਦੇ ਪਿੰਡ ਮੱਲੇਆਣਾ, ਮਾਛੀਕੇ, ਦੌਧਰ ਸ਼ਰਕੀ, ਖਾਈ ਤੇ ਲੋਪੋ ਵਿੱਚ ਰੋਸ਼ ਪ੍ਰਦਰਸ਼ਨ ਕਰਕੇ ਮੋਦੀ ਤੇ ਅਮਿਤ ਸ਼ਾਹ ਦੇ ਪੁਤਲੇ ਫੂਕ ਕੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ ਤੇ ਬੰਦੀ ਸਿੰਘਾਂ ਤੇ ਸਿਆਸੀ ਕੈਦੀ ਨੂੰ ਰਿਹਾਅ ਕਰਨ ਦੀ ਪੁਰਜ਼ੋਰ ਮੰਗ ਕੀਤੀ ਗਈ।ਰੋਸ ਵਜੋਂ ਲੋਕਾਂ ਵੱਲੋਂ ਆਪਣੇ ਘਰਾਂ ਤੇ ਕਾਲੇ ਝੰਡੇ ਵੀ ਲਹਿਰਾਏ ਗਏ। ਇਸ ਦੌਰਾਨ ਵੱਡੀ ਗਿਣਤੀ ਵਿੱਚ ਨਗਰ ਨਿਵਾਸੀਆਂ ਤੇ ਔਰਤਾਂ ਨੇ ਸ਼ਮੂਲੀਅਤ ਕੀਤੀ।

ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਦੀ ਮੀਟਿੰਗ ਹੋਈ

ਰਾਮਪੁਰਾ ਫੂਲ (ਦਰਸ਼ਨ ਜਿੰਦਲ) ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਰਾਮਪੁਰਾ ਫੂਲ ਦੀ ਮੀਟਿੰਗ ਡਾਕਟਰ ਨਿਰਮਲ ਸਿੰਘ ਚਾਓਕੇ ਪ੍ਰਧਾਨ ਦੀ ਹਾਜ਼ਰੀ ਵਿੱਚ ਹੋਈ।ਸਟੇਜ ਦੀ ਕਾਰਵਾਈ ਸੈਕਟਰੀ ਡਾਕਟਰ ਦੇਵ ਰਾਜ ਨੇ ਨਿਭਾਈ, ਜਿਸ 'ਚ ਇਸ ਮਹੀਨੇ ਵਿੱਛੜੀਆਂ ਰੂਹਾਂ ਨੂੰ ਯਾਦ ਕੀਤਾ ਗਿਆ। ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ 'ਤੇ ਵਧਾਈਆਂ ਦਿੱਤੀਆਂ ਗਈਆਂ ਤੇ ਸਾਨੂੰ ਗੁਰੂਆਂ ਦੇ ਦੱਸੇ ਸੱਚ ਦੇ ਮਾਰਗ 'ਤੇ ਚੱਲਣ ਲਈ ਤੇ ਮਾਨਵਤਾ ਦੀ ਸੇਵਾ 'ਚ ਹਰ ਸਮੇਂ ਤਿਆਰ ਰਹਿਣ ਲਈ ਕਿਹਾ ਗਿਆ।ਡਾਕਟਰ ਚਮਕੌਰ ਸਿੰਘ ਮਾਨ ਨੇ ਆਪਣੇ ਵਿਚਾਰ ਪੇਸ਼ ਕਰਦੇ ਹੋਏ ਕਿਹਾ ਸਾਥੀਆਂ ਦੀਆਂ ਸਮੱਸਿਆ ਵੱਲ ਧਿਆਨ ਦਿੱਤਾ ਜਾਵੇ। ਸਰਕਾਰ ਵੱਲੋਂ ਸਾਡੇ ਨਾਲ ਕੀਤੇ ਵਾਅਦੇ ਯਾਦ ਕਰਾਏ ਜਾਣ 'ਤੇ ਹੱਲ ਕਰਾਏ ਜਾਣ।ਸਟੇਟ ਆਗੂ ਡਾਕਟਰ ਐਚ ਐਸ ਰਾਣੂੰ ਬਠਿੰਡਾ ਇਸ ਮੀਟਿੰਗ 'ਚ ਵਿਸ਼ੇਸ਼ ਤੌਰ 'ਤੇ ਪਹੁੰਚੇ ਸਨ। ਡਾ. ਮਲਕੀਤ ਸਿੰਘ ਨੇ ਆਪਣੇ ਵਿਚਾਰ ਪੇਸ਼ ਕਰਦੇ ਹੋਏ ਕਿਹਾ ਕਿ ਸਾਰੇ ਡਾਕਟਰ ਸਾਥੀਆਂ ਨੂੰ ਲੋੜਮੰਦ ਸਾਥੀਆਂ ਦੀ ਮੱਦਦ ਜ਼ਰੂਰ ਕੀਤੀ ਜਾਵੇ ਤੇ ਸਾਥੀਆਂ ਦੀ ਗਿਣਤੀ ਵਧਾਉਣ ਵਾਸਤੇ ਵੀ ਵਿਚਾਰ ਪੇਸ਼ ਕੀਤੇ ਗਏ।ਡਾਕਟਰ ਦਰਸ਼ਨ ਸਿੰਘ ਭਾਈਰੂਪਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।ਡਾ. ਰਵੇਲ ਸਿੰਘ ਮਹਿਰਾਜ ਨੇ ਆਪਣੇ ਵਿਚਾਰ ਸਾਂਝੇ ਕੀਤੇ ਤੇ ਡਾਕਟਰ ਸਾਥੀਆਂ ਨੂੰ ਮੀਟਿੰਗ 'ਚ ਗਿਣਤੀ ਵਧਾਉਣ ਲਈ ਕਿਹਾ ਗਿਆ ਤੇ ਸਾਫ਼ ਸੁਥਰੀ ਤੇ ਨਸ਼ੇ ਤੋਂ ਰਹਿਤ ਪ੍ਰੈਕਟਿਸ ਕਰਨ ਲਈ ਕਿਹਾ ਗਿਆ।

ਡਾਕਟਰ ਕੌਰ ਸਿੰਘ ਫੂਲ ਕੈਸ਼ੀਅਰ ਨੇ ਯੂਨੀਅਨ ਦੇ ਹਿਸਾਬ-ਕਿਤਾਬ ਬਾਰੇ ਦੱਸਿਆ ਤੇ ਸਮਾਜ ਵਿੱਚ ਫੈਲੀਆਂ ਮਾੜੀਆਂ ਕੁਰੀਤੀਆਂ ਦਾ ਡਟ ਕੇ ਵਿਰੋਧ ਕਰਨ ਲਈ ਕਿਹਾ। ਡਾ. ਜਗਤਾਰ ਸਿੰਘ ਫੂਲ ਨੇ ਕਿਹਾ ਕਿ ਸਾਨੂੰ ਰਲ-ਮਿਲ ਕੇ ਜਥੇਬੰਦੀ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ ਤਾਂ ਜੁ ਆਉਣ ਵਾਲੇ ਸਮੇਂ ਵਿੱਚ ਸਾਨੂੰ ਕੋਈ ਮੁਸ਼ਕਲ ਨਾ ਆਵੇ ਤੇ ਸਰਕਾਰ ਨੂੰ ਸਾਡੇ ਨਾਲ ਕੀਤੇ ਵਾਅਦੇ ਪੂਰੇ ਕਰਨ ਲਈ ਕਿਹਾ ਗਿਆ। ਡਾਕਟਰ ਨਿਰਮਲ ਸਿੰਘ ਪ੍ਰਧਾਨ ਨੇ ਸਾਰੇ ਸਾਥੀਆਂ ਦਾ ਮੀਟਿੰਗ 'ਚ ਪਹੁੰਚਣ ਤੇ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ।ਡਾਕਟਰ ਜਗਤਾਰ ਸਿੰਘ ਫੂਲ, ਡਾਕਟਰ ਕੌਰ ਸਿੰਘ ਫੂਲ, ਡਾਕਟਰ ਹਰਜਿੰਦਰ ਸਿੰਘ ਭਾਈ ਰੂਪਾ ਤੇ ਨਵੇਂ ਆਏ ਡਾਕਟਰ ਸਾਥੀਆਂ ਨੂੰ ਜੀ ਆਇਆਂ ਕਿਹਾ ਗਿਆ।

ਅਕਸ ਰੰਗਮੰਚ ਵੱਲੋਂ ਹੋਵੇਗਾ 'ਇੱਕ ਸੀ ਜਲਪਰੀ' ਦਾ ਮੰਚ

ਦੋਰਾਹਾ, (ਹਰਮਿੰਦਰ ਸੇਠ) ਅਕਸ ਰੰਗਮੰਚ ਸਮਰਾਲਾ ਵੱਲੋਂ ਰਾਮਗੜ੍ਹੀਆ ਭਵਨ ਦੇ ਮੰਚ 'ਤੇ ਨਾਟਕ 'ਇਕ ਸੀ ਜਲਪਰੀ' ਦੀ ਸਜੀਵ ਮੰਚ ਸਜਾਵਟ ਕੀਤੀ ਜਾ ਰਹੀ ਹੈ।ਇਹ ਨਾਟਕ ਰੰਗਮੰਚੀ ਅਭਿਵੈਕਤੀ ਰਾਹੀਂ ਸਮਾਜਿਕ ਸੰਵੇਦਨਾਵਾਂ ਨੂੰ ਦਰਸ਼ਕਾਂ ਤੱਕ ਪੁਚਾਉਣ ਦਾ ਇੱਕ ਯਤਨ ਹੈ।ਨਾਟਕ ਦੇ ਲੇਖਕ ਤੇ ਨਿਰਦੇਸ਼ਕ ਪ੍ਰਸਿੱਧ ਰੰਗਕਰਮੀ ਰਾਜਵਿੰਦਰ ਸਮਰਾਲਾ ਹਨ, ਜੋ

29-Jan-PAGE-3.qxd 1/28/2026 9:37 PM Page 1

ਐੱਸਕੇਐੱਮ ਦੇ ਸੱਦੇ 'ਤੇ ਕਿਸਾਨਾਂ ਨੇ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ 'ਚ ਟਰੈਕਟਰ ਮਾਰਚ ਕੱਢਿਆ

ਛੇਹਰਟਾ, (ਮਨੋਜ ਕੁਮਾਰ)

26 ਜਨਵਰੀ 2021 ਦਿੱਲੀ ਮੋਰਚੇ ਦੀ ਟਰੈਕਟਰ ਪਰੇਡ ਦੀ ਪੰਜਵੀਂ ਵਰ੍ਹੇਗੰਢ 'ਤੇ ਸੰਯੁਕਤ ਕਿਸਾਨ ਮੋਰਚੇ ਦੇ ਦੇਸ਼ ਵਿਆਪੀ ਸੱਦੇ 'ਤੇ ਕੇਂਦਰ ਸਰਕਾਰ ਵੱਲੋਂ ਲਿਆਂਦੇ ਘਾਤਕ ਬਿਜਲੀ ਸੋਧ ਬਿੱਲ 2026 ਤੇ ਬੀਜ ਬਿੱਲ 2026, ਮਜ਼ਦੂਰ ਵਿਰੋਧੀ ਚਾਰ ਕੋਡਾਂ ਤੇ ਮਨਰੇਗਾ ਦਾ ਸਵਰੂਪ ਬਦਲਣ ਖ਼ਿਲਾਫ਼ ਟਰੈਕਟਰ ਮਾਰਚ ਕੀਤਾ ਗਿਆ। ਇਨ੍ਹਾਂ ਕਾਲੇ ਬਿੱਲਾਂ ਨੂੰ ਰੱਦ ਕਰਵਾਉਣ ਲਈ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਸੰਗਤਪੁਰਾ ਤੋਂ ਮਾਸਟਰ ਅਮਰੀਕ ਸਿੰਘ, ਝੰਡੇਰ ਤੋਂ ਸਤਨਾਮ ਸਿੰਘ, ਤਿੰਨਾਂ ਛੀਨਿਆਂ ਤੋਂ ਹਰਪਾਲ ਸਿੰਘ ਛੀਨਾ ਤੇ ਕਾਬਲ ਸਿੰਘ ਛੀਨਾ, ਪਿੰਡ ਸੈਂਸਰਾ ਤੋਂ ਸੁਖਦੇਵ ਸਿੰਘ, ਚੇਤਨਪੁਰਾ ਤੋਂ ਟਹਿਲ ਸਿੰਘ, ਪਿੰਡ ਦੁਧਰਾਏ ਤੋਂ ਹਰਜਿੰਦਰ ਸਿੰਘ, ਪਿੰਡ ਜੱਸੜ ਤੋਂ ਅਵਤਾਰ ਸਿੰਘ, ਬੱਗੇ ਕਲਾਂ ਤੋਂ ਤੇਜਬੀਰ ਸਿੰਘ ਭੋਲਾ ਸਰਪੰਚ, ਕਾਮਲਪੁਰੇ ਤੋਂ ਤਰਸੇਮ ਸਿੰਘ, ਪਿੰਡ ਤੋਲੇ ਨੰਗਲ ਤੋਂ ਕੁਲਵੰਤ ਸਿੰਘ, ਬਲਤੇਜ ਸਿੰਘ ਦਿਆਲਪੁਰਾ, ਪਿੰਡ ਕੜਿਆਲ ਤੋਂ ਮੇਜਰ ਸਿੰਘ, ਅਮਰਜੀਤ ਸਿੰਘ ਹਰੜ ਖੁਰਦ, ਪਿੰਡ ਮਲਕਪੁਰ ਤੋਂ ਲਵਜੀਤ ਸਿੰਘ, ਪਿੰਡ ਡਿਆਲ ਭੱਟੀ ਤੋਂ ਬਲਵਿੰਦਰ ਸਿੰਘ, ਸਤਵਿੰਦਰ ਸਿੰਘ ਓਠੀਆਂ, ਦੇਸਾ ਸਿੰਘ ਭਿੰਡੀ ਔਲਖ, ਸਰਪੰਚ ਬਲਕਾਰ ਸਿੰਘ ਜੋਸ ਮੁਹਾਰ, ਸਰਪੰਚ ਅਵਤਾਰ ਸਿੰਘ ਤੇ ਹਰਨੇਕ ਸਿੰਘ ਨੇਪਾਲ, ਬਲਕਾਰ ਸਿੰਘ ਗੁਲਗੜ੍ਹ, ਜੱਗਾ ਸਿੰਘ ਡੱਲਾ, ਪਿੰਡ ਤੇੜਾਂ ਰਾਜਪੂਤਾਂ ਤੋਂ ਸਾਬਕਾ ਸਰਪੰਚ ਲਖਬੀਰ ਸਿੰਘ ਤੇ ਸਾਬਕਾ ਥਾਣੇਦਾਰ ਲਖਬੀਰ ਸਿੰਘ ਦੀ ਅਗਵਾਈ 'ਚ ਸੈਂਕੜੇ ਟਰੈਕਟਰ ਇਲਾਕੇ ਦੇ ਵੱਖ-ਵੱਖ ਪਿੰਡਾਂ ਤੋਂ ਹੁੰਦੇ

ਹੋਏ ਅਜਨਾਲਾ ਦੇ ਮਹਿਲ ਬੁਖ਼ਾਰੀ ਚੌਕ ਵਿਚ ਪੁੱਜੇ। ਇੱਥੇ ਜੁੜੇ ਕਿਸਾਨਾਂ-ਮਜ਼ਦੂਰਾਂ ਦੇ ਵਿਸ਼ਾਲ ਇਕੱਠ ਨੂੰ ਐੱਸਕੇਐੱਮ ਦੀਆਂ ਜਥੇਬੰਦੀਆਂ ਦੇ ਪ੍ਰਮੁੱਖ ਆਗੂਆਂ ਜਮਹੂਰੀ ਕਿਸਾਨ ਪੰਜਾਬ ਦੇ ਸੂਬਾ ਪ੍ਰਧਾਨ ਤੇ ਐੱਸਕੇਐੱਮ ਦੇ ਪ੍ਰਮੁੱਖ ਆਗੂ ਡਾ. ਸਤਨਾਮ ਸਿੰਘ ਅਜਨਾਲਾ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਜਤਿੰਦਰ ਸਿੰਘ ਛੀਨਾ, ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੀਨੀਅਰ ਸੂਬਾਈ ਆਗੂ ਧਨਵੰਤ ਸਿੰਘ ਖਤਰਾਏ ਕਲਾਂ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਸੀਨੀਅਰ ਆਗੂ ਸੁੱਚਾ ਸਿੰਘ ਅਜਨਾਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਆਰਐੱਸਐੱਸ-ਬੀਜੇਪੀ ਦੀ ਮੋਦੀ ਸਰਕਾਰ ਜਿਹੜਾ ਵੀ ਕੰਮ ਕਰਦੀ ਹੈ, ਉਹ ਦੇਸ਼, ਕਿਸਾਨ ਤੇ ਮਜ਼ਦੂਰ ਵਿਰੋਧੀ ਅਤੇ ਕਾਰਪੋਰੇਟ ਪੱਖੀ ਹੁੰਦਾ ਹੈ! ਉਕਤ ਆਗੂਆਂ ਨੇ ਕਿਹਾ ਕਿ ਬਿਜਲੀ ਬਿੱਲ ਪਾਸ ਹੋਣ ਨਾਲ ਬਿਜਲੀ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਹੋ ਜਾਵੇਗੀ ਤੇ ਮੁੜ ਘਰਾਂ ਵਿਚ ਹਨੇਰਾ ਛਾ ਜਾਵੇਗਾ। ਇਸ ਤਰ੍ਹਾਂ ਬੀਜ ਬਿੱਲ ਮੋਦੀ ਸਰਕਾਰ ਲਿਆ ਕੇ ਸਮੁੱਚਾ ਬੀਜ ਕਾਰੋਬਾਰ ਦੇਸੀ ਤੇ ਵਿਦੇਸ਼ਾਂ ਕੰਪਨੀਆਂ ਦੇ ਹਵਾਲੇ ਕਰਨਾ ਚਾਹੁੰਦੀ ਹੈ ਜਿਸ ਨਾਲ ਦੇਸ਼ ਦੀ ਖੇਤੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਵੇਗੀ। ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਸਮੇਤ ਦੇਸ਼ ਵਿਚ ਪਹਿਲਾਂ ਹੀ ਬੇਸ਼ੁਮਾਰ ਬੇਰੁਜ਼ਗਾਰੀ ਹੈ। ਪੇਂਡੂ ਖੇਤਰਾਂ ਵਿਚ ਜਿਹੜਾ ਥੋੜ੍ਹਾ ਬਹੁਤ ਮਨਰੇਗਾ ਸਕੀਮ ਹੇਠ ਰੁਜ਼ਗਾਰ ਮਿਲਦਾ ਸੀ, ਉਹ ਵੀ ਮਨਰੇਗਾ ਸਕੀਮ ਦੀ ਭੰਨ ਤੋੜ ਹੋਣ ਨਾਲ ਜਾਂਦਾ ਰਹੇਗਾ। ਦਿਹਾੜੀ ਜੋ ਅੱਠ ਘੰਟੇ ਦੀ ਸੀ, ਨੂੰ ਅੱਜ ਮੋਦੀ ਸਰਕਾਰ ਵੱਲੋਂ ਦੇਸੀ ਤੇ ਵਿਦੇਸ਼ੀ ਕਾਰਪੋਰੇਟ ਘਰਾਣਿਆਂ ਅਤੇ ਵੱਡੇ ਕਾਰਖਾਨੇਦਾਰਾਂ ਦੇ ਮੁਨਾਫੇ ਹੋਰ ਵਧਾਉਣ ਲਈ 12 ਘੰਟੇ ਕਰ ਦਿੱਤੀ ਹੈ। ਰੈਲੀ 'ਚ ਸ਼ਾਮਿਲ ਲੋਕਾਂ ਨੇ ਪ੍ਰਣ ਲਿਆ ਕਿ ਜਿੰਨਾ ਚਿਰ ਇਹ ਚਾਰ ਦੇਸ਼ ਵਿਰੋਧੀ ਬਿੱਲ ਖ਼ਤਮ ਨਹੀਂ ਹੁੰਦੇ, ਓਨਾ ਚਿਰ ਸੰਘਰਸ਼ ਜਾਰੀ ਰਹੇਗਾ।

ਗੁਰੂ ਗੋਬਿੰਦ ਸਿੰਘ 'ਵਰਸਿਟੀ ਕਾਲਜ ਵਿਖੇ ਮਨਾਇਆ ਗਣਤੰਤਰ ਦਿਵਸ

ਗੁਰਾਇਆ (ਬਿੰਦਰ ਸੁੰਮਨ)-ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਮੰਜਕੀ ਵਿਖੇ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਦੀ ਰਹਿਨੁਮਾਈ ਤੇ ਐੱਨ ਐੱਸ ਐੱਸ ਵਿਭਾਗ ਵੱਲੋਂ 77ਵਾਂ ਗਣਤੰਤਰ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਕਾਲਜ ਦੇ ਪ੍ਰਿੰਸੀਪਲ ਜੌਹਲ ਵੱਲੋਂ ਤਿਰੰਗਾ ਝੰਡਾ ਲਹਿਰਾਉਣ ਨਾਲ ਹੋਈ, ਉਪਰੰਤ ਰਾਸ਼ਟਰੀ ਗਾਣ ਗਾਇਨ ਕੀਤਾ ਗਿਆ। ਪ੍ਰਿੰਸੀਪਲ ਸਾਹਿਬ ਨੇ ਕਿਹਾ ਕਿ ਅਸੋਕੀ ਨੌਜਵਾਨ ਪੀੜ੍ਹੀ ਨੂੰ ਸੰਵਿਧਾਨ ਵੱਲੋਂ ਨਿਰਧਾਰਿਤ ਫ਼ਰਜ਼ਾਂ ਤੇ ਹੱਕਾਂ ਸਬੰਧੀ ਕਾਨੂੰਨਾਂ ਦੀ ਜਾਣਕਾਰੀ ਅਤੇ ਉਨ੍ਹਾਂ ਦੀ ਸਹੀ ਵਰਤੋਂ ਦੀ ਸਮਝ ਰੱਖਣੀ ਚਾਹੀਦੀ ਹੈ ਹੁਣ ਸਾਡੇ ਸਾਰਿਆਂ ਦਾ ਕਰਤੱਵ ਬਣਦਾ ਹੈ ਕਿ ਬਲੀਦਾਨਾਂ ਤੇ ਘਾਲਣਾ ਦੇ ਮੁੱਲ ਨੂੰ ਸਮਝਿਆ ਜਾਵੇ ਤੇ ਦੇਸ਼ ਦੇ ਮਾਣ ਦੀ ਰੱਖਿਆ ਕੀਤੀ ਜਾਵੇ। ਅੰਤ ਵਿੱਚ ਪ੍ਰਿੰਸੀਪਲ ਸਾਹਿਬ ਨੇ ਸਭ ਨੂੰ ਗਣਤੰਤਰ ਦਿਵਸ ਦੀਆਂ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ। ਪ੍ਰੋਗਰਾਮ ਨੂੰ ਐਨ ਐਸ ਐਸ. ਵਿਭਾਗ, ਅਧਿਆਪਕ ਤੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਸਫ਼ਲਤਾਪੂਰਕ ਸੰਪੰਨ ਕੀਤਾ ਗਿਆ।

ਸਮਾਜਿਕ ਬੁਰਾਈਆਂ ਖਿਲਾਫ ਚੰਗੇ ਲੋਕਾਂ ਦਾ ਅੱਗੇ ਆਉਣਾ ਸਮੇਂ ਦੀ ਲੋੜ : ਪ੍ਰੋ. ਕੋਟ ਮੁੰਹਮਦ ਖਾਂ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)

ਪੰਜਾਬ ਅਤੇ ਪੰਜਾਬੀਅਤ ਨੂੰ ਅੱਜ ਬਹੁਤ ਵੱਡੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਹਰ ਖੇਤਰ ਵਿਚ ਸਮਾਜਿਕ, ਰਾਜਨੀਤੀ, ਧਾਰਮਿਕ ਅਤੇ ਸੱਭਿਆਚਾਰਕ ਖ਼ੇਤਰ ਵਿਚ ਚੰਗੇ ਲੋਕਾਂ ਨੂੰ ਅੱਗੇ ਆਉਣਾ ਪਵੇਗਾ ਨਹੀਂ ਤਾਂ ਅਸੀਂ ਆਉਣ ਵਾਲੀਆਂ ਪੀੜ੍ਹੀਆਂ ਸਾਨੂੰ ਸਵਾਲ ਕਰਨਗੀਆਂ ਕਿ ਅਸੀਂ ਉਨ੍ਹਾਂ ਲਈ ਕੀ ਕੀਤਾ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰੋਫੈਸਰ ਹਰਪ੍ਰੀਤ ਸਿੰਘ ਕੋਟ ਮੁੰਹਮਦ ਖਾਂ ਨੇ ਹਲਕਾ ਖਡੂਰ ਸਾਹਿਬ ਦੇ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਕੀਤਾ।ਉਨ੍ਹਾਂ ਨੇ ਕਿਹਾ ਕਿ ਅੱਜ ਹਲਕਾ ਖਡੂਰ ਸਾਹਿਬ ਵਿੱਚ ਅਸੀਂ ਪੰਜਾਬ ਦਾ ਦਰਦ ਰੱਖਣ ਵਾਲੇ ਲੋਕਾਂ ਨੂੰ ਪਿੰਡ ਪਿੰਡ ਨੁੱਕੜ ਮੀਟਿੰਗਾਂ ਕਰਕੇ ਇੱਕਮੁੱਠ ਹੋਣ ਦਾ ਸੱਦਾ ਦੇ ਰਹੇ ਹਾਂ, ਲਗਾਤਾਰ ਵੱਖ-ਵੱਖ ਪਿੰਡਾਂ ਵਿੱਚੋਂ ਸਾਨੂੰ ਲੋਕਾਂ ਵਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਅਸੀਂ ਸਾਰੇ ਚਾਹੁੰਦੇ ਹਾਂ ਕਿ ਹਰ ਖੇਤਰ ਵਿੱਚ ਚੰਗੇ ਲੋਕਾਂ ਨੂੰ ਅੱਗੇ ਲੈ ਕੇ ਆਈਏ ਤਾਂ ਜੋ ਨਸ਼ਾ, ਜਾਤ ਪਾਤ ਦੇ ਪਾੜੇ, ਜਵਾਨੀ, ਕਿਸਾਨੀ ਮਸਲੇ, ਛੋਟੇ ਦੁਕਾਨਦਾਰਾਂ ਦੀਆਂ ਸਮੱਸਿਆਂਵਾਂ, ਗੈਂਗਸਟਰਵਾਦ ਆਦਿ ਸਮੱਸਿਆਵਾਂ ਦਾ ਹੱਲ ਸਾਰੇ ਰਲਮਿਲ ਕੇ ਕਰ ਸਕੀਏ।ਸਾਨੂੰ ਇਲਾਕੇ ਵਿੱਚ ਸਮਾਜਿਕ ਬੁਰਾਈਆਂ ਖਿਲਾਫ ਲੋਕ ਲਹਿਰ ਉਸਾਰਨ ਦੀ ਲੋੜ ਹੈ।ਇਸ ਲਈ ਜਿੱਥੇ ਸਾਡੀ ਟੀਮ ਦਿਨ ਰਾਤ ਕੰਮ ਕਰ

ਰਹੀ ਹੈ, ਉਥੇ ਅਸੀਂ ਬਾਕੀ ਸਾਰੀਆਂ ਜਥੇਬੰਦੀਆਂ ਨੂੰ ਨਾਲ ਲੈ ਕੇ ਚੱਲਣ ਦਾ ਯਤਨ ਕਰਾਂਗੇ।ਇਸੇ ਟੀਚੇ ਨੂੰ ਲੈ ਕੇ ਪਿੰਡ ਰਾਣੀਵਲਾਹ, ਪਿੰਡ ਘੜਕਾ, ਪਿੰਡ ਪੱਖੋਪੁਰ ਦੇ ਸੈਂਕੜੇ ਸਾਥੀਆਂ ਨੇ ਇੱਕਮੁੱਠ ਹੋ ਕੇ ਇਲਾਕੇ ਲਈ ਕੰਮ ਕਰਨ ਦਾ ਪ੍ਰਣ ਲਿਆ।ਇਸ ਮੌਕੇ ਬਿਕਰਮਜੀਤ ਸਿੰਘ, ਜਗਤਾਰ ਸਿੰਘ, ਸੇਵਕ ਸਿੰਘ ਮੱਲ੍ਹੀ, ਪ੍ਰਤਾਪ ਸਿੰਘ, ਨਰਿੰਦਰ ਸਿੰਘ ਫੌਜੀ, ਹਰਪ੍ਰੀਤ ਸਿੰਘ, ਡਾ. ਜਸਪਾਲ ਸਿੰਘ, ਬਲਵਿੰਦਰ ਸਿੰਘ, ਮੈਂਬਰ ਕਰਨੈਲ ਸਿੰਘ, ਜੱਥੇਦਾਰ ਜਸਵਿੰਦਰ ਸਿੰਘ, ਮੈਂਬਰ ਦਲਜੀਤ ਸਿੰਘ, ਗੁਰਨਾਮ ਸਿੰਘ, ਗੁਰਬੀਰ ਸਿੰਘ, ਠੇਕੇਦਾਰ ਅਰਜੁਨ ਸਿੰਘ ਆਦਿ ਹਾਜ਼ਰ ਸਨ।

ਐਵਲੋਨ ਸੀਨੀਅਰ ਸੈਕੰਡਰੀ ਸਕੂਲ ਵਿਖੇ ਮਨਾਇਆ ਰਾਸ਼ਟਰੀ ਵੋਟਰ ਦਿਵਸ

ਪਠਾਨਕੋਟ, (ਦਵਿੰਦਰ ਸਿੰਘ)

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਅਤੇ ਡਾ. ਪੱਲਵੀ ਡਿਪਟੀ ਕਮਿਸ਼ਨਰ ਪਠਾਨਕੋਟ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਚੋਣ ਦਫਤਰ ਪਠਾਨਕੋਟ ਵੱਲੋਂ ਐਵਲੋਨ ਸੀਨੀਅਰ ਸੈਕੰਡਰੀ ਸਕੂਲ ਪਠਾਨਕੋਟ ਵਿਖੇ 16ਵਾਂ ਰਾਸ਼ਟਰੀ ਵੋਟਰ ਦਿਵਸ ਮਨਾਇਆ

ਗਿਆ। ਇਸ ਮੌਕੇ ਸੰਜੀਵ ਸ਼ਰਮਾ ਵਧੀਕ ਡਿਪਟੀ ਕਮਿਸ਼ਨਰ (ਜ) ਮੁੱਖ ਮਹਿਮਾਨ ਵਜੋਂ ਅਤੇ ਵਿਕਰਮਜੀਤ ਸਹਾਇਕ ਕਮਿਸ਼ਨਰ ਜਨਰਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਸਮਾਰੋਹ ਦੀ ਪ੍ਰਧਾਨਗੀ ਸਰਬਜੀਤ ਸਿੰਘ ਤਹਿਸੀਲਦਾਰ ਪਠਾਨਕੋਟ ਵੱਲੋਂ ਕੀਤੀ ਗਈ।ਮੁੱਖ ਮਹਿਮਾਨ ਦਾ ਸਵਾਗਤ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਪ੍ਰੀਤ ਸਿੰਘ ਭੂਮੀ ਰੱਖਿਆ ਅਫਸਰ, ਕਮਲਦੀਪ ਕੌਰ ਜ਼ਿਲ੍ਹਾ ਸਿੱਖਿਆ ਅਧਿਕਾਰੀ ਸੈਕੰਡਰੀ/ਐਲੀਮੈਂਟਰੀ, ਰਾਮ ਲੁਭਾਇਆ ਜਿਲ੍ਹਾ ਲੋਕ ਸੰਪਰਕ ਅਫਸਰ ਪਠਾਨਕੋਟ, ਯੁਗੇਸ਼ ਸਿੰਘ ਚੋਣ ਕਾਨੂੰਗੋ, ਅਰੁਣ ਕੁਮਾਰ ਖੇਡ ਕੋਆਰਡੀਨੇਟਰ ਸਿੱਖਿਆ ਵਿਭਾਗ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀ ਹਾਜਰ ਸਨ।ਮੁੱਖ ਮਹਿਮਾਨ ਸੰਜੀਵ ਸ਼ਰਮਾ ਵਧੀਕ ਡਿਪਟੀ ਕਮਿਸ਼ਨਰ (ਜ) ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦਾ ਦਿਨ ਵੋਟਰ ਜਾਗਰੂਕਤਾ ਅਤੇ ਨਵੇਂ ਵੋਟਰਾਂ ਦੀ ਰਜਿਸਟ੍ਰੇਸ਼ਨ ਕਰਨ ਹਿੱਤ ਅਤੇ ਵੱਧ ਤੋਂ ਵੱਧ ਮਤਦਾਨ ਕਰਨ ਲਈ ਪ੍ਰੇਰਿਤ ਕਰਨ ਲਈ ਮਨਾਇਆ ਜਾਂਦਾ ਹੈ।ਇਸ ਮੌਕੇ ਪੇਂਟਿੰਗ ਅਤੇ ਭਾਸ਼ਣ ਮੁਕਾਬਲਿਆਂ ਵਿੱਚ ਪਹਿਲੇ, ਦੂਜੇ ਤੇ ਤੀਜੇ ਸਥਾਨ 'ਤੇ ਰਹਿਣ ਵਾਲੇ ਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਤੋਂ ਇਲਾਵਾ ਜਿਨ੍ਹਾਂ ਅਧਿਕਾਰੀਆਂ ਵੱਲੋਂ ਚੋਣਾਂ ਦੇ ਦੌਰਾਨ ਅਤੇ ਨਵੇਂ ਵੋਟ ਬਣਾਉਣ ਵਿੱਚ ਅਪਣਾ ਸਹਿਯੋਗ ਦਿੱਤਾ ਗਿਆ ਉਨ੍ਹਾਂ ਅਧਿਕਾਰੀਆਂ ਨੂੰ ਯਾਦਗਾਰ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਸਕੂਲ ਦੇ ਬੱਚਿਆਂ ਵੱਲੋਂ ਰਾਸ਼ਟਰੀ ਵੋਟਰ ਦਿਵਸ ਤੇ ਭਾਸ਼ਣ, ਕਵਿਤਾ, ਗੀਤ, ਨੁਕੜ ਨਾਟਕ ਪੇਸ਼ ਕੀਤਾ ਗਿਆ। ਰਾਸ਼ਟਰੀ ਗੀਤ ਨਾਲ ਸਮਾਰੋਹ ਦੀ ਸਮਾਪਤੀ ਕੀਤੀ ਗਈ।ਇਸ ਮੌਕੇ ਲੋਕਤੰਤਰ ਦੀ ਮਰਿਆਦਾ ਨੂੰ ਕਾਇਮ ਰੱਖਣ ਅਤੇ ਨਿਰਪੱਖ ਹੋ ਕੇ ਵੋਟ ਪਾਉਣ ਦਾ ਵੋਟਰ ਪ੍ਰਣ ਵੀ ਦਿਵਾਇਆ ਗਿਆ।

ਹੈਲਪ-ਏ-ਚਾਇਲਡ ਆਫ ਇੰਡੀਆ ਦੇ ਲੋੜਵੰਦ ਬੱਚਿਆਂ ਨੂੰ ਕੰਪਿਊਟਰ ਭੇਟ

ਅੰਮ੍ਰਿਤਸਰ, (ਨ.ਜ਼.ਸ.)-26 ਜਨਵਰੀ ਨੂੰ ਸੰਜੇ ਗਾਂਧੀ ਕਲੋਨੀ ਵਿਖੇ ਹੈਲਪ-ਏ-ਚਾਇਲਡ ਆਫ ਇੰਡੀਆ ਦੇ ਅਧੀਨ ਚਲ ਰਹੇ ਬਹੁਤ ਹੀ ਗਰੀਬ ਬੱਚਿਆਂ ਦੇ ਸਕੂਲ ਵਿੱਚ ਪਵਨ ਭੱਟੀ ਅਤੇ ਰੇਖਾ ਭੱਟੀ (ਜਿਹੜੇ ਕਿ ਇਸ ਦੇ ਸੰਸਥਾਪਕ ਹਨ) ਅਤੇ ਸਟੇਟ ਕੋਆਰਡੀਨੇਟਰ ਵੀ ਹਨ, ਵੱਲੋਂ ਰਾਸ਼ਟਰੀ ਝੰਡਾ ਲਹਿਰਾਉਣ ਦੇ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦਾ ਆਗਾਜ਼ ਵਾਰਡ ਨੰਬਰ ਚਾਰ ਦੇ ਕੌਂਸਲਰ ਮਨਦੀਪ ਆਹੂਜਾ ਅਤੇ ਵਾਰਡ ਨੰਬਰ ਤਿੰਨ ਦੇ ਕੌਂਸਲਰ ਰਣਜੀਤ ਐਵੇਨਿਊ ਏ ਬਲਾਕ ਦੇ ਕੌਂਸਲਰ ਹਰਪਨ ਅੌਜਲਾ ਵੱਲੋਂ ਰਾਸ਼ਟਰੀ ਝੰਡਾ ਲਹਿਰਾ ਕੇ ਕੀਤਾ ਗਿਆ।ਇਸ ਮੌਕੇ ਤੇ ਡਾ. ਅਮਰਜੀਤ ਸਿੰਘ ਸੰਜੇ ਗਾਂਧੀ ਕਲੋਨੀ ਦੇ ਪ੍ਰਧਾਨ ਤਰਸੇਮ ਸਿੰਘ ਅਤੇ ਪੰਜਾਬ ਇਸਤਰੀ ਸਭਾ ਦੇ ਸੂਬਾ ਪ੍ਰਧਾਨ ਰਿਟਾਇਰਡ ਪ੍ਰਿੰ. ਰਜਿੰਦਰ ਪਾਲ ਕੌਰ ਨੇ ਅੱਜ ਦੇ ਦਿਨ ਬਾਰੇ ਆਪਣੇ ਵਿਚਾਰ ਰੱਖੇ। ਪਵਨ ਭੱਟੀ ਨੇ ਮਹਿਮਾਨਾਂ ਨਾਲ ਜਾਣ ਪਛਾਣ ਕਰਵਾਈ ਅਤੇ ਸਟੇਜ ਸੰਚਾਲਕ ਦੇ ਫਰਜ਼ ਨਿਭਾਏ।ਵਰਣਨਯੋਗ ਹੈ ਕਿ ਕੌਂਸਲਰ ਮਨਦੀਪ ਅਹੂਜਾ ਵੱਲੋਂ ਪੰਜ ਕੰਪਿਊਟਰ ਇਸ ਸੰਸਥਾ ਨੂੰ ਭੇਟ ਕੀਤੇ ਗਏ ਜੋ ਕਿ ਬਹੁਤ ਹੀ ਪਰਉਪਕਾਰੀ ਕੰਮ ਹੈ। ਲੈਬ ਦਾ ਉਦਘਾਟਨ ਸਾਰੇ ਮਹਿਮਾਨਾਂ ਨੇ ਮਿਲ ਕੇ ਕੀਤਾ ਅਤੇ ਵਾਅਦਾ ਕੀਤਾ ਕਿ ਉਹ ਸਮੇਂ ਸਮੇਂ ਇਸ ਸੰਸਥਾ ਦੀ ਹੋਰ ਵੀ ਮਦਦ ਕਰਦੇ ਰਹਿਣਗੇ।

ਤੇਲ ਦੇ ਡਿਪੂ ਨੂੰ ਅੱਗ ਲੱਗਣ ਨਾਲ ਸਕੂਟਰ ਤੇ ਚਾਰ ਦੁਕਾਨਾਂ ਸੜ ਕੇ ਸੁਆਹ

ਪਠਾਨਕੋਟ, (ਦਵਿੰਦਰ ਸਿੰਘ)

ਪਠਾਨਕੋਟ ਦੇ ਢਾਂਗੂ ਰੋਡ 'ਤੇ ਪੁਸ਼ਪ ਥੀਏਟਰ ਦੇ ਸਾਹਮਣੇ ਮਾਰਕੀਟ ਵਿੱਚ ਭਿਆਨਕ ਅੱਗ ਲੱਗ ਗਈ।ਅੱਗ ਮਿੱਟੀ ਦੇ ਤੇਲ ਦੇ ਡਿਪੂ ਨੂੰ ਲੱਗੀ। ਇੱਕ ਸਕੂਟਰ ਅਤੇ ਚਾਰ ਦੁਕਾਨਾਂ ਨੂੰ ਅਗ ਦੀ ਲਿਪੇਟ 'ਚ ਆ ਗਈਆਂ। ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੌਕੇ ਤੇ ਪਹੁੰਚੀਆਂ ਅਤੇ ਕਾਫ਼ੀ ਕੋਸ਼ਿਸ਼ਾਂ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ।ਅੱਗ ਲੱਗਣ ਦਾ ਕਾਰਨ ਸ਼ਾਰਟ ਸਰਕਟ ਹੋਣ ਦਾ ਸ਼ੱਕ ਹੈ।ਅੱਗ ਇੰਨੀ ਭਿਆਨਕ ਸੀ ਕਿ ਦੁਕਾਨ ਦੇ ਬਾਹਰ ਦੂਰ-ਦੂਰ ਤੱਕ ਅੱਗ ਦਿਖਾਈ ਦੇ ਰਹੀ ਸੀ।ਸਥਾਨਕ ਲੋਕਾਂ ਨੇ ਇਸ ਬਾਰੇ ਫਾਇਰ ਵਿਭਾਗ ਨੂੰ ਸੂਚਿਤ ਕੀਤਾ।ਮਿੱਟੀ ਦੇ ਤੇਲ ਦੇ ਡਰੰਮ ਭਰੇ ਹੋਣ ਕਾਰਨ ਅੱਗ 'ਤੇ ਕਾਬੂ ਪਾਉਣਾ ਬਹੁਤ ਮੁਸ਼ਕਲ ਹੋ ਗਿਆ ਪਰ ਜਦੋਂ ਤੱਕ ਅੱਗ 'ਤੇ ਕਾਬੂ ਪਾਇਆ ਗਿਆ, ਉਦੋਂ ਤੱਕ ਮਾਰਕੀਟ ਵਿੱਚ ਮੌਜੂਦ ਚਾਰ ਦੁਕਾਨਾਂ ਵਿੱਚ ਵੀ ਅੱਗ ਲੱਗ ਗਈ।ਸਥਾਨਕ ਲੋਕਾਂ ਨੇ ਪਾਵਰਕਾਮ ਵਿਭਾਗ ਵਿਰੁੱਧ ਵੀ

28-Jan-PAGE-4.qxd 1/28/2026 9:16 PM Page 1

ਨਵਾਂ ਜ਼ਮਾਨਾ
ਵੀਰਵਾਰ, 29 ਜਨਵਰੀ 2026

ਪੂੰਜੀਵਾਦ ਅੱਗੇ ਪ੍ਰਮਾਣਕਤਾ ਦਾ ਸੰਕਟ

ਦੁਨੀਆ ਦੀ ਸਭ ਤੋਂ ਵੱਡੀ ਐਸੇਟ (ਅਸਾਸਾ) ਮੈਨੇਜਮੈਂਟ ਕੰਪਨੀ ਬਲੈਕਰੌਕ ਦੇ ਸੀ ਈ ਓ ਲੈਰੀ ਫਿੰਕ ਨੇ ਦਾਵੋਸ ਵਿੱਚ ਵਿਸ਼ਵ ਆਰਥਕ ਮੰਚ ਵਿੱਚ ਜੁਟੇ ਦੁਨੀਆ-ਭਰ ਦੇ ਸਭ ਤੋਂ ਵੱਡੇ ਪੂੰਜੀਪਤੀਆਂ ਨੂੰ ਮੁਖਾਤਬ ਹੁੰਦਿਆਂ ਖਬਰਦਾਰ ਕੀਤਾ ਕਿ ਪੂੰਜੀਵਾਦ ਪ੍ਰਮਾਣਕਤਾ (ਲਿਜਿਟਿਮਸੀ) ਦੇ ਸੰਕਟ ਨਾਲ ਜੂਝ ਰਿਹਾ ਹੈ। ਉਸ ਨੇ ਕਿਹਾ ਕਿ ਬਰਲਿਨ ਦੀ ਕੰਧ ਡਿੱਗਣ (ਯਾਨੀ ਸੋਵੀਅਤ ਖੈਮਾ ਢਹਿਣ) ਦੇ ਬਾਅਦ ਤੋਂ ਹੁਣ ਤੱਕ ਜਿੰਨਾ ਧਨ ਪੈਦਾ ਹੋਇਆ, ਓਨਾ ਇਤਿਹਾਸ ਵਿੱਚ ਪਹਿਲਾਂ ਕਦੇ ਨਹੀਂ ਹੋਇਆ ਪਰ 'ਇੱਕ ਸਿਹਤਮੰਦ ਸਮਾਜ' ਕਾਇਮ ਕਰਨ ਦੀ ਥਾਂ ਇਹ ਧਨ ਬਹੁਤ ਹੀ ਸੀਮਤ ਲੋਕਾਂ ਕੋਲ ਇਕੱਠਾ ਹੋ ਗਿਆ ਹੈ। ਫਿੰਕ ਨੇ ਕਿਹਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਦਾ ਲਾਭ ਸਿਰਫ ਇਸ ਦੇ ਬੁਨਿਆਦੀ ਢਾਂਚੇ ਦੇ ਮਾਲਕਾਂ ਤੱਕ ਸੀਮਤ ਰਿਹਾ ਤੇ ਇਸ ਨੇ ਵੱਡੇ ਪੈਮਾਨੇ 'ਤੇ ਵ੍ਹਾਈਟ ਕਾਲਰ ਮੁਲਾਜ਼ਮਾਂ ਦੀਆਂ ਨੌਕਰੀਆਂ ਖਾਧੀਆਂ ਤਾਂ ਇਹ ਭੂਮੰਡਲੀਕਰਨ (ਗਲੋਬਲਾਈਜ਼ੇਸ਼ਨ) ਨਾਲ ਪੈਦਾ ਹੋਈ ਨਾਬਰਾਬਰੀ ਵਰਗੀ ਗਲਤੀ ਦੁਹਰਾਉਣਾ ਹੋਵੇਗਾ।

ਇਹ ਭਾਸ਼ਣ ਗਵਾਹ ਹੈ ਕਿ ਪੂੰਜੀਵਾਦ ਦੇ ਸਰਬਉੱਚ ਸੰਚਾਲਕਾਂ ਨੂੰ ਅਹਿਸਾਸ ਹੈ ਕਿ ਆਮ ਲੋਕਾਂ ਦੀ ਨਿਗਾਹ ਵਿੱਚ ਉਨ੍ਹਾਂ ਦੀ ਵਿਵਸਥਾ ਤੇਜ਼ੀ ਨਾਲ ਆਪਣੀ ਸਾਖ ਗੁਆਉਂਦੀ ਜਾ ਰਹੀ ਹੈ। ਜਿਸ ਭੂਮੰਡਲੀਕਰਨ ਨੂੰ ਸਭ ਦੀ ਖੁਸ਼ਹਾਲੀ ਦਾ ਮੰਤਰ ਦੱਸਿਆ ਗਿਆ ਸੀ, ਉਹ ਅਸਲ ਵਿੱਚ ਚੰਦ ਧਨੀ ਤਬਕਿਆਂ ਦੇ ਅੱਤ-ਅਮੀਰ ਬਣਨ ਦਾ ਜ਼ਰੀਆ ਸਾਬਤ ਹੋਇਆ ਹੈ। ਕਿਸੇ ਵਿਵਸਥਾ ਦੀ ਸਾਖ ਉਦੋਂ ਤੱਕ ਹੀ ਕਾਇਮ ਰਹਿੰਦੀ ਹੈ, ਜਦ ਤੱਕ ਉਸ ਦੇ ਹਿੱਤ ਵਿੱਚ ਹੋਣ ਦੀ ਧਾਰਨਾ ਬਣੀ ਰਹਿੰਦੀ ਹੈ। ਜਦੋਂ ਅਜਿਹਾ ਨਹੀਂ ਹੁੰਦਾ, ਲੋਕ ਉਸ ਦੀ ਪ੍ਰਮਾਣਕਤਾ 'ਤੇ ਸਵਾਲ ਉਠਾਉਂਦੇ ਹਨ। ਲੋਕ ਪੁੱਛਦੇ ਹਨ ਕਿ ਆਖਰ ਉਸ ਵਿਵਸਥਾ ਨੂੰ ਜਾਰੀ ਰੱਖਣ ਵਿੱਚ ਉਨ੍ਹਾਂ ਦਾ ਕੀ ਲਾਭ ਹੈ? ਅਤੇ ਫਿਰ ਲੋਕ ਇਸ ਗੱਲ 'ਤੇ ਵਿਚਾਰ ਕਰਨਾ ਸ਼ੁਰੂ ਕਰਦੇ ਹਨ ਕਿ ਉਸ ਵਿਵਸਥਾ ਦਾ ਬਦਲ ਕੀ ਹੈ? ਲੈਰੀ ਫਿੰਕ ਦੀਆਂ ਟਿੱਪਣੀਆਂ ਦੱਸਦੀਆਂ ਹਨ ਕਿ ਵੱਡੇ ਪੂੰਜੀਪਤੀ ਇਸ ਸੰਭਾਵਨਾ ਤੋਂ ਭੈਭੀਤ ਹਨ।

ਇੱਕ ਦੌਰ ਵਿੱਚ ਉਦਾਰੀਕਰਨ, ਨਿੱਜੀਕਰਨ ਤੇ ਭੂਮੰਡਲੀਕਰਨ ਯਾਨੀ ਨਵ-ਉਦਾਰਵਾਦ ਦੀਆਂ ਨੀਤੀਆਂ ਨੂੰ ਬੜ੍ਹਾਵਾ ਦੇ ਕੇ ਪੂੰਜੀਪਤੀਆਂ ਦੇ ਮੁਨਾਫੇ ਵਿੱਚ ਲਗਾਤਾਰ ਵਾਧੇ ਨੂੰ ਯਕੀਨੀ ਬਣਾਇਆ ਗਿਆ, ਪਰ ਉਨ੍ਹਾਂ ਨੀਤੀਆਂ ਦਾ ਨਤੀਜਾ 2008 ਵਿੱਚ ਬਾਜ਼ਾਰ ਢਹਿਣ ਤੇ ਉਸ ਦੇ ਬਾਅਦ ਸ਼ੁਰੂ ਹੋਈ ਲੰਬੀ ਮੰਦੀ ਦੇ ਰੂਪ ਵਿੱਚ ਸਾਹਮਣੇ ਆਇਆ, ਜਿਸ ਤੋਂ ਦੁਨੀਆ ਅੱਜ ਵੀ ਉੱਭਰ ਨਹੀਂ ਸਕੀ। ਆਖਰਕਾਰ ਪੂੰਜੀਵਾਦ ਦੇ ਕੇਂਦਰ ਵਿੱਚ ਸਥਿਤ ਦੇਸ਼ਾਂ, ਖਾਸਕਰ ਉਨ੍ਹਾਂ ਦੇ ਆਗੂ ਅਮਰੀਕਾ ਨੇ 'ਨਿਯਮ-ਅਧਾਰਤ' ਉਸ ਵਿਵਸਥਾ ਨੂੰ ਦਰਕਿਨਾਰ ਕਰਨਾ ਸ਼ੁਰੂ ਕੀਤਾ, ਜਿਸ ਨੂੰ ਉਨ੍ਹਾਂ ਦੀ ਅਗਵਾਈ ਵਿੱਚ ਹੀ ਲਾਗੂ ਕੀਤਾ ਗਿਆ ਸੀ। ਹੁਣ ਉਹ ਦੌਰ ਹੈ, ਜਦ ਅਮਰੀਕੀ 'ਸ਼ਾਸਕ ਵਰਗ' ਆਪਣੇ ਮੁਨਾਫੇ ਨੂੰ ਯਕੀਨੀ ਬਣਾਉਣ ਲਈ ਖੁੱਲ੍ਹੇਆਮ ਜੰਗ 'ਤੇ ਉੱਤਰ ਆਇਆ ਹੈ। ਇਸ ਸਿਲਸਿਲੇ ਵਿੱਚ ਉਸ ਨੇ ਮੁਕਾਬਲੇਬਾਜ਼, ਸਹਿਯੋਗੀ ਤੇ ਸਾਥੀ ਸਭ ਦਾ ਭੇਦ ਭੁਲਾ ਦਿੱਤਾ ਹੈ।

ਇੱਕ ਮਿੱਥ ਹੈ ਕਿ ਜਦੋਂ ਪੂੰਜੀਵਾਦ ਸੰਕਟ ਵਿੱਚ ਘਿਰਦਾ ਹੈ ਤਾਂ ਕੁਝ ਅਜਿਹੀ ਖੋਜ ਕਰਦਾ ਹੈ, ਜਿਸ ਨਾਲ ਸੰਕਟ ਵਿੱਚੋਂ ਨਿਕਲ ਜਾਂਦਾ ਹੈ। ਇਸ ਧਾਰਨਾ ਵਿੱਚ ਬਹੁਤ ਸਾਰੇ ਲੋਕਾਂ ਦਾ ਅਜਿਹਾ ਯਕੀਨ ਹੈ ਕਿ ਪੂੰਜੀਵਾਦ ਦੇ ਸੰਕਟ ਦੀ ਚਰਚਾ ਸੁਣਦੇ ਹੀ ਉਹ ਇਸ ਨੂੰ ਕਮਿਊਨਿਸਟਾਂ ਦਾ ਘਿਸਿਆ-ਪਿਟਿਆ ਜੁਮਲਾ ਦੱਸ ਦਿੰਦੇ ਹਨ। ਅਕਸਰ ਇਹ ਵੀ ਕਹਿ ਦਿੱਤਾ ਜਾਂਦਾ ਹੈ ਕਿ ਪੂੰਜੀਵਾਦ ਤਾਂ ਚੱਲਦਾ ਹੀ ਜਾ ਰਿਹਾ ਹੈ, ਜਦਕਿ ਉਸ ਦੇ ਬਦਲ ਦੇ ਰੂਪ ਵਿੱਚ ਉਭਰਿਆ ਸਮਾਜਵਾਦ ਢਹਿ ਚੁੱਕਾ ਹੈ (ਯਾਨੀ ਸੋਵੀਅਤ ਖੈਮਾ ਬਿਖਰ ਗਿਆ ਤੇ ਚੀਨ ਨੇ ਕਥਿਤ ਤੌਰ 'ਤੇ ਆਪਣਾ ਰਾਹ ਬਦਲ ਲਿਆ।) 1917 ਵਿੱਚ ਰੂਸ ਵਿੱਚ ਬਾਲਸ਼ਵਿਕ ਇਨਕਲਾਬ ਨੇ ਪੂੰਜੀਵਾਦ ਨੂੰ ਬਚਣ ਲਈ ਕੁਝ ਨਵਾਂ ਕਰਨ ਦੀ ਚੁਣੌਤੀ ਪੇਸ਼ ਕੀਤੀ ਸੀ। ਇਸ ਦੇ ਜਵਾਬ ਵਿੱਚ ਉਸ ਨੇ ਸੋਸ਼ਲ ਡੈਮੋਕਰੇਸੀ ਦੀ ਖੋਜ ਕੀਤੀ। ਇਹ ਸੋਚ ਫੈਲਾਈ ਗਈ ਕਿ ਰਾਜ ਦੀ ਭੂਮਿਕਾ ਸਾਰੇ ਸਮਾਜੀ ਵਰਗਾਂ ਦੇ ਹਿੱਤਾਂ ਵਿਚਾਲੇ ਤਾਲਮੇਲ ਬਿਠਾਉਂਦਿਆਂ ਅਜਿਹੀਆਂ ਨੀਤੀਆਂ 'ਤੇ ਅਮਲ ਯਕੀਨੀ ਬਣਾਉਣਾ ਹੈ, ਜਿਸ ਨਾਲ ਸਭ ਦਾ ਭਲਾ ਹੋਵੇ। ਪਰ ਰਾਜ ਦੀ ਇਹ ਭੂਮਿਕਾ ਉਦੋਂ ਤੱਕ ਕਾਇਮ ਰਹੀ, ਜਦੋਂ ਤੱਕ ਕਮਿਊਨਿਜ਼ਮ ਦਾ ਖਤਰਾ ਪੂੰਜੀਪਤੀਆਂ ਦੇ ਸਿਰ 'ਤੇ ਮੰਡਰਾਉਂਦਾ ਰਿਹਾ। ਜਦੋਂ ਉਨ੍ਹਾਂ ਨੂੰ ਅਹਿਸਾਸ ਹੋਇਆ ਕਿ ਇਹ ਖਤਰਾ ਟਲ ਗਿਆ ਹੈ, ਤਾਂ ਮਜ਼ਦੂਰਾਂ ਨੂੰ ਦਿੱਤੀਆਂ ਗਈਆਂ ਰਿਆਇਤਾਂ ਹੌਲੀ-ਹੌਲੀ ਵਾਪਸ ਲੈ ਲਈਆਂ। ਇਸ ਦਾ ਨਤੀਜਾ ਅਨਿਅੰਤਰਤ ਪੂੰਜੀਵਾਦ ਵਿੱਚ ਨਿਕਲਿਆ, ਜਿਸ ਦੀ ਪ੍ਰਮਾਣਕਤਾ ਦੇ ਸੰਕਟ ਦੀ ਗੱਲ ਅੱਜ ਹੋ ਰਹੀ ਹੈ।

ਦੋ ਗੱਲਾਂ ਨੋਟ ਕਰਨ ਵਾਲੀਆਂ ਹਨ। ਉਦੋਂ ਪੂੰਜੀਵਾਦ ਸੰਕਟ ਵਿੱਚੋਂ ਇਸ ਕਰਕੇ ਨਿਕਲ ਗਿਆ ਸੀ, ਕਿਉਂਕਿ ਪੂੰਜੀਵਾਦੀ ਦੇਸ਼ਾਂ ਕੋਲ ਬਸਤੀਵਾਦ ਤੇ ਨਵ-ਸਾਮਰਾਜਵਾਦ ਨਾਲ ਪੂਰੀ ਦੁਨੀਆ ਤੋਂ ਵਾਧੂ ਦੌਲਤ ਇਕੱਠੀ ਕਰਨ ਦੀ ਸਹੂਲਤ ਸੀ। ਬਸਤੀਵਾਦ ਦੇ ਖਾਤਮੇ ਦੇ ਨਾਲ ਕਈ ਪੂੰਜੀਵਾਦ ਦੇਸ਼ਾਂ ਦੇ ਹੱਥੋਂ ਇਹ ਸਹੂਲਤ ਨਿਕਲ ਗਈ। ਅਮਰੀਕਾ ਕੋਲ 'ਨਾਬਰਾਬਰ ਵਟਾਂਦਰੇ' (ਅਨਇਕੁਅਲ ਐਕਸਚੇਂਜ) ਰਾਹੀਂ ਉਹ ਸਹੂਲਤ ਅਜੇ ਵੀ ਹੈ, ਪਰ ਚੀਨ ਦਾ ਉਭਾਰ ਉਸ ਦੀ ਇਸ ਸਮਰੱਥਾ ਨੂੰ ਤੇਜ਼ੀ ਨਾਲ ਸੀਮਤ ਕਰ ਰਿਹਾ ਹੈ। ਦੂਜੀ ਗੱਲ, ਸਨਅਤੀ ਇਨਕਲਾਬ ਦੇ ਪਹਿਲੇ ਤਿੰਨ ਪੜਾਵਾਂ ਵਿੱਚ ਆਧੁਨਿਕ ਤਕਨੀਕਾਂ ਦੇ ਵਿਕਾਸ ਵਿੱਚ ਪੂੰਜੀਵਾਦ ਅੱਗੇ ਰਿਹਾ, ਪਰ ਚੌਥੇ ਪੜਾਅ ਦੀਆਂ ਤਕਨੀਕਾਂ—ਆਰਟੀਫੀਸ਼ੀਅਲ ਇੰਟੈਲੀਜੈਂਸ, ਰੋਬੋਟਿਕਸ, ਕੁਆਂਟਮ ਕੰਪਿਊਟਿੰਗ, ਬਾਇਓਟੈਕ, ਗਰੀਨ ਐਨਰਜੀ—ਆਦਿ ਵਿੱਚ ਚੀਨ ਅੱਗੇ ਹੋ ਚੁੱਕਾ ਹੈ। ਜਿਨ੍ਹਾਂ ਖੇਤਰਾਂ ਵਿੱਚ ਚੀਨ ਅੱਗੇ ਨਹੀਂ ਹੈ, ਉਨ੍ਹਾਂ ਵਿੱਚ ਅਮਰੀਕਾ ਨਾਲ ਬਰਾਬਰ ਵਿਦ ਰਿਹਾ ਹੈ। ਇਨ੍ਹਾਂ ਦੋਹਾਂ ਪਹਿਲੂਆਂ ਕਾਰਨ ਪੂੰਜੀਵਾਦ ਦੇ ਗੜ੍ਹ ਦੇਸ਼ਾਂ ਦੀਆਂ ਚੁਣੌਤੀਆਂ ਵਧ ਗਈਆਂ ਹਨ। ਇਸ ਲਈ ਇਸ ਵਾਰ ਦੇ ਸੰਕਟ ਦਾ ਹੱਲ ਲੱਭਣਾ ਉਨ੍ਹਾਂ ਲਈ ਆਸਾਨ ਨਹੀਂ ਹੈ। ਅਜਿਹੇ ਵਿੱਚ ਪੈਦਾ ਹੋਣ ਵਾਲੇ ਧਨ ਦੇ ਲਾਭ ਤੋਂ ਵਿਰਵੇ ਰਹਿਣ ਵਾਲੇ ਭਾਈਚਾਰਿਆਂ ਵਿੱਚ ਪੂੰਜੀਵਾਦ ਪ੍ਰਤੀ ਅਸੰਤੋਸ਼ ਵਧਣਾ ਲਾਜ਼ਮੀ ਹੈ। ਫਿਲਹਾਲ ਨਫਰਤ ਦੇ ਏਜੰਡੇ ਵਿੱਚ ਲੋਕਾਂ ਨੂੰ ਉਲਝਾ ਕੇ ਸ਼ਾਸਕ ਵਰਗ ਬਦਲ ਦੀ ਚਰਚਾ ਨੂੰ ਮੁੱਖਧਾਰਾ ਤੋਂ ਦੂਰ ਰੱਖੇ ਹੋਏ ਹੈ, ਪਰ ਅਜਿਹਾ ਕਰਨਾ ਅਨਿਸਚਿਤ ਕਾਲ ਤੱਕ ਸੰਭਵ ਨਹੀਂ ਹੋਵੇਗਾ।

ਭਾਰਤ ਦੇ ਮਜ਼ਦੂਰਾਂ ਦੇ ਹੱਕਾਂ ਦੀ ਚਿੰਤਾ ਕਿਸ ਨੂੰ ਹੈ?

ਮੂਲ : ਅਰੁਣ ਕੁਮਾਰ
ਅਨੁਵਾਦ : ਐੱਮ ਐੱਸ ਭਾਟੀਆ

ਹਾਲ ਹੀ ਵਿੱਚ ਸੰਸਦ ਵਿੱਚ ਜਲਦਬਾਜ਼ੀ ਨਾਲ ਪੇਸ਼ ਕੀਤੇ ਅਤੇ ਓਨੀ ਹੀ ਜਲਦਬਾਜ਼ੀ ਨਾਲ ਪਾਸ ਕੀਤੇ ਗਏ ਦੋ ਬਿੱਲਾਂ ਦੇ ਸਮੇਂ ਨੇ ਬਹੁਤ ਸਾਰੇ ਵਿਸ਼ਲੇਸ਼ਕਾਂ ਨੂੰ ਹੈਰਾਨ ਕਰ ਦਿੱਤਾ ਹੈ। ਸੱਤਾਧਾਰੀ ਪਾਰਟੀ ਨੇ ਅਚਾਨਕ 2019 ਅਤੇ 2020 ਵਿੱਚ ਬਣਾਏ ਗਏ ਲੇਬਰ ਕੋਡ ਲਾਗੂ ਕਰਨ ਦਾ ਫੈਸਲਾ ਕਿਉਂ ਕੀਤਾ? ਮਨਰੇਗਾ ਦੀ ਥਾਂ ਵੀਬੀ ਗਰਾਮ ਜੀ ਲਿਆਉਣ ਵਿੱਚ ਏਨੀ ਜਲਦੀ ਅਤੇ ਚੋਰੀ ਕਿਉਂ ਦਿਖਾਈ ਗਈ? ਬੁਨਿਆਦੀ ਸੁਧਾਰਾਂ ਅਤੇ ਅਰਥ ਵਿਵਸਥਾ ਨੂੰ ਆਧੁਨਿਕ ਬਣਾਉਣ ਦੀ ਝੂਠੀ ਬਿਆਨਬਾਜ਼ੀ ਤੋਂ ਇਲਾਵਾ ਇਹ ਹੋਰ ਕੁਝ ਨਹੀਂ ਲੱਗਦਾ।

ਹਾਲਾਂਕਿ, ਹੁਣ ਇਨ੍ਹਾਂ ਦੋਨਾਂ ਕਾਨੂੰਨਾਂ ਦਾ ਅਸਲ ਮਕਸਦ ਹੌਲੀ-ਹੌਲੀ ਸਾਫ਼ ਹੁੰਦਾ ਜਾ ਰਿਹਾ ਹੈ—ਇਹ ਮਜ਼ਦੂਰਾਂ ਦੀ ਆਪਣੇ ਹੱਕਾਂ ਨੂੰ ਬਚਾਉਣ ਦੀ ਤਾਕਤ ਨੂੰ ਘਟਾਉਂਦੇ ਹਨ ਅਤੇ ਮਜ਼ਦੂਰੀ ਦਰਾਂ 'ਤੇ ਰੋਕ ਲਗਾਉਂਦੇ ਹਨ। ਮਜ਼ਦੂਰਾਂ, ਕਿਸਾਨਾਂ ਅਤੇ ਵਿਰੋਧੀ ਧਿਰਾਂ ਨੇ ਇਹ ਗੱਲ ਛੇਤੀ ਸਮਝ ਲਈ ਹੈ, ਜਿਸ ਕਾਰਨ ਦੇਸ਼-ਵਿਆਪੀ ਪ੍ਰਦਰਸ਼ਨ ਸ਼ੁਰੂ ਹੋ ਗਏ ਹਨ। ਪਿੰਡਾਂ ਅਤੇ ਸ਼ਹਿਰਾਂ ਵਿੱਚ ਰਹਿੰਦੇ 60 ਕਰੋੜ ਤੋਂ ਵੱਧ ਮਜ਼ਦੂਰਾਂ ਦੇ ਹੋਣ ਕਰਕੇ, ਜੇ ਇਹਨਾਂ ਪ੍ਰਦਰਸ਼ਨਾਂ ਨੂੰ ਪ੍ਰਭਾਵਸ਼ਾਲੀ ਤਰੀਕੇ ਨਾਲ ਲਾਮਬੰਦ ਕੀਤਾ ਗਿਆ ਤਾਂ ਉਨ੍ਹਾਂ ਦਾ ਵਿਰੋਧ ਬਹੁਤ ਵੱਡੀ ਤਾਕਤ ਬਣ ਸਕਦਾ ਹੈ।

ਕੁਝ ਅਹਿਮ ਸਵਾਲ ਅਜੇ ਵੀ ਬਾਕੀ ਹਨ:

ਕੀ ਸੱਤਾਧਾਰੀ ਪਾਰਟੀ ਨੂੰ ਇਸ ਦੇ ਰਾਜਨੀਤਕ ਨਤੀਜੇ ਭੁਗਤਣੇ ਪੈਣਗੇ?

ਕੀ ਪਿੰਡਾਂ ਅਤੇ ਸ਼ਹਿਰਾਂ ਦੇ ਮਜ਼ਦੂਰ ਉਹੀ ਕੁਝ ਕਰ ਸਕਣਗੇ, ਜੋ ਕਿਸਾਨਾਂ ਨੇ ਕੀਤਾ ਸੀ?

ਕੀ ਉਹ ਸਰਕਾਰ ਨੂੰ ਉਹ ਦੋਵੇਂ ਬਦਲਾਅ ਵਾਪਸ ਲੈਣ ਲਈ ਮਜਬੂਰ ਕਰ ਸਕਣਗੇ, ਜੋ ਉਨ੍ਹਾਂ ਨੂੰ ਕਮਜ਼ੋਰ ਕਰਨ ਲਈ ਬਣਾਏ ਗਏ ਹਨ?

ਲੇਬਰ ਕੋਡ ਮਜ਼ਦੂਰਾਂ ਦੀ ਸੌਦੇਬਾਜ਼ੀ ਦੀ ਤਾਕਤ ਘਟਾਉਂਦੇ ਹਨ, ਟਰੇਡ ਯੂਨੀਅਨਾਂ ਨੂੰ ਕਮਜ਼ੋਰ ਕਰਦੇ ਹਨ ਅਤੇ ਵਿਅਕਤੀਗਤ ਮਜ਼ਦੂਰਾਂ ਤੋਂ ਮਾਲਕਾਂ ਦੇ ਸ਼ੋਸ਼ਣ ਤੋਂ ਬਚਾਅ ਵਾਲੀਆਂ ਸੁਰੱਖਿਆਵਾਂ ਖੋਹ ਲੈਂਦੇ ਹਨ।

ਮਨਰੇਗਾ-ਭਾਵੇਂ ਆਪਣੇ ਆਪ ਵਿੱਚ ਪੂਰਨ ਨਹੀਂ ਸੀ, ਪਰ ਇਸ ਨੇ ਪਿੰਡਾਂ ਦੇ ਗਰੀਬਾਂ ਲਈ ਰੋਜ਼ਗਾਰ ਅਤੇ ਆਮਦਨ ਨੂੰ ਮਜ਼ਬੂਤੀ ਦਿੱਤੀ।

ਘੱਟ ਮਜ਼ਦੂਰੀ (ਅਕਸਰ ਘੱਟੋ-ਘੱਟ ਮਜ਼ਦੂਰੀ ਤੋਂ ਵੀ ਘੱਟ) ਅਤੇ ਹਰ ਪਰਵਾਰ ਦੇ ਹਰ ਬਾਲਗ ਮੈਂਬਰ ਲਈ ਵੱਧ ਤੋਂ ਵੱਧ 100 ਦਿਨਾਂ ਦੇ ਕੰਮ ਦੀ ਸੀਮਾ (ਜੋ ਪ੍ਰਤੀ ਪਰਿਵਾਰਕ ਮੈਂਬਰ ਸਾਲਾਨਾ ਲਗਭਗ 20 ਦਿਨਾਂ ਦੀ ਕਮਾਈ ਬਣਦੀ ਹੈ) ਦੇ ਬਾਵਜੂਦ ਇਹ ਸੰਕਟ ਦੇ ਵੇਲੇ, ਜਿਵੇਂ ਕੋਵਿਡ-19 ਮਹਾਂਮਾਰੀ ਵਿੱਚ ਆਮਦਨ ਲਈ ਸਹਾਰਾ ਬਣਿਆ। ਭਾਵੇਂ ਘੱਟ ਫੰਡਿੰਗ ਕਾਰਨ ਵਾਅਦੇ ਕੀਤੇ 100 ਦਿਨਾਂ ਦੀ ਥਾਂ ਔਸਤਨ ਸਿਰਫ਼ 50 ਦਿਨਾਂ ਦਾ ਕੰਮ ਹੀ ਮਿਲਿਆ, ਫਿਰ ਵੀ ਇਸ ਨੇ ਹਾਸ਼ੀਏ 'ਤੇ ਧੱਕੇ ਗਏ ਵਰਗਾਂ ਨੂੰ ਰਾਹਤ ਦਿੱਤੀ।

ਸਰਕਾਰ ਹੁਣ ਇਨ੍ਹਾਂ ਬਦਲਾਵਾਂ ਨੂੰ ਠੀਕ ਠਹਿਰਾਉਂਦੇ ਹੋਏ ਦਲੀਲ ਦਿੰਦੀ ਹੈ ਕਿ ਲੇਬਰ ਕੋਡ ਮਜ਼ਦੂਰਾਂ ਦੇ ਅਧਿਕਾਰਾਂ ਦੀ ਰੱਖਿਆ ਕਰਨਗੇ ਅਤੇ ਵੀਬੀ-ਗਰਾਮ-ਜੀ ਖੇਤੀ ਮਜ਼ਦੂਰਾਂ ਨੂੰ 100 ਤੋਂ 150 ਦਿਨਾਂ ਤੱਕ ਕੰਮ ਵਧਾ ਕੇ ਲਾਭ ਪਹੁੰਚਾਏਗਾ। ਕੇਂਦਰ ਸਰਕਾਰ ਨੇ ਇਸ ਲਈ 2024-25 ਦੇ 86,000 ਕਰੋੜ ਰੁਪਏ ਤੋਂ ਵਧਾ ਕੇ 95,692 ਕਰੋੜ ਰੁਪਏ ਦੀ ਅਲਾਟਮੈਂਟ ਦੀ ਪੇਸ਼ਕਸ਼ ਕੀਤੀ ਹੈ।

ਜੇ ਰਾਜ ਸਰਕਾਰਾਂ ਆਪਣੀ ਕਮਜ਼ੋਰ ਵਿੱਤੀ ਸਥਿਤੀ ਅਤੇ ਕਰਜ਼ੇ ਹੇਠ ਦੱਬੇ ਹੋਣ ਕਾਰਨ 55,590 ਕਰੋੜ ਰੁਪਏ ਖਰਚ ਨਹੀਂ ਕਰ ਸਕਦੀਆਂ, ਤਾਂ ਕੇਂਦਰ ਵੀ ਆਪਣਾ ਹਿੱਸਾ ਘਟਾ ਦੇਵੇਗਾ, ਜਿਸ ਨਾਲ ਕੁੱਲ ਅਲਾਟਮੈਂਟ ਅਸਲ ਵਿੱਚ 2024-25 ਤੋਂ ਵੀ ਕਾਫ਼ੀ ਘੱਟ ਰਹਿ ਜਾਵੇਗੀ।

ਬਲਕਿ ਮੰਗ-ਅਧਾਰਤ ਮਨਰੇਗਾ ਗਰੰਟੀ ਤੋਂ ਸਪਲਾਈ- ਸੀਮਿਤ ਯੋਜਨਾ ਵੱਲ ਇਹ ਬਦਲਾਅ ਕੇਂਦਰ ਨੂੰ ਅਲਾਟਮੈਂਟਾਂ 'ਤੇ ਪੂਰਾ ਕੰਟਰੋਲ ਦੇਵੇਗਾ ਅਤੇ ਰਾਜਾਂ ਨੂੰ ਕੇਂਦਰ ਦੀ ਰਾਜਨੀਤਕ ਮਰਜ਼ੀ ਦੇ ਅਧੀਨ ਕਰ ਦੇਵੇਗਾ। ਮਜ਼ਦੂਰ-ਪੱਖੀ ਭਾਸ਼ਾ ਵਰਤਣ ਦੇ ਬਾਵਜੂਦ ਇਹ ਸੁਧਾਰ ਮੂਲ ਤੌਰ 'ਤੇ ਖੇਤੀ ਅਤੇ ਗੈਰ-ਖੇਤੀ ਦੋਵੇਂ ਖੇਤਰਾਂ ਵਿੱਚ ਮਜ਼ਦੂਰਾਂ ਨੂੰ ਕਮਜ਼ੋਰ ਕਰਨ ਲਈ ਹੀ ਬਣਾਏ ਗਏ ਹਨ।

ਇਤਿਹਾਸਕ ਤੌਰ 'ਤੇ ਭਾਰਤ ਵਿੱਚ ਮਜ਼ਦੂਰ ਅੰਦੋਲਨ ਕਮਜ਼ੋਰ ਰਹੇ ਹਨ, ਕਿਉਂਕਿ 94 ਫ਼ੀਸਦੀ ਮਜ਼ਦੂਰ ਅਸੰਗਠਿਤ ਖੇਤਰ ਵਿੱਚ ਹਨ। ਉਨ੍ਹਾਂ ਕੋਲ ਮਹਿੰਗਾਈ ਦੇ ਅਨੁਸਾਰ ਮਜ਼ਦੂਰੀ ਵਧਾਉਣ ਦੀ ਮੰਗ ਕਰਨ ਲਈ ਲੋੜੀਂਦੀ ਤਾਕਤ ਨਹੀਂ ਅਤੇ ਮਹਿੰਗਾਈ ਦੇ ਅੰਕੜੇ ਵੀ ਸ਼ੱਕੀ ਹਨ, ਕਿਉਂਕਿ ਇਹ ਅੰਕੜੇ ਪੁਰਾਣੇ ਹੋ ਚੁੱਕੇ ਹਨ। ਆਧੁਨਿਕ ਉਤਪਾਦਨ ਵਿੱਚ ਮਜ਼ਦੂਰੀ ਹਿੱਸੇ ਦੀ ਘਾਟ ਅਤੇ ਲਗਾਤਾਰ ਘਟਦੀ ਹਿੱਸੇਦਾਰੀ ਆਪਣੀ ਕਹਾਣੀ ਆਪ ਬਿਆਨ ਕਰਦੀ ਹੈ। ਤਕਨਾਲੋਜੀ ਦੀ ਤਰੱਕੀ ਵੀ ਰੁਜ਼ਗਾਰ ਦੇ ਮੌਕਿਆਂ ਨੂੰ ਘਟਾ ਰਹੀ ਹੈ।

ਫਿਰ ਅਚਾਨਕ ਮਜ਼ਦੂਰਾਂ ਨੂੰ ਕਮਜ਼ੋਰ ਕਰਨ ਦਾ ਇਹ ਕਦਮ ਕਿਉਂ?

ਅਸਲ ਵਿੱਚ ਇਹ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਧਮਕਾਉਣ ਵਾਲੀ ਨੀਤੀ ਅਤੇ ਇਸਦੇ ਭਾਰਤੀ ਅਰਥਤੰਤਰ 'ਤੇ ਪੈਣ ਵਾਲੇ ਅਸਰ ਹਨ। ਇਕ ਪਾਸੇ ਮਜ਼ਦੂਰ-ਅਧਾਰਤ ਨਿਰਯਾਤ ਪ੍ਰਭਾਵਤ ਹੋ ਰਹੇ ਹਨ, ਦੂਜੇ ਪਾਸੇ ਅਮਰੀਕਾ ਭਾਰਤ ਤੋਂ ਖੇਤੀ ਖੇਤਰ ਦੇ ਵੱਡੇ ਹਿੱਸੇ ਖੋਲ੍ਹਣ ਲਈ ਦਬਾਅ ਪਾ ਰਿਹਾ ਹੈ, ਜੋ ਅਗਰ ਮੰਨ ਲਿਆ ਗਿਆ ਤਾਂ ਲਗਭਗ 50 ਫ਼ੀਸਦੀ ਭਾਰਤੀਆਂ ਦੀ ਆਮਦਨ 'ਤੇ ਮਾੜਾ ਅਸਰ ਪਵੇਗਾ।

ਇਹ ਬਦਲਾਅ ਭਾਰਤੀ ਅਰਥਤੰਤਰ ਲਈ ਉਭਰਨ ਵਾਲੇ ਇਨ੍ਹਾਂ ਦੋ ਖ਼ਤਰਿਆਂ ਨਾਲ ਨਿਪਟਣ ਦੀ ਨਾਕਾਮ ਕੋਸ਼ਿਸ਼ ਹਨ। ਨਵੇਂ ਲੇਬਰ ਕੋਡ ਗੈਰ-ਖੇਤੀ ਖੇਤਰ ਨੂੰ ਨਿਸ਼ਾਨਾ ਬਣਾਉਂਦੇ ਹਨ, ਜਦਕਿ ਵੀ ਬੀ-ਗਰਾਮ-ਜੀ ਖੇਤੀ ਨਾਲ ਜੁੜੀਆਂ ਸਮੱਸਿਆਵਾਂ ਨੂੰ ਹੱਲ ਕਰਨ ਦਾ ਦਾਅਵਾ ਕਰਦਾ ਹੈ। ਦੋਵੇਂ ਹਾਲਤਾਂ ਵਿੱਚ, ਭਾਰਤ ਸਰਕਾਰ ਟਰੰਪ ਦੀਆਂ ਮੰਗਾਂ ਦਾ ਭਾਰ ਮਜ਼ਦੂਰ ਵਰਗ 'ਤੇ ਲੱਦਣ ਦੀ ਕੋਸ਼ਿਸ਼ ਕਰ ਰਹੀ ਹੈ

29 Jan Page 5.qxd 1/28/2026 9:21 PM Page 1

ਗਣਤੰਤਰ ਦਿਵਸ ਮੌਕੇ ਵਿਸ਼ਾਲ ਟਰੈਕਟਰ ਮਾਰਚ

ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ) ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕੇਂਦਰ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਖਿਲਾਫ਼ ਦਰਜਨਾਂ ਪਿੰਡਾਂ ਅੰਦਰ ਟਰੈਕਟਰ ਮਾਰਚ ਕਰਕੇ ਲੋਕਾਂ ਨੂੰ ਕੇਂਦਰ ਸਰਕਾਰ ਦੇ ਲੋਕ ਮਾਰੂ ਹਮਲੇ ਖਿਲਾਫ ਇਕਜੁਟ ਹੋਣ ਦਾ ਸੱਦਾ ਦਿੱਤਾ ਗਿਆ।ਇਸ ਮੌਕੇ ਭਾਕਿਯੂ ਡਕੌਂਦਾ-ਧਨੇਰ, ਭਾਕਿਯੂ ਉਗਰਾਹਾਂ, ਭਾਕਿਯੂ ਕਾਦੀਆਂ, ਭਾਕਿਯੂ ਕ੍ਰਾਂਤੀਕਾਰੀ, ਭਾਕਿਯੂ ਡਕੌਂਦਾ ਬੁਰਜ ਗਿੱਲ ਆਦਿ ਕਿਸਾਨ ਜਥੇਬੰਦੀਆਂ ਦੇ ਆਗੂਆਂ, ਵਰਕਰਾਂ ਨੇ ਪੂਰੇ ਜੋਸ਼-ਖਰੋਸ਼ ਨਾਲ ਸ਼ਮੂਲੀਅਤ ਕਰਦਿਆ ਕੇਂਦਰ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਆਗੂਆਂ ਨੇ ਸਪੱਸ਼ਟ ਕੀਤਾ ਕਿ ਜੇਕਰ ਕੇਂਦਰ ਸਰਕਾਰ ਨੇ ਮਾਰੂ ਫ਼ੈਸਲੇ ਤੁਰੰਤ ਵਾਪਸ ਲੈ ਕੇ ਭਖਦੀਆ ਮੰਗਾਂ ਨੂੰ ਲਾਗੂ ਨਾ ਕੀਤਾ ਤਾਂ ਸਾਂਝੇ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਭਾਕਿਯੂ ਡਕੌਂਦਾ-ਧਨੇਰ ਦੇ ਸੂਬਾਈ ਪ੍ਰਧਾਨ ਮਨਜੀਤ ਸਿੰਘ ਧਨੇਰ, ਜਗਰਾਜ ਸਿੰਘ ਹਰਦਾਸਪੁਰਾ, ਭਾਕਿਯੂ ਉਗਰਾਹਾਂ ਦੇ ਬੁੱਕਣ ਸਿੰਘ ਸੱਦੋਵਾਲ, ਜੱਜ ਸਿੰਘ ਗਹਿਲ, ਕੁਲਜੀਤ ਸਿੰਘ ਵਜੀਦਕੇ, ਭਾਕਿਯੂ ਕਾਦੀਆਂ ਦੇ ਜਗਸੀਰ ਸਿੰਘ ਛੀਨੀਵਾਲ, ਪਰਮਜੀਤ ਸਿੰਘ ਢੀਂਡਸਾ, ਜਸਵਿੰਦਰ ਸਿੰਘ

ਛੀਨੀਵਾਲ, ਭਾਕਿਯੂ ਡਕੌਂਦਾ ਬੁਰਜ ਗਿੱਲ ਦੇ ਮਲਕੀਤ ਸਿੰਘ ਈਨਾ, ਅਮਰਜੀਤ ਸਿੰਘ ਮਹਿਲ ਖ਼ੁਰਦ, ਜਸਵੰਤ ਸਿੰਘ ਸੋਹੀ, ਭਾਕਿਯੂ ਕ੍ਰਾਂਤੀਕਾਰੀ ਦੇ ਪਵਿੱਤਰ ਸਿੰਘ ਲਾਲੀ, ਭਾਕਿਯੂ ਸਿੱਧੂਪੁਰ ਦੇ ਕਰਨੈਲ ਸਿੰਘ ਗਾਂਧੀ, ਜਗਪਾਲ ਸਿੰਘ ਸਹਿਜੜਾ ਨੇ ਕਿਸਾਨਾਂ ਨੂੰ ਹੱਕਾਂ ਦੀ ਪ੍ਰਾਪਤੀ ਲਈ ਲਾਮਬੰਦ ਹੋਣ ਦਾ ਸੱਦਾ ਦਿੰਦਿਆ ਕਿਹਾ ਕਿ ਕੇਂਦਰ ਤੇ ਰਾਜ ਸਰਕਾਰਾਂ ਕਿਸਾਨਾਂ, ਮਜ਼ਦੂਰਾਂ ਦੀਆਂ ਭਖਦੀਆ ਮੰਗਾਂ ਪ੍ਰਤੀ ਸੁਹਿਰਦ ਨਹੀਂ ਹਨ। ਆਗੂਆਂ ਨੇ ਸ਼ਪੱਸ਼ਟ ਕਿਹਾ ਕੇਂਦਰ ਸਰਕਾਰ ਵੱਲੋਂ ਲਿਆਂਦੇ ਜਾ ਰਹੇ ਬਿਜਲੀ ਸੋਧ ਬਿੱਲ ਤੇ ਬੀਜ ਸੋਧ ਬਿੱਲ ਤੇ ਹੋਰ ਲੋਕ ਮਾਰੂ ਫੈਸਲਿਆਂ ਨੂੰ ਕਿਸੇ ਵੀ ਹਾਲਤ 'ਚ ਲਾਗੂ ਨਹੀਂ ਹੋਣ ਦਿਆਂਗੇ।ਸਰਕਾਰਾਂ ਦੀਆਂ ਲੋਕ ਮਾਰੂ ਨੀਤੀਆਂ ਵਿਰੁੱਧ ਅਗਲੇ ਦਿਨਾਂ 'ਚ ਪਿੰਡ-ਪਿੰਡ ਸੰਪਰਕ ਮੁਹਿੰਮ ਚਲਾ ਕੇ ਲਾਮਬੰਦੀ ਨੂੰ ਤੇਜ਼ ਕੀਤਾ ਜਾਵੇਗਾ।

ਸੁਖਬੀਰ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਮੁੜ ਮਜ਼ਬੂਤੀ ਨਾਲ ਉਭਰਿਆ : ਅਕਾਲੀ ਆਗੂ

ਬਾਘਾ ਪੁਰਾਣਾ (ਮਨੀ ਸਿੰਗਲਾ) ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਪਾਰਟੀ ਅੱਜ ਮੁੜ ਪੂਰੀ ਤਰ੍ਹਾਂ ਮਜ਼ਬੂਤ ਹੋ ਕੇ ਉਭਰੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕੋਰ ਕਮੇਟੀ ਯੂਥ ਦੇ ਮੈਂਬਰ ਸੁਖਜੀਤ ਸਿੰਘ ਮਾਹਲਾ, ਯੂਥ ਅਕਾਲੀ ਆਗੂ ਜਸਪ੍ਰੀਤ ਸਿੰਘ ਮਾਹਲਾ, ਤਲਵਾਰ ਬਰਾੜ ਚੰਨੂ ਵਾਲਾ, ਲਵਪ੍ਰੀਤ ਗਿੱਲ, ਗੋਪੀ ਹਰੀਏ ਵਾਲਾ, ਅਰਸ਼ ਮੱਲ ਕੇ, ਤਰਸੇਮ ਸਿੰਘ ਗਿੱਲ, ਲਖਵਿੰਦਰ ਸਿੰਘ ਲਧਾਈ ਕੇ , ਗੁਰਸੇਵਕ ਸਿੰਘ, ਲਵਪ੍ਰੀਤ ਵਾਂਦਰ ਨੇ ਸਾਂਝੀ ਵਿਸ਼ੇਸ਼ ਗੱਲਬਾਤ ਦੌਰਾਨ ਕਹੇ। ਉਹਨਾਂ ਕਿਹਾ ਕਿ ਹਾਲ ਹੀ ਵਿੱਚ ਹੋਈਆਂ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਕੀਤਾ ਗਿਆ ਸ਼ਾਨਦਾਰ ਪ੍ਰਦਰਸ਼ਨ ਇਸ ਗੱਲ ਦਾ ਸਬੂਤ ਹੈ ਕਿ ਪੰਜਾਬ ਦੀ ਜਨਤਾ ਦਾ ਭਰੋਸਾ ਮੁੜ ਅਕਾਲੀ ਦਲ ਨਾਲ ਜੁੜ ਰਿਹਾ ਹੈ। ਇਨ੍ਹਾਂ ਚੋਣਾਂ ਤੋਂ ਬਾਅਦ ਪਾਰਟੀ ਦੇ ਆਗੂਆਂ, ਵਰਕਰਾਂ, ਸਮਰਥਕਾਂ ਅਤੇ ਵੋਟਰਾਂ ਵਿੱਚ ਨਵਾਂ ਜੋਸ਼ ਅਤੇ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਸੁਖਜੀਤ ਸਿੰਘ ਮਾਹਲਾ ਅਤੇ ਜਸਪ੍ਰੀਤ ਸਿੰਘ ਮਾਹਲਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ

ਪੰਜਾਬ ਦੀ ਇਕੋ ਇਕ ਖੇਤਰੀ ਪਾਰਟੀ ਹੈ ਜੋ ਸਦਾ ਹੀ ਪੰਜਾਬ, ਪੰਜਾਬੀਅਤ ਅਤੇ ਸਿੱਖ ਕੌਮ ਦੇ ਹੱਕਾਂ ਦੀ ਰਾਖੀ ਕਰਦੀ ਆਈ ਹੈ। ਉਨ੍ਹਾਂ ਆਖਿਆ ਕਿ ਸੁਖਬੀਰ ਸਿੰਘ ਬਾਦਲ ਦੀ ਮਜ਼ਬੂਤ ਅਗਵਾਈ ਹੇਠ ਪਾਰਟੀ ਨੇ ਆਪਣੀ ਨੀਤੀ ਅਤੇ ਸੰਘਰਸ਼ ਦੇ ਬਲ 'ਤੇ ਲੋਕਾਂ ਦਾ ਵਿਸ਼ਵਾਸ ਮੁੜ ਹਾਸਲ ਕੀਤਾ ਹੈ। ਤਲਵਾਰ ਬਰਾੜ ਚੰਨੂ ਵਾਲਾ, ਲਵਪ੍ਰੀਤ ਗਿੱਲ, ਗੋਪੀ ਹਰੀਏ ਵਾਲਾ, ਅਰਸ਼ ਮੱਲ ਕੇ, ਤਰਸੇਮ ਸਿੰਘ ਗਿੱਲ, ਨੇ ਕਿਹਾ ਕਿ ਅੱਜ ਪੰਜਾਬ ਦਾ ਨੌਜਵਾਨ ਵਰਗ ਮੌਜੂਦਾ ਸਰਕਾਰਾਂ ਦੀ ਨਾਕਾਮੀ ਤੋਂ ਤੰਗ ਆ ਚੁੱਕਾ ਹੈ ਅਤੇ ਇੱਕ ਮਜ਼ਬੂਤ, ਅਨੁਭਵੀ ਅਤੇ ਪੰਜਾਬ ਦੀ ਸੋਚ ਵਾਲੀ ਸਰਕਾਰ ਦੀ ਉਡੀਕ ਕਰ ਰਿਹਾ ਹੈ। ਲਖਵਿੰਦਰ ਸਿੰਘ ਲਧਾਈ ਕੇ , ਗੁਰਸੇਵਕ ਸਿੰਘ, ਲਵਪ੍ਰੀਤ ਵਾਂਦਰ ਨੇ ਦਾਅਵਾ ਕੀਤਾ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਇੱਕ ਵਾਰ ਫਿਰ ਸਰਕਾਰ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ। ਤਲਵਾਰ ਬਰਾੜ ਚੰਨੂ ਵਾਲਾ ਨੇ ਅੱਗੇ ਕਿਹਾ ਕਿ ਅਕਾਲੀ ਦਲ ਆਉਣ ਵਾਲੇ ਸਮੇਂ ਵਿੱਚ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਜੁੜ ਕੇ ਉਹਨਾਂ ਦੀਆਂ ਸਮੱਸਿਆਵਾਂ ਨੂੰ ਉਠਾਏਗਾ ਅਤੇ ਪੰਜਾਬ ਨੂੰ ਮੁੜ ਤਰੱਕੀ ਦੇ ਰਾਹ 'ਤੇ ਲਿਆਂਦਾ ਜਾਵੇਗਾ। ਤਲਵਾਰ ਨੇ ਵਿਸ਼ਵਾਸ ਜਤਾਇਆ ਕਿ 2027 ਵਿੱਚ ਪੰਜਾਬ ਦੀ ਜਨਤਾ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਕੇ ਇਕ ਵਾਰ ਫਿਰ ਖੇਤਰੀ ਪਾਰਟੀ ਨੂੰ ਸੱਤਾ ਵਿੱਚ ਲਿਆਵੇਗੀ।

ਖਮਾਣੋਂ ਵਿਖੇ 17 ਸਾਲਾ ਨੌਜਵਾਨ ਦਾ ਕਿਰਚਾਂ ਮਾਰ ਕੇ ਕਤਲ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ) ਸਕੂਲ ਚ ਪੜ੍ਹਦੇ ਦੋਸਤਾਂ ਵੱਲੋਂ ਆਪਣੇ ਹੀ ਇੱਕ ਦੋਸਤ ਦਾ ਬੇਰਹਿਮੀ ਨਾਲ ਕਤਲ ਕਰ ਦਿੱਤੇ ਜਾਣ ਦਾ ਸਮਾਚਾਰ ਹੈ। ਸੂਤਰਾਂ ਅਨੁਸਾਰ ਮਾਨਵਿੰਦਰ ਸਿੰਘ ਉਰਫ ਮਾਨ ਪੁੱਤਰ ਹਰਦੀਪ ਸਿੰਘ ਹੈਪੀ (17) ਜੋ ਕਿ ਖਮਾਣੋਂ ਦੇ ਇੱਕ ਪ੍ਰਾਈਵੇਟ ਸਕੂਲ 'ਚ ਬਾਰ੍ਹਵੀਂ ਕਲਾਸ ਦਾ ਮੈਡੀਕਲ ਦਾ ਵਿਦਿਆਰਥੀ ਸੀ ਤੇ ਮਾਪਿਆਂ ਦਾ ਇਕਲੌਤਾ ਪੁੱਤਰ ਸੀ ਆਪਣੇ ਸਕੂਲ 'ਚ ਪੜ੍ਹਦੇ ਮੁੰਡਿਆਂ ਨਾਲ ਕਿਸੇ ਮਾਮੂਲੀ ਤਕਰਾਰ ਨੂੰ ਸੁਲਝਾਉਣ ਦੇ ਲਈ ਉਨ੍ਹਾਂ ਨਾਲ ਖੜ੍ਹਾ ਗੱਲਬਾਤ ਕਰ ਰਿਹਾ ਸੀ ਤਾਂ ਉਹਨਾਂ ਦਾ ਆਪਸ 'ਚ ਝਗੜਾ ਹੋ ਗਿਆ ਜਿਸ ਦੇ ਚਲਦਿਆਂ ਮੁੰਡਿਆਂ ਨੇ ਕਿਰਚਾਂ ਮਾਰ ਕੇ ਮਨਵਿੰਦਰ ਸਿੰਘ ਉਰਫ ਮਾਨ ਦਾ ਕਤਲ ਕਰ ਦਿੱਤਾ।ਮ੍ਰਿਤਕ ਦੇ ਤਾਏ ਸੁਰਿੰਦਰ ਸਿੰਘ ਸ਼ਿੰਦਾ ਨੇ ਪੁਲਿਸ ਨੂੰ ਦੱਸਿਆ ਕਿ ਜਦੋਂ ਉਹ ਮੌਕੇ 'ਤੇ ਪੁੱਜਾ ਤਾਂ ਉਸ ਦੇ ਭਤੀਜੇ

ਮਾਨਵਿੰਦਰ ਨੂੰ ਮੁੰਡਿਆਂ ਨੇ ਲਹੂ ਲੁਹਾਣ ਕੀਤਾ ਪਿਆ ਸੀ। ਜਿਸ ਨੂੰ ਲੋਕਾਂ ਦੀ ਮਦਦ ਨਾਲ ਚੁੱਕ ਕੇ ਹਸਪਤਾਲ ਲਿਜਾਇਆ ਗਿਆ ਤਾਂ ਡਾਕਟਰਾਂ ਨੇ ਮਨਵਿੰਦਰ ਨੂੰ ਮ੍ਰਿਤਕ ਕਰਾਰ ਦੇ ਦਿੱਤਾ।ਜਦੋਂ ਕਿ ਦੂਸਰੀ ਧਿਰ ਦੇ ਗੁਰਸਿਮਰਨ ਸਿੰਘ ਨਾਮਕ ਨੌਜਵਾਨ ਦੇ ਵੀ ਇਸ ਲੜਾਈ ਦੌਰਾਨ ਕਥਿਤ ਤੌਰ 'ਤੇ ਸੱਟਾਂ ਲੱਗਣ ਦੀ ਸੂਚਨਾ ਹੈ । ਇਸ ਮਾਮਲੇ ਸਬੰਧੀ ਡੀ ਐਸ ਪੀ ਗੁਰਮੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਤਲ ਦੇ ਸਬੰਧ 'ਚ ਮ੍ਰਿਤਕ ਮਾਨਵਿੰਦਰ ਸਿੰਘ ਦੇ ਪਿਤਾ ਹਰਦੀਪ ਸਿੰਘ ਵਾਸੀ ਖਮਾਣੋਂ ਦੇ ਬਿਆਨਾਂ 'ਤੇ ਦੋ ਲੜਕਿਆਂ ਵਿਰੁੱਧ ਥਾਣਾ ਖਮਾਣੋਂ ਵਿਖੇ ਕੇਸ ਦਰਜ ਕਰ ਲਿਆ ਗਿਆ ਹੈ।

ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਮੋਗਾ ਸ਼ਹਿਰੀ ਕਮੇਟੀ ਦੀ ਮੀਟਿੰਗ

ਮੋਗਾ (ਇਕਬਾਲ ਸਿੰਘ ਖਹਿਰਾ) ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਮੀਤ ਪ੍ਰਧਾਨ ਬੱਗਾ ਸਿੰਘ ਨੇ ਦੱਸਿਆ ਕਿ ਮੋਗਾ ਦਾਣਾ ਮੰਡੀ ਦੇ ਵਿੱਚ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਮੋਗਾ ਸ਼ਹਿਰੀ ਇਕਾਈ ਦੀ ਮੀਟਿੰਗ ਕੀਤੀ ਗਈ।ਸੂਬਾ ਐਡਹਾਕ ਕਮੇਟੀ ਦੇ ਸੂਬਾ ਕਨਵੀਨਰ ਲਖਵੀਰ ਸਿੰਘ ਲੱਖਾ ਵੀ ਵਿਸ਼ੇਸ਼ ਤੌਰ 'ਤੇ ਇਸ ਵਿੱਚ ਪੁੱਜੇ।15 ਜਨਵਰੀ ਨੂੰ ਜੋ ਸਿੰਘਾਂ ਵਾਲੇ

ਕਨਵੈਨਸ਼ਨ ਕੀਤੀ ਸੀ, ਉਸ ਦੀ ਰਿਪੋਰਟ ਕੀਤੀ ਗਈ।ਸ਼ਹਿਰੀ ਮਜ਼ਦੂਰ ਖੇਤੀ ਨਾਲ ਨਹੀਂ ਜੁੜੇ, ਬਹੁਤ ਪਿੰਡਾਂ ਦੇ ਰਹਿਣ ਵਾਲੇ ਹਨ।ਉਹ ਅਲੱਗ-ਅਲੱਗ ਕੰਮ ਕਰਦੇ ਹਨ।ਜ਼ਿਆਦਾ ਮੈਂਬਰ ਜੁਗਾੜੂ ਰੇੜੀਆਂ ਵਾਲੇ ਹਨ, ਜਿਨਾਂ ਨੇ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੀ ਮੈਂਬਰਸ਼ਿਪ ਲੈ ਕੇ ਇਸ ਦੇ ਝੰਡੇ ਥੱਲੇ ਕੰਮ ਕਰਨ ਦਾ ਫੈਸਲਾ ਲਿਆ ਸੀ। ਕੁਝ ਸਾਥੀ ਹਾਲੇ ਜਥੇਬੰਦੀ ਵਿੱਚ ਸ਼ਾਮਿਲ ਨਹੀਂ ਹੋਏ।ਉਨ੍ਹਾਂ ਨੂੰ ਬੇਨਤੀ ਕੀਤੀ ਗਈ ਕਿ ਉਹ ਵੀ ਜਥੇਬੰਦੀ ਵਿੱਚ ਸ਼ਾਮਲ ਹੋਣ ਤਾਂ ਜੁ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮਜ਼ਦੂਰਾਂ ਦੀਆਂ ਸਮੱਸਿਆਵਾਂ ਬਾਰੇ ਇਕੱਠੇ ਹੋ ਕੇ ਸੰਘਰਸ਼ ਕਰੀਏ।

ਗਣਤੰਤਰ ਦਿਵਸ ਮੌਕੇ ਪ੍ਰਸਿੱਧ ਸ਼ਖਸੀਅਤਾਂ ਤੇ ਅਧਿਕਾਰੀ ਸਨਮਾਨਤ

ਜਗਰਾਉਂ (ਅਮਿਤ ਖੰਨਾ) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ 77ਵਾਂ ਗਣਤੰਤਰ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ।ਵਧੀਕ ਡਿਪਟੀ ਕਮਿ-ਸ਼ਨਰ (ਏ.ਡੀ.ਸੀ.) ਰਾਕੇਸ਼ ਕੁਮਾਰ ਨੇ ਰਾਸ਼ਟਰੀ ਝੰਡਾ ਲਹਿਰਾਇਆ।ਵੱਖ-ਵੱਖ ਪੁਲਸ

ਟੁਕੜੀਆਂ, ਰਾਸ਼ਟਰੀ ਸਿਵਲ ਸੇਵਾ (ਐਨ.ਸੀ.ਸੀ.) ਤੇ ਸਕੂਲੀ ਵਿਦਿਆਰਥੀਆਂ ਨੇ ਸਲਾਮੀ ਦਿੱਤੀ।ਇਸ ਮੌਕੇ ਪੀਟੀ ਸ਼ੋਅ ਆਯੋਜਤ ਕੀਤਾ ਗਿਆ ਤੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਦੇਸ਼ ਭਗਤੀ ਦੀ ਭਾਵਨਾ ਨਾਲ ਭਰਪੂਰ ਇੱਕ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ। ਵਿਦਿਆਰਥੀਆਂ ਨੇ ਦੇਸ਼ ਭਗਤੀ ਦੇ ਗੀਤਾਂ 'ਤੇ ਕੋਰੀਓਗ੍ਰਾਫੀ ਕੀਤੀ।ਆਪਣੇ ਭਾਸ਼ਣ ਵਿੱਚ ਵਧੀਕ ਡਿਪਟੀ ਕਮਿਸ਼ਨਰ (ਏ.ਡੀ.ਸੀ.) ਰਾਕੇਸ਼ ਕੁਮਾਰ ਨੇ ਗਣਤੰਤਰ ਦਿਵਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਵਿਧਾਇਕ ਸਰਬਜੀਤ ਕੌਰ ਮਾਣੂੰਕੇ, ਐਸ.ਡੀ.ਐਮ. ਉਪਿੰਦਰਜੀਤ ਕੌਰ ਬਰਾੜ, ਨਗਰ ਕੌਂਸਲ ਦੇ ਕਾਰਜਕਾਰੀ ਪ੍ਰਧਾਨ ਕੰਵਰਪਾਲ ਸਿੰਘ, ਮੀਤ ਪ੍ਰਧਾਨ ਜਗਜੀਤ ਸਿੰਘ ਜੱਗੀ, ਈਓ ਮੋਹਿਤ ਸ਼ਰਮਾ, ਡਿਪਟੀ ਤਹਸੀਲਦਾਰ ਪੁਸ਼ਪਿੰਦਰ ਸਿੰਘ ਤੇ ਇਲਾਕੇ ਦੇ ਹੋਰ ਪਤਵੰਤੇ ਮੌਜੂਦ ਸਨ। ਵੱਖ-ਵੱਖ ਅਜ਼ਾਦੀ ਘੁਲਾਟੀਆਂ ਦੇ ਪਰਵਾਰਕ ਮੈਂਬਰਾਂ, ਪ੍ਰਸਿੱਧ ਸ਼ਖਸੀਅਤਾਂ ਅਤੇ ਅਧਿਕਾਰੀਆਂ ਨੂੰ ਸਨਮਾਨਤ ਕੀਤਾ ਗਿਆ ਤੇ ਸੱਭਿਆਚਾਰਕ ਪ੍ਰੋਗਰਾਮ ਵਿੱਚ ਹਿੱਸਾ ਲੈਣ ਵਾਲੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਪੂਰੇ ਪ੍ਰੋਗਰਾਮ ਦੀ ਮੇਜ਼ਬਾਨੀ ਕੈਪਟਨ ਨਰੇਸ਼ ਵਰਮਾ ਤੇ ਲੈਕਚਰਾਰ ਜਤਿੰਦਰ ਸਿੰਘ ਨੇ ਕੀਤੀ।

ਗੈਰ-ਕਾਨੂੰਨੀ ਕੁਨੈਕਸ਼ਨਾਂ ਕਾਰਨ ਨਗਰ ਨਿਗਮ ਨੂੰ ਹੋ ਰਿਹਾ ਵੱਡਾ ਵਿੱਤੀ ਨੁਕਸਾਨ

ਪਟਿਆਲਾ (ਰਾਜਿੰਦਰ ਸਿੰਘ ਬਿੰਦ)- ਨਗਰ ਨਿਗਮ ਪਟਿਆਲਾ ਵੱਲੋਂ ਸ਼ਹਿਰ ਵਿੱਚ ਵਿਕਸਿਤ ਹੋ ਰਹੀਆਂ ਸਰਕਾਰੀ ਅਤੇ ਗੈਰ ਸਰਕਾਰੀ ਕਲੋਨੀਆਂ ਅਤੇ ਫਲੈਟਸ ਤੋਂ ਵਾਟਰ ਸਪਲਾਈ ਅਤੇ ਸੀਵਰੇਜ ਕੁਨੈਕਟੀਵਿਟੀ ਚਾਰਜਿਜ਼ ਨਾ ਜਮ੍ਹਾਂ ਹੋਣ ਕਾਰਨ ਨਿਗਮ ਨੂੰ ਹੋ ਰਹੇ ਵੱਡੇ ਵਿੱਤੀ ਨੁਕਸਾਨ 'ਤੇ ਵਿਚਾਰ ਸਬੰਧੀ ਮੇਅਰ ਕੁੰਦਨ ਗੋਗੀਆ ਵਲੋਂ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਸਬੰਧੀ ਵੱਖ-ਵੱਖ ਸ਼ਾਖਾਵਾਂ ਨਾਲ ਹੋਈਆਂ ਮੀਟਿੰਗਾਂ ਦੌਰਾਨ ਇਹ ਮਾਮਲਾ

ਸਾਹਮਣੇ ਆਇਆ ਕਿ ਕਈ ਕੋਲੋਨਾਈਜ਼ਰ ਅਤੇ ਸਰਕਾਰੀ ਵਿਭਾਗ ਨਗਰ ਨਿਗਮ ਦੀਆਂ ਵਾਟਰ ਸਪਲਾਈ ਅਤੇ ਸੀਵਰੇਜ ਲਾਈਨਾਂ ਨਾਲ ਆਪਣੇ ਕੁਨੈਕਸ਼ਨ ਜੋੜ ਤਾਂ ਲੈਂਦੇ ਹਨ, ਪਰ ਇਸ ਦੇ ਬਦਲੇ ਲਾਗੂ ਕੁਨੈਕਟੀਵਿਟੀ ਚਾਰਜਿਜ਼ ਜਮ੍ਹਾਂ ਨਹੀਂ ਕਰਵਾਏ ਜਾਂਦੇ। ਸ਼ਹਿਰ ਦੀਆਂ ਕਈ ਪ੍ਰਮੁੱਖ ਕਲੋਨੀਆਂ ਅਤੇ ਫਲੈਟ ਪ੍ਰੋਜੈਕਟ ਜਿਵੇਂ ਕਿ ਗੋਕੂਲ ਟਾਵਰ, ਸਨੀ ਇੰਨਕਲੇਵ (ਦੇਵੀਗੜ੍ਹ ਰੋਡ), ਸਨੀ ਇੰਨਕਲੇਵ (ਡੀ.ਸੀ.ਡਬਲਿਊ.), ਸਿਟੀ ਸੈਂਟਰ, ਸੱਤਿਆ ਇੰਨਕਲੇਵ ਅਤੇ ਪੁੱਡਾ ਇੰਨਕਲੇਵ (ਮਿੰਨੀ ਸਕੱਤਰੇਤ ਰੋਡ ਅਤੇ ਰਾਜਪੁਰਾ ਰੋਡ) ਆਦਿ ਵਿੱਚ ਇਹ ਹਾਲਤ ਸਾਹਮਣੇ ਆਈ ਹੈ ਕਿ ਨਗਰ ਨਿਗਮ ਦੀਆਂ ਸਹੂਲਤਾਂ ਦੀ ਵਰਤੋਂ ਕੀਤੀ ਜਾ ਰਹੀ ਹੈ ਪਰ ਨਿਯਮਾਂ ਅਨੁਸਾਰ ਬਣਦੇ ਚਾਰਜਿਜ਼ ਅਦਾ ਨਹੀਂ ਕੀਤੇ ਗਏ।ਮੇਅਰ ਨੇ ਦੱਸਿਆ ਕਿ ਇਸ ਤਰ੍ਹਾਂ ਦੀ ਲਾਪਰਵਾਹੀ ਕਾਰਨ ਨਗਰ ਨਿਗਮ ਪਟਿਆਲਾ ਨੂੰ ਲੱਖਾਂ ਰੁਪਏ ਦਾ ਵਿੱਤੀ ਨੁਕਸਾਨ ਹੋ ਰਿਹਾ ਹੈ, ਜੋ ਸ਼ਹਿਰ ਦੀਆਂ ਬੁਨਿਆਦੀ ਸਹੂਲਤਾਂ ਦੇ ਵਿਕਾਸ ਵਿੱਚ ਰੁਕਾਵਟ ਬਣ ਸਕਦਾ ਹੈ। ਇਸ ਮਸਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਨਗਰ ਨਿਗਮ ਮੇਅਰ ਵੱਲੋਂ ਸਬੰਧਤ ਸ਼ਾਖਾ ਨੂੰ ਹੁਕਮ ਦਿੱਤੇ ਗਏ ਹਨ ਕਿ ਸ਼ਹਿਰ ਵਿੱਚ ਕੋਲੋਨਾਈਜ਼ਰਾਂ ਵੱਲੋਂ ਕੱਟੀਆਂ ਗਈਆਂ ਸਰਕਾਰੀ ਅਤੇ ਗੈਰ ਸਰਕਾਰੀ ਕਲੋਨੀਆਂ ਅਤੇ ਫਲੈਟਸ ਦਾ ਵਿਸਥਾਰਪੂਰਵਕ ਸਰਵੇ ਕਰਵਾਇਆ ਜਾਵੇ।ਸਰਵੇ ਦੇ ਆਧਾਰ 'ਤੇ ਜਿੱਥੇ-ਜਿੱਥੇ ਵਾਟਰ ਸਪਲਾਈ ਅਤੇ ਸੀਵਰੇਜ ਕੁਨੈਕਸ਼ਨ ਬਿਨਾਂ ਚਾਰਜਿਜ਼ ਜਮ੍ਹਾਂ ਕਰਵਾਏ ਲਏ ਗਏ ਹਨ, ਉੱਥੇ ਨਿਯਮਾਂ ਅਨੁ

29 Jan Page 6.qxd 1/28/2026 9:20 PM Page 1

ਕਿਸਾਨ ਜਥੇਬੰਦੀਆਂ ਨੇ ਗਣਤੰਤਰ ਦਿਵਸ 'ਤੇ ਟਰੈਕਟਰ ਮਾਰਚ ਕੱਢਿਆ

ਜਗਰਾਉਂ (ਸੰਜੀਵ ਅਰੋੜਾ)- ਸੰਯੁਕਤ ਕਿਸਾਨ ਮੋਰਚਾ ਭਾਰਤ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਜ਼ਿਲ੍ਹਾ ਲੁਧਿਆਣਾ ਵਿਚ ਜਗਰਾਉਂ, ਰਾਏਕੋਟ, ਸਿੱਧਵਾਂ ਬੇਟ, ਸੁਧਾਰ, ਜੋਧਾਂ, ਪਾਇਲ, ਦੋਰਾਹਾ

ਅਤੇ ਸ਼ਹਿਰਾਂ ਵਿੱਚ ਦਿੱਲੀ ਸੰਘਰਸ਼ ਦੀ ਪੰਜਵੀਂ ਵਰ੍ਹੇਗੰਢ 'ਤੇ ਟਰੈਕਟਰ ਪਰੇਡ ਕੀਤੀ ਗਈ। ਜਗਰਾਓਂ ਵਿੱਚ ਕੀਤੀ ਪਰੇਡ ਵਿਚ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਮਹਿੰਦਰ ਸਿੰਘ ਕਮਾਲਪੁਰਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੇਂਦਰ ਸਰਕਾਰ ਲਗਾਤਾਰ ਕਿਸਾਨ ਮਜ਼ਦੂਰ ਅਤੇ ਆਮ ਲੋਕਾਂ ਨੂੰ ਮਾਰਨ ਲਈ ਕਾਰਪੋਰੇਟਾਂ ਦੇ ਹੱਕ ਵਿੱਚ ਨਵੇਂ ਤੋਂ ਨਵੇਂ ਕਾਨੂੰਨ ਬਣਾਉਣ ਲਈ ਤਤਪਰ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਜਾਇਦਾਦਾਂ ਨੂੰ ਕਾਰਪੋਰੇਟਾਂ ਨੂੰ ਵੇਚਣ ਦੇ ਮਨਸੂਬੇ ਕਾਮਯਾਬ ਨਹੀਂ ਹੋਣ ਦਿਆਂਗੇ। ਟਰੈਕਟਰ ਪਰੇਡ ਪਸ਼ੂ ਮੰਡੀ ਜਗਰਾਉਂ ਤੋਂ ਸ਼ੁਰੂ ਹੋ ਕੇ ਅਲੀਗੜ੍ਹ ਪੁਲ ਦੇ ਥੱਲੇ ਦੀ ਕੱਚਾ ਮਲਕ ਚੌਂਕ ਕਚਿਹਰੀ ਚੌਂਕ 'ਚੋਂ ਹੋ ਕੇ ਝਾਂਸੀ ਰਾਣੀ ਚੌਕ ਕੋਲ ਸਮਾਪਤੀ ਹੋਈ। ਇਸ ਪਰੇਡ ਵਿਚ ਜ਼ਿਲ੍ਹਾ ਸਕੱਤਰ ਬਚਿੱਤਰ ਸਿੰਘ ਜਨੇਤਪੁਰਾ, ਜ਼ਿਲ੍ਹਾ ਮੀਤ ਪ੍ਰਧਾਨ ਬਲਵਿੰਦਰ ਸਿੰਘ, ਮਨਜਿੰਦਰ ਸਿੰਘ ਮੋਰਕਰੀਮਾ, ਬਲਾਕ ਪ੍ਰਧਾਨ ਹਰਜੀਤ ਸਿੰਘ ਜੌਹਲ, ਬਲਾਕ ਪ੍ਰਧਾਨ ਹਰਚੰਦ ਸਿੰਘ ਢੋਲਣ, ਦਲਵੀਰ ਸਿੰਘ ਬੁਰਜ ਕੁਲਾਰਾ, ਜਗਤਾਰ ਸਿੰਘ ਚੀਮਾਂ, ਜਗਤਾਰ ਸਿੰਘ ਸਰਪੰਚ ਮਲਕ, ਸੁਖਵਿੰਦਰ ਸਿੰਘ ਸਰਪੰਚ, ਕਲਦੀਪ ਸਿੰਘ ਗੁਰੂਸਰ ਕਾਉਂਕੇ, ਇਕਬਾਲ ਸਿੰਘ ਲੀਲਾਂ, ਬਲਦੇਵ ਸਿੰਘ ਢੋਲਣ, ਕਰਨੈਲ ਸਿੰਘ ਸਰਪੰਚ, ਤਰਸੇਮ ਸਿੰਘ ਡੱਲਾ, ਕੁਲਦੀਪ ਸਿੰਘ ਚਕਰ, ਲਾਡੀ ਹਠੂਰ, ਕੁਲਦੀਪ ਸਿੰਘ ਕਾਉਂਕੇ, ਸਰਗਣ ਸਿੰਘ ਰਸੂਲਪੁਰ, ਮੀਤਾ ਪ੍ਰਧਾਨ ਡਾਂਗੀਆ, ਜਸਪ੍ਰੀਤ ਸਿੰਘ ਚੀਮਾਂ, ਗੁਰਇਕਬਾਲ ਸਿੰਘ ਰੂਮੀ, ਗੁਰਦੀਪ ਸਿੰਘ ਹਾਂਸ, ਹਰਬੰਸ ਸਿੰਘ ਬਾਰਦੇਕੇ, ਡਾ.ਸ਼ਿਗਾਰਾ ਸਿੰਘ ਕੋਠੇ ਪੋਨਾ, ਬਲਦੇਵ ਸਿੰਘ ਛੱਜਾਵਾਲ, ਸਾਧੂ ਸਿੰਘ ਲੱਖਾ, ਸਾਧੂ ਸਿੰਘ ਸਰਪੰਚ ਮਾਣੂੰਕੇ, ਸੁੱਖੀ ਮੱਲਾ, ਚਮਕੌਰ ਸਿੰਘ ਲੰਮਾ, ਸਤਿਨਾਮ ਸਿੰਘ ਬੱਸੂਵਾਲ ਤੇ ਦਲੀਪ ਸਿੰਘ ਚੀਮਾਂ ਆਦਿ ਹਾਜ਼ਰ ਸਨ।

ਨਾਟਕ 'ਹਮਾਰੇ ਰਾਮ' ਦੇ ਸ਼ੋਅ ਵਿਖਾਉਣ ਦੇ ਫੈਸਲੇ ਦੀ ਸਖ਼ਤ ਨਿਖੇਧੀ

ਬਰਨਾਲਾ (ਪੱਤਰ ਪ੍ਰੇਰਕ) ਤਰਕਸ਼ੀਲ ਸੁਸਾਇਟੀ ਪੰਜਾਬ ਨੇ ਪੰਜਾਬ ਸਰਕਾਰ ਵੱਲੋਂ ਪਿਛਲੇ ਹਫ਼ਤੇ ਕੈਬਨਿਟ ਮੀਟਿੰਗ ਵਿੱਚ ਪਾਸ ਕੀਤੇ ਫੈਸਲੇ ਤਹਿਤ ਪੰਜਾਬ ਦੇ ਵੱਖ-ਵੱਖ ਸ਼ਹਿਰਾਂ 'ਚ ਸਰਕਾਰੀ ਖ਼ਰਚੇ 'ਤੇ ਸਟੇਜ ਨਾਟਕ 'ਹਮਾਰੇ ਰਾਮ' ਦੇ 40 ਸ਼ੋਅ ਵਿਖਾਉਣ ਦੇ ਗੈਰ ਸੰਵਿਧਾਨਕ ਫ਼ੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸਨੂੰ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਹੈ ਤੇ ਧਾਰਮਿਕ ਆਸਥਾ ਦੀ ਬਜਾਏ ਆਮ ਲੋਕਾਂ ਦੀਆਂ ਬੁਨਿਆਦੀ ਲੋੜਾਂ ਦੀ ਪੂਰਤੀ ਵੱਲ ਵੱਧ ਧਿਆਨ ਦੇਣ ਦੀ ਮੰਗ ਕੀਤੀ ਹੈ। ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋਂ, ਰਾਜਪਾਲ ਸਿੰਘ, ਸੁਮੀਤ ਅੰਮ੍ਰਿਤਸਰ, ਰਾਮ ਸਵਰਨ ਲੱਖੇਵਾਲੀ ਤੇ ਜਸਵਿੰਦਰ ਫਗਵਾੜਾ ਨੇ ਤਰਕਸ਼ੀਲ਼ ਭਵਨ ਤੋਂ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਭਾਰਤੀ ਸੰਵਿਧਾਨ ਅਨੁਸਾਰ ਭਾਰਤੀ ਸਟੇਟ ਦਾ ਇਕ ਧਰਮ ਨਿਰਲੇਪ ਆਧਾਰ ਹੈ ਤੇ ਧਰਮ ਨੂੰ ਮੰਨਣ ਜਾਂ ਨਾ ਮੰਨਣ ਦਾ ਹਰੇਕ ਵਿਅਕਤੀ ਦਾ ਨਿੱਜੀ ਮਾਮਲਾ ਹੈ। ਇਸ ਲਈ ਪੰਜਾਬ ਸਰਕਾਰ ਵੱਲੋਂ ਲੋਕਾਂ ਤੋਂ ਟੈਕਸਾਂ ਦੇ ਰੂਪ 'ਚ ਇਕੱਠੇ ਕੀਤੇ ਕੀਮਤੀ ਜਨਤਕ ਸਰਮਾਏ ਨੂੰ ਕਿਸੇ ਵੀ ਧਰਮ ਨੂੰ ਉਤਸ਼ਾਹਤ ਕਰਨ ਅਤੇ ਧਾਰਮਿਕ ਕਾਰਜਾਂ ਉਤੇ ਫ਼ਜ਼ੂਲ ਖਰਚ ਕਰਨ ਦਾ ਕੋਈ ਸੰਵਿਧਾਨਿਕ ਅਧਿਕਾਰ ਨਹੀਂ ਹੈ। ਤਰਕਸ਼ੀਲ ਆਗੂਆਂ ਨੇ ਮੋਦੀ ਸਰਕਾਰ ਦੇ ਦਬਾਅ ਹੇਠ ਕੀਤੇ ਇਸ ਫੈਸਲੇ ਦਾ ਡਟਵਾਂ ਵਿਰੋਧ ਕਰਦਿਆਂ ਕਿਹਾ ਕਿ ਪ੍ਰਤੀ ਵਿਅਕਤੀ 799 ਰੁਪਏ ਦੀ ਟਿਕਟ ਦੇ ਸਰਕਾਰੀ ਖਰਚੇ 'ਤੇ ਕਿਸੇ ਵਿਸ਼ੇਸ਼ ਧਰਮ ਨਾਲ ਸਬੰਧਿਤ ਧਾਰਮਿਕ ਨਾਟਕ ਵਿਖਾਉਣ ਤੇ ਧਾਰਮਿਕ ਸਮਾਗਮ ਕਰਾਉਣ ਦੇ ਫੈਸਲਿਆਂ ਦਾ ਆਮ ਲੋਕਾਂ ਦੇ ਬੁਨਿਆਦੀ ਵਿਕਾਸ ਜਾਂ ਭਲਾਈ ਨਾਲ ਕੋਈ ਸੰਬੰਧ ਨਹੀਂ ਹੈ ਤੇ ਅਜਿਹਾ ਫੈਸਲਾ ਜਿੱਥੇ ਫ਼ਿਰਕੂ ਸਿਆਸੀ ਹਿੱਤਾਂ ਤੇ ਅਧਾਰਤ ਹੈ, ਉੱਥੇ ਹੀ ਭਾਰਤੀ ਸੰਵਿਧਾਨ ਦੀ ਧਾਰਾ 51-ਏ (ਐੱਚ) ਹੇਠ ਨਾਗਰਿਕਾਂ ਦੇ ਵਿਗਿਆਨਕ ਚੇਤਨਾ ਦੇ ਵਿਕਾਸ ਦੀ ਭਾਵਨਾ ਦੇ ਬਿਲਕੁਲ ਉਲਟ ਵੀ ਹੈ। ਤਰਕਸ਼ੀਲ ਆਗੂਆਂ ਨੇ ਦੋਸ਼ ਲਾਇਆ ਕਿ ਇਕ ਪਾਸੇ ਪੰਜਾਬ ਸਰਕਾਰ ਵੱਲੋਂ ਫੰਡਾਂ ਦੀ ਘਾਟ ਕਰਕੇ ਪੰਜਾਬ ਦੇ ਪੜ੍ਹੇ-ਲਿਖੇ ਲੱਖਾਂ ਬੇਰੁਜ਼ਗਾਰ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਤੋਂ ਵਾਂਝਿਆਂ ਰੱਖਿਆ ਜਾ ਰਿਹਾ ਹੈ, ਪੁਰਾਣੀ ਪੈਨਸ਼ਨ ਸਕੀਮ ਨੂੰ ਬਹਾਲ ਨਹੀਂ ਕੀਤਾ ਜਾ ਰਿਹਾ ਤੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਅਤੇ ਅਧਿਆਪਕਾਂ ਦੀਆਂ ਹੱਕੀ ਆਰਥਿਕ ਮੰਗਾਂ ਮੰਨਣ ਤੋਂ ਇਨਕਾਰ ਕੀਤਾ ਜਾ ਰਿਹਾ ਹੈ ਪਰ ਇਸਦੇ ਬਿੱਲਕੁਲ ਉਲਟ ਲੋਕਾਂ ਦੀ ਧਾਰਮਿਕ ਆਸਥਾ ਦੀ ਆੜ ਹੇਠ ਵੋਟਾਂ ਬਟੋਰਨ ਦੀ ਫ਼ਿਰਕੂ ਸਿਆਸਤ ਕਰਕੇ ਕਰੋੜਾਂ ਰੁਪਏ ਦੀ ਬਰਬਾਦੀ ਕੀਤੀ ਜਾ ਰਹੀ ਹੈ।

ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦੇ ਦਿੜ੍ਹਬਾ ਬਲਾਕ ਦੇ ਪਿੰਡਾਂ ਦੀਆਂ ਇਕਾਈਆਂ ਦੀ ਮੀਟਿੰਗ

ਦਿੜ੍ਹਬਾ (ਜਸਵੀਰ ਲਾਡੀ)- ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦੇ ਦਿੜ੍ਹਬਾ ਬਲਾਕ ਦੇ ਪਿੰਡ ਇਕਾਈਆਂ ਦੀ ਮੀਟਿੰਗ ਬਲਾਕ ਦੇ ਸੀਨੀਅਰ ਮੀਤ ਪ੍ਰਧਾਨ ਨਾਇਬ ਸਿੰਘ ਗੁੱਜਰਾਂ ਦੀ ਅਗਵਾਈ ਹੇਠ ਗੁਰਦੁਆਰਾ ਬਾਬਾ ਬੈਰਸੀਆਣਾ ਸਾਹਿਬ ਵਿਖੇ ਕੀਤੀ ਗਈ, ਜਿਸ ਵਿੱਚ ਬਹੁ ਸੰਮਤੀ ਪਿੰਡ ਇਕਾਈਆਂ ਨੇ ਵਧ ਚੜ੍ਹ ਕੇ ਭਾਗ ਲਿਆ। ਇਸ ਮੀਟਿੰਗ 'ਚ ਫੰਡਾਂ ਬਾਰੇ ਵਿਚਾਰ ਚਰਚਾ ਕੀਤੀ ਗਈ ਅਤੇ ਜਿਹੜੀਆਂ ਪਿੰਡ ਇਕਾਈਆਂ ਨੇ ਚਿੱਪਾਂ ਵਾਲੇ ਮੀਟਰ ਪੁੱਟ ਕੇ ਲਿਆਂਦੇ ਹਨ, ਉਹ ਮੀਟਰ ਦਿੜ੍ਹਬਾ ਦੇ ਬਿਜਲੀ ਬੋਰਡ ਦੇ ਐਸ ਡੀ ਓ ਕੋਲ ਜਮਾਂ ਕਰਵਾਏ ਜਾਣਗੇ ਅਤੇ 5 ਫਰਵਰੀ ਵਾਲਾ ਪ੍ਰੋਗਰਾਮ ਐਮ ਐਲ ਏ ਦੇ ਘਰਾਂ/ਦਫ਼ਤਰਾਂ ਅੱਗੇ ਦਿੱਤਾ ਜਾਵੇਗਾ, ਜਿਵੇਂ ਕਿ ਬਿਜਲੀ ਸੋਧ ਬਿੱਲ 2025/ ਸੀਡ ਬਿੱਲ 2025 ਅਤੇ ਮਨਰੇਗਾ ਕਾਨੂੰਨ ਵਿੱਚ ਕੀਤੀਆਂ ਗਈਆਂ ਤਬਦੀਲੀਆਂ ਦੇ ਵਿਰੋਧ ਕਰਨ ਸਬੰਧੀ, ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦੀ ਪਿੰਡ ਇਕਾਈ ਖੇਤਲਾ ਵੱਲੋਂ 35 ਚਿੱਪ ਵਾਲੇ ਮੀਟਰ ਪੁੱਟ ਕੇ ਦਿੜ੍ਹਬਾ ਦੇ ਬਿਜਲੀ ਬੋਰਡ ਦੇ ਐਸ ਡੀ ਓ ਦਿਹਾਤੀ ਨੂੰ ਜਮਾਂ ਕਰਵਾਏ ਗਏ। ਅੱਜ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਆਗੂ ਗੁਰਮੇਲ ਸਿੰਘ ਕੈਪਰ ਅਤੇ ਬਲਾਕ ਦੇ ਆਗੂ ਬਲਦੇਵ ਸਿੰਘ ਉੱਭਿਆ ਅਤੇ ਬਲਾਕ ਦੇ ਸੀਨੀਅਰ ਮੀਤ ਪ੍ਰਧਾਨ ਨਾਇਬ ਸਿੰਘ ਗੁੱਜਰਾਂ ਨੇ ਕਿਹਾ ਕਿ ਸਰਕਾਰ ਨੂੰ ਆਪਣੇ ਮਨਸੂਬਿਆਂ ਵਿੱਚ ਕਾਮਯਾਬ ਨਹੀ ਹੋਣ ਦਿੱਤਾ ਜਾਵੇਗਾ। ਮੀਟਿੰਗ ਵਿੱਚ ਜਸਪ੍ਰੀਤ ਸਿੰਘ ਹਰੀਗੜ੍ਹ, ਰਣਵੀਰ ਸਿੰਘ ਬਘਰੋਲ, ਚਰਨਜੀਤ ਸਿੰਘ ਘਨੌੜ ਸੰਤਪੁਰਾ, ਬੁੱਧ ਸਿੰਘ ਸਿੰਦੜਾ, ਬਘੇਲ ਸਿੰਘ ਦਿੜ੍ਹਬਾ ਆਦਿ ਹਾਜ਼ਰ ਸਨ, ਵਿਸ਼ੇਸ਼ ਤੌਰ 'ਤੇ ਰਾਜਦੀਪ ਸਿੰਘ, ਗੁਰਮੀਤ ਸਿੰਘ ਧੌਲਾ ਪੱਤੀ ਦਿੜ੍ਹਬਾ ਆਪਣੇ ਸਾਥੀਆਂ ਸਮੇਤ ਬੀ ਕੇ ਯੂ ਉਗਰਾਹਾਂ ਜੱਥੇਬੰਦੀ ਨੂੰ ਛੱਡ ਕੇ ਬੀਕੇਯੂ ਅਜ਼ਾਦ ਵਿੱਚ ਸ਼ਾਮਲ ਸਨ।

ਸੀ ਡੀ ਪੀ ਓ ਦਫ਼ਤਰ ਨੂੰ ਹੜਤਾਲ ਸੰਬੰਧੀ ਦਿੱਤਾ ਨੋਟਿਸ

ਬੁਢਲਾਡਾ (ਅਸ਼ੋਕ ਲਾਕੜਾ) ਆਂਗਣਵਾੜੀ ਮੁਲਾਜ਼ਮ ਯੂਨੀਅਨ (ਸੀਟੂ) ਨੇ ਸੀਡੀਪੀਓ ਦਫ਼ਤਰ ਨੂੰ 12 ਫਰਵਰੀ ਦੀ ਦੇਸ਼ ਵਿਆਪੀ ਹੜਤਾਲ ਸਬੰਧੀ ਨੋਟਿਸ ਦੇ ਕੇ ਹੜਤਾਲ ਦੇ ਐਕਸ਼ਨ 'ਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਹੈ। ਜਥੇਬੰਦੀ ਦੀ ਜ਼ਿਲ੍ਹਾ ਪ੍ਰਧਾਨ ਰਣਜੀਤ ਕੌਰ ਬਰੇਟਾ ਅਤੇ ਬਲਾਕ ਪ੍ਰਧਾਨ ਮਨਜੀਤ ਕੌਰ ਬੀਰੋਕੇ ਨੇ ਦੱਸਿਆ ਕਿ ਸੀਟੂ ਸਮੇਤ ਦੇਸ਼ ਦੀਆਂ ਸਾਰੀਆਂ ਟਰੇਡ ਯੂਨੀਅਨਾਂ ਵੱਲੋਂ ਕਿਰਤੀਆਂ ਕਾਮਿਆਂ ਦੇ ਭੱਖਦੇ ਮੰਗਾਂ ਮਸਲਿਆਂ ਨੂੰ ਹੱਲ ਕਰਾਉਣ ਲਈ ਹੜਤਾਲ ਕੀਤੀ ਜਾ ਰਹੀ ਹੈ। ਉਨ੍ਹਾਂ ਹੜਤਾਲ ਦੀਆਂ ਮੰਗਾਂ ਸਬੰਧੀ ਦੱਸਦਿਆਂ ਮੰਗ ਕੀਤੀ ਕਿ ਚਾਰ ਲੇਬਰ ਕੋਡ ਸਮੇਤ ਨਿਯਮ ਰੱਦ ਕੀਤੇ ਜਾਣ ਤੇ ਆਂਗਣਵਾੜੀ ਮੁਲਾਜ਼ਮਾਂ ਦੇ ਟਰੇਡ ਯੂਨੀਅਨ ਅਧਿਕਾਰਾਂ ਨੂੰ ਮਾਨਤਾ ਦਿੱਤੀ ਜਾਵੇ। ਪੰਜਾਹ ਸਾਲ ਪੂਰੇ ਕਰ ਚੁੱਕੇ ਆਈਸੀਡੀ ਐਸ ਨੂੰ ਸੰਸਥਾਗਤ ਕੀਤਾ ਜਾਵੇ, ਜਿਸ ਵਿੱਚ ਬੁਨਿਆਦੀ ਢਾਂਚਾ, ਚੰਗਾ ਗੁਣਵਤਾ ਵਾਲਾ ਭੋਜਨ ਅਤੇ ਉੱਚਿਤ ਪ੍ਰੀ ਸਕੂਲ ਸਿੱਖਿਆ ਸ਼ਾਮਲ ਹੋਵੇ।ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸਰਕਾਰੀ ਮੁਲਾਜ਼ਮ ਵਜੋਂ ਕ੍ਰਮਵਾਰ ਦਰਜਾ ਤੀਜਾ ਅਤੇ ਦਰਜਾ ਚੌਥਾ ਨਿਯਮਿਤ ਕੀਤਾ ਜਾਵੇ ਤੇ 45ਵੀਂ, 46ਵੀਂ ਭਾਰਤੀ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਲਾਗੂ ਕੀਤੀਆਂ ਜਾਣ। ਸਕੀਮ ਕ੍ਰਮਚਾਰੀਆਂ ਲਈ ਇੱਕ ਵੇਤਨ ਕਮਿਸ਼ਨ ਬਣਾਇਆ ਜਾਵੇ।ਰੈਗੂਲਰ ਕਰਨ ਤੱਕ ਘੱਟੋ ਘੱਟ ਕ੍ਰਮਵਾਰ 26 ਹਜ਼ਾਰ ਰੁਪਏ ਤੇ 10 ਹਜ਼ਾਰ ਰੁਪਏ ਵੇਤਨ ਦਿੱਤਾ ਜਾਵੇ।ਦੇਸ਼ ਭਰ ਵਿੱਚ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ 'ਤੇ ਇਕਸਾਰ ਸੇਵਾ ਸ਼ਰਤਾਂ ਲਾਗੂ ਕੀਤੀਆਂ ਜਾਣ।ਆਂਗਣਵਾੜੀ ਮੁਲਾਜ਼ਮਾਂ ਨੂੰ ਗਰੈਚੂਇਟੀ ਦੇਣ ਸਬੰਧੀ ਮਾਣਯੋਗ ਸੁਪਰੀਮ ਕੋਰਟ ਦੇ ਫੈਸਲੇ ਨੂੰ ਫੌਰੀ ਤੌਰ 'ਤੇ ਪੂਰੇ ਦੇਸ਼ ਵਿੱਚੋਂ ਲਾਗੂ ਕੀਤਾ ਜਾਵੇ।ਆਈਸੀਡੀਐਸ ਦਾ ਕਿਸੇ ਵੀ ਰੂਪ ਵਿੱਚ ਨਿੱਜੀਕਰਨ ਨਾਲ ਕੀਤਾ ਜਾਵੇ।ਕੇ.ਵਾਈ.ਸੀ ਤੇ ਐਫ.ਆਰ.ਐਸ. ਦੇ ਨਾਂਅ 'ਤੇ ਲਾਭਪਾਤਰੀਆਂ ਨੂੰ ਸੂਚੀ ਵਿੱਚੋਂ ਨਾ ਹਟਾਇਆ ਜਾਵੇ। ਡਿਜੀਟਲਕਰਨ ਤੇ ਐਫ.ਆਰ.ਐਸ. ਦੇ ਨਾਂਅ 'ਤੇ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨਾਲ ਉਤਪੀੜਨ ਨਾ ਕੀਤਾ ਜਾਵੇ। ਆਂਗਣਵਾੜੀ ਮੁਲਾਜ਼ਮਾਂ ਤੋਂ ਗੈਰ-ਆਈ.ਸੀ.ਡੀ.ਐਸ. ਵਾਧੂ ਕੰਮ ਨਾ ਲਏ ਜਾਣ। ਬੀ.ਐਲ.ਓ. ਜਾਂ ਐਸ.ਆਈ.ਆਰ. ਦੀ ਡਿਊਟੀ ਨਾ ਲਾਈ ਜਾਵੇ। ਆਂਗਣਵਾੜੀ ਆਗੂ ਨੇ ਇਹ ਵੀ ਮੰਗ ਕੀਤੀ ਕਿ ਸਾਰੇ ਲੋਕ ਵਿਰੋਧੀ ਬਿੱਲ ਤੇ ਕਾਨੂੰਨ ਜਿਵੇਂ ਰਾਸ਼ਟਰੀ ਸਿੱਖਿਆ ਨੀਤੀ-2020,ਵੀ.ਬੀ.ਜੀ ਰਾਮ ਜੀ ਅਧਿਨਿਯਮ-2025, ਬਿਜਲੀ ਸੋਧ ਬਿਲ ਆਦਿ ਵਾਪਸ ਲਏ ਜਾਣ।ਉਨ੍ਹਾਂ ਦੱਸਿਆ ਕਿ 12 ਫਰਵਰੀ ਨੂੰ ਆਂਗਣਵਾੜੀ ਮੁਲਾਜ਼ਮ ਛੁੱਟੀ 'ਤੇ ਰਹਿਣਗੇ।

ਰੋਟਰੀ ਕਲੱਬ ਨਾਭਾ ਵੱਲੋਂ ਗਣਤੰਤਰ ਦਿਵਸ ਮਨਾਇਆ ਗਿਆ

ਨਾਭਾ (ਵਰਿੰਦਰ ਵਰਮਾ)- ਰੋਟਰੀ ਕਲੱਬ ਨਾਭਾ ਪ੍ਰਧਾਨ ਰਵਨੀਸ਼ ਗੋਇਲ ਦੀ ਅਗਵਾਈ ਹੇਠ ਰੋਟਰੀ ਭਵਨ, ਨਾਭਾ ਵਿਖੇ ਗਣਤੰਤਰ ਦਿਵਸ ਅਤੇ ਲੋਹੜੀ ਦਾ ਤਿਉਹਾਰ ਬਹੁਤ ਹੀ ਉਤਸ਼ਾਹ, ਦੇਸ਼ ਭਗਤੀ ਦੀ ਭਾਵਨਾ ਅਤੇ ਰਵਾਇਤੀ ਜੋਸ਼ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰੋਗਰਾਮ ਦੀ ਸ਼ੁਰੂਆਤ ਰਾਸ਼ਟਰੀ ਗੀਤ ਗਾਇਨ ਅਤੇ ਝੰਡਾ ਲਹਿਰਾਉਣ ਨਾਲ ਕੀਤੀ ਗਈ। ਰੋਟਰੀ ਮੈਂਬਰਾਂ ਨੇ ਦੇਸ਼ ਦੀ ਏਕਤਾ, ਅਖੰਡਤਾ ਅਤੇ ਸੰਵਿਧਾਨ ਪ੍ਰਤੀ ਆਪਣੀ ਵਚਨਬੱਧਤਾ ਪ੍ਰਗਟ ਕੀਤੀ। ਸ਼ਾਮ ਨੂੰ, ਲੋਹੜੀ ਦਾ ਤਿਉਹਾਰ ਰੋਟਰੀ ਭਵਨ, ਨਾਭਾ ਵਿਖੇ ਇੱਕ ਪਰਿਵਾਰਕ ਡਿਨਰ ਮੀਟਿੰਗ ਦੇ ਰੂਪ ਵਿੱਚ ਮਨਾਇਆ ਗਿਆ, ਜਿਸ ਵਿੱਚ ਰੋਟਰੀ ਮੈਂਬਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ 'ਤੇ ਪੀ ਡੀ ਜੀ ਰੋਟੇਰੀਅਨ ਅਮਜਦ ਅਲੀ, ਪੀ ਡੀ ਜੀ ਰੋਟੇਰੀਅਨ ਘਣਸ਼ਿਆਮ ਕਾਂਸਲ ਅਤੇ ਡੀ ਜੀ ਈ ਰੋਟੇਰੀਅਨ ਅਮਿਤ ਸਿੰਗਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰਧਾਨ ਰਵਨੀਸ਼ ਗੋਇਲ ਨੇ ਦੱਸਿਆ ਕਿ ਇਸ ਪ੍ਰੋਗਰਾਮ ਨੂੰ ਅਨੰਦਮਈ ਅਤੇ ਯਾਦਗਾਰੀ ਬਣਾ ਦਿੱਤਾ। ਇਸ ਸਮਾਗਮ ਵਿੱਚ ਰੋਟਰੀ ਕਲੱਬ ਨਾਭਾ ਦੇ ਲਗਭਗ 90% ਮੈਂਬਰ ਸ਼ਾਮਲ ਹੋਏ। ਇਸ ਮੌਕੇ ਰੋਟਰੀ ਪਰਿਵਾਰ ਵਿੱਚ ਤਿੰਨ ਨਵੇਂ ਮੈਂਬਰਾਂ ਨੂੰ ਸ਼ਾਮਲ ਕੀਤਾ ਗਿਆ, ਜਿਸ ਨਾਲ ਸੰਸਥਾ ਨੂੰ ਨਵੀਂ ਊਰਜਾ ਅਤੇ ਤਾਕਤ ਮਿਲੀ ਹੈ। ਰੋਟਰੀ ਕਲੱਬ ਨਾਭਾ ਦੇ ਪ੍ਰਧਾਨ ਰੋਟੇਰੀਅਨ ਰਵਨੀਸ਼ ਕੁਮਾਰ ਗੋਇਲ, ਜਨਰਲ ਸਕੱਤਰ ਰੋਟੇਰੀਅਨ ਰੋਹਿਤ ਜਿੰਦਲ ਅਤੇ ਖਜ਼ਾਨਚੀ ਰੋਟੇਰੀਅਨ ਨਿਤਿਨ ਗੁਪਤਾ ਨੇ ਸਾਰੇ ਮੈਂਬਰਾਂ, ਮਹਿਮਾਨਾਂ ਅਤੇ ਪਰਿਵਾਰਕ ਮੈਂਬਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਜੀਵਨ ਪ੍ਰਕਾਸ਼ ਬਾਂਸਲ, ਸਾਬਕਾ ਸਿਵਲ ਸਰਜਨ ਡਾਕਟਰ ਆਈ ਡੀ ਗੋਇਲ, ਦਲਜੀਤ ਸਿੰਘ ਸੰਧੂ, ਜੇ ਪੀ ਗੁਪਤਾ, ਰਾਜ ਜਟਵਾਨੀ, ਦਰਸ਼ਨ ਅਰੋੜਾ, ਦਰਸ਼ਨ ਬੁੱਟਰ, ਮਲਕੀਤ ਸਿੰਘ, ਧੰਨਜੇ ਵਾਲੀਆਂ, ਮਨਦੀਪ ਸਿੰਘ ਭਾਟੀਆ, ਸਸ਼ੀ ਜਿੰਦਲ, ਸਤਿਆਵੀਰ ਜਿੰਦਲ ਅਤੇ ਹੋਰ ਕਲੱਬ ਮੈਂਬਰ ਹਾਜ਼ਰ ਸਨ।

ਲਾਲਾ ਲਾਜਪਤ ਰਾਏ ਦੀ ਜਯੰਤੀ ਉਤਸ਼ਾਹ ਨਾਲ ਮਨਾਈ

ਅਜੀਤਵਾਲ (ਨਛੱਤਰ ਸੰਧੂ) ਹੋਲੀ ਹਾਰਟ ਸਕੂਲ ਅਜੀਤਵਾਲ ਵਿੱਚ ਲਾਲਾ ਲਾਜਪਤ ਰਾਏ

29- January - Page - 7.qxd 1/28/2026 9:33 PM Page 1

ਸ਼ਹੀਦ ਬਾਬਾ ਮਤੀ ਜੀ ਦੀ ਪਵਿੱਤਰ ਯਾਦ ਨੂੰ ਸਮਰਪਤ ਸ਼ਹੀਦੀ ਦਿਹਾੜਾ ਮਨਾਇਆ

ਆਦਮਪੁਰ, (ਪਰਮਜੀਤ ਸਿੰਘ)- ਆਦਮਪੁਰ ਦੋਆਬੇ ਦੇ ਪ੍ਰਸਿੱਧ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਡਰੋਲੀ ਕਲਾਂ ਵਿਖੇ ਧੰਨ ਧੰਨ ਸ਼ਹੀਦ ਬਾਬਾ ਮੱਤੀ ਜੀ ਦੀ ਪਵਿੱਤਰ ਯਾਦ ਨੂੰ ਸਮਰਪਤ ਸਾਲਾਨਾ ਸ਼ਹੀਦੀ ਦਿਹਾੜਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਡਰੋਲੀ ਦੀ ਦੇਖ-ਰੇਖ ਹੇਠ ਸਮੂਹ ਕਮੇਟੀ ਮੈਂਬਰਾਂ ਤੇ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਗਿਆ । ਕਮੇਟੀ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਡਰੋਲੀ ਨੇ ਦੱਸਿਆ ਕਿ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਧਾਰਮਿਕ ਸਮਾਗਮ ਦੌਰਾਨ ਲੜੀਵਾਰ ਆਰੰਭ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਸਜਾਏ ਗਏ ਦੀਵਾਨ ਦੌਰਾਨ ਭਾਈ ਜਗਤਾਰ ਸਿੰਘ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਗਗਨਦੀਪ ਸਿੰਘ ਰਾਗੀ ਜਥਾ ਗੰਗਾਨਗਰ, ਭਾਈ ਸਰਬਜੀਤ ਸਿੰਘ ਕਥਾਵਾਚਕ ਲੁਧਿਆਣੇ ਵਾਲੇ, ਭਾਈ ਗੁਰਮੀਤ ਸਿੰਘ ਐੱਮ. ਏ. ਢਾਡੀ ਜਥਾ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ, ਭਾਈ ਗੁਰਜੀਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਜੀ ਡਰੋਲੀ ਕਲਾਂ ਤੇ ਪੰਥ ਦੇ ਹੋਰ ਜਥਿਆਂ ਨੇ ਦੇਸ਼-ਵਿਦੇਸ਼ਾਂ, ਪੰਜਾਬ ਦੇ ਵੱਖ-ਵੱਖ ਪਿਡਾਂ ਤੇ ਆਸ-ਪਾਸ ਦੇ ਇਲਾਕੇ ਤੋਂ ਆਈਆਂ ਸੰਗਤਾਂ ਨੂੰ ਕਥਾ, ਕੀਰਤਨ ਤੇ ਢਾਡੀ ਵਾਰਾਂ ਰਾਹੀਂ ਨਿਹਾਲ ਕੀਤਾ। ਮੁਫਤ ਮੈਡੀਕਲ ਕੈਂਪ ਵੀ ਲਾਇਆ ਗਿਆ। ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਪ੍ਰਬੰਧਕ ਕਮੇਟੀ ਵੱਲੋਂ ਪ੍ਰਮੁੱਖ ਸ਼ਖਸ਼ੀਅਤਾਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ ।ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਨੇ ਸਮਾਗਮ 'ਚ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ । ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ । ਸਟੇਜ ਸਕੱਤਰ ਦੀ ਭੂਮਿਕਾ ਮਾਸਟਰ ਸੁਰਜੀਤ ਸਿੰਘ ਡਰੋਲੀ ਨੇ ਨਿਭਾਈ। ਇਸ ਮੌਕੇ ਸਕੱਤਰ ਰਣਵੀਰ ਪਾਲ ਸਿੰਘ, ਮਾਸਟਰ ਸੁਰਜੀਤ ਸਿੰਘ, ਇੰਸਪੈਕਟਰ ਸਤਨਾਮ ਸਿੰਘ ਡਰੋਲੀ, ਜਰਨੈਲ ਸਿੰਘ ਡਰੋਲੀ, ਜਸਪਾਲ ਸਿੰਘ, ਦਰਸ਼ਨ ਸਿੰਘ, ਕਰਮ ਸਿੰਘ, ਨਰਿੰਦਰ ਸਿੰਘ, ਸਰਪੰਚ ਰਸ਼ਪਾਲ ਸਿੰਘ, ਹਰਦਿਆਲ ਸਿੰਘ, ਸੁਰਿੰਦਰ ਸਿੰਘ, ਗੁਰਜੀਤ ਸਿੰਘ, ਮਨਦੀਪ ਸਿੰਘ, ਇਕਬਾਲ ਸਿੰਘ, ਡਾ. ਰਣਧੀਰ ਸਿੰਘ ਰੰਧਾਵਾ, ਪਰਮਜੀਤ ਸਿੰਘ ਤੇ ਹੋਰ ਸੰਗਤਾਂ ਹਾਜ਼ਰ ਸਨ।

ਸਿਹਤ ਮੰਤਰੀ ਨੂੰ ਮਲਟੀਪਰਪਜ਼ ਹੈੱਲਥ ਵਰਕਰ ਯੂਨੀਅਨ ਨੇ ਦਿੱਤਾ ਮੰਗ ਪੱਤਰ

ਬਲਾਚੌਰ (ਜਸਵਿੰਦਰ ਬੈਂਸ)-2211 ਹੈੱਡ ਕੰਟਰੈਕਟ ਮਲਟੀਪਰਪਜ਼ ਹੈਲਥ ਵਰਕਰ ਯੂਨੀਅਨ ਵੱਲੋਂ ਸੂਬਾ ਪ੍ਰਧਾਨ ਸਰਬਜੀਤ ਕੌਰ ਨਵਾਂਸ਼ਹਿਰ ਤੇ ਜਨਰਲ ਸਕੱਤਰ ਗੁਰਦੀਪ ਕੌਰ ਨਵਾਂਸ਼ਹਿਰ ਦੀ ਅਗਵਾਈ ਹੇਠ ਸਿਹਤ ਮੰਤਰੀ ਪੰਜਾਬ, ਡਾ. ਬਲਵੀਰ ਸਿੰਘ ਨੂੰ ਆਪਣੀਆਂ ਹੱਕੀ ਮੰਗਾਂ ਸਬੰਧੀ ਇੱਕ ਮੰਗ ਪੱਤਰ ਸੌਂਪਿਆ ਗਿਆ।ਯੂਨੀਅਨ ਵੱਲੋਂ ਦਿੱਤੇ ਗਏ ਮੰਗ ਪੱਤਰ ਵਿੱਚ ਮੁੱਖ ਤੌਰ 'ਤੇ 'ਬਰਾਬਰ ਕੰਮ-ਬਰਾਬਰ ਤਨਖਾਹ' ਦੀ ਮੰਗ ਉਠਾਈ ਗਈ। ਇਸ ਦੇ ਨਾਲ ਹੀ ਵਰਕਰਾਂ ਨੂੰ ਪੇਸ਼ ਆ ਰਹੀਆਂ ਹੋਰ ਮੁਸ਼ਕਿਲਾਂ ਬਾਰੇ ਵੀ ਮੰਤਰੀ ਨੂੰ ਵਿਸਥਾਰ ਵਿੱਚ ਜਾਣੂ ਕਰਵਾਇਆ ਗਿਆ। ?ਸਿਹਤ ਮੰਤਰੀ ਡਾ. ਬਲਵੀਰ ਸਿੰਘ ਨੇ ਯੂਨੀਅਨ ਦੀਆਂ ਗੱਲਾਂ ਨੂੰ ਧਿਆਨ ਨਾਲ ਸੁਣਿਆ ਤੇ ਭਰੋਸਾ ਦਿਵਾਇਆ ਕਿ ਜਲਦੀ ਹੀ ਯੂਨੀਅਨ ਦੇ ਨੁਮਾਇੰਦਿਆਂ ਨਾਲ ਪੈਨਲ ਮੀਟਿੰਗ ਕੀਤੀ ਜਾਵੇਗੀ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਵਰਕਰਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਪਹਿਲ ਦੇ ਅਧਾਰ 'ਤੇ ਬਹੁਤ ਜਲਦੀ ਕੱਢ ਲਿਆ ਜਾਵੇਗਾ।

ਨਾਇਬ ਸੈਣੀ ਨਾਲ ਭਾਜਪਾ ਆਗੂ ਵਿਜੇ ਭਾਟੀਆ ਦੀ ਮੁਲਾਕਾਤ

ਬਲਾਚੌਰ (ਜਸਵਿੰਦਰ ਬੈਂਸ)-ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਭਾਰਤੀ ਜਨਤਾ ਪਾਰਟੀ ਦੇ ਆਗੂ ਵਿਜੇ ਭਾਟੀਆ ਵੱਲੋਂ ਇੱਕ ਅਹਿਮ ਮੁਲਾਕਾਤ ਕੀਤੀ ਗਈ। ਜ਼ਿਲ੍ਹਾ ਪ੍ਰੀਸ਼ਦ ਚੋਣਾਂ ਤੋਂ ਬਾਅਦ ਹੋਈ ਇਸ ਪਹਿਲੀ ਰਸਮੀ ਮੁਲਾਕਾਤ ਦੌਰਾਨ ਸਿਆਸੀ ਗਤੀਵਿਧੀਆਂ ਅਤੇ ਜਥੇਬੰਦਕ ਮਜ਼ਬੂਤੀ ਬਾਰੇ ਡੂੰਘਾਈ ਨਾਲ ਚਰਚਾ ਕੀਤੀ ਗਈ।ਮੁਲਾਕਾਤ ਦੌਰਾਨ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਵਿੱਚ ਪਾਰਟੀ ਦੀਆਂ ਮੌਜੂਦਾ ਗਤੀਵਿਧੀਆਂ ਦੀ ਜਾਣਕਾਰੀ ਲਈ। ਉਨ੍ਹਾਂ ਨੇ ਪਾਰਟੀ ਵਰਕਰਾਂ ਦੀ ਮਿਹਨਤ ਅਤੇ ਹੌਸਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਰਕਰ ਹੀ ਸੰਗਠਨ ਦੀ ਅਸਲ ਤਾਕਤ ਹੁੰਦੇ ਹਨ।ਮੁੱਖ ਮੰਤਰੀ ਨੇ ਪੰਜਾਬ ਦੀ ਟੀਮ ਨੂੰ ਪ੍ਰੇਰਿਤ ਕਰਦਿਆਂ ਇੱਕ ਵੱਡਾ ਟੀਚਾ ਦਿੱਤਾ। ਉਨ੍ਹਾਂ ਕਿਹਾ ਕਿ ਸਾਲ 2027 ਵਿੱਚ ਪੰਜਾਬ ਅੰਦਰ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਾਉਣ ਲਈ ਹੁਣ ਤੋਂ ਹੀ ਦਿਨ-ਰਾਤ ਮਿਹਨਤ ਕਰਨ ਦੀ ਲੋੜ ਹੈ। ਉਨ੍ਹਾਂ ਨੇ ਸਮੂਹ ਆਗੂਆਂ ਅਤੇ ਵਰਕਰਾਂ ਨੂੰ ਪਾਰਟੀ ਦੇ ਪ੍ਰਚਾਰ ਅਤੇ ਪਸਾਰ ਵਿੱਚ ਜੁੱਟ ਜਾਣ ਦਾ ਸੱਦਾ ਦਿੱਤਾ।ਸ੍ਰੀ ਸੈਣੀ ਨੇ ਭਰੋਸਾ ਦਿੱਤਾ ਕਿ ਪੰਜਾਬ ਦੇ ਵਿਕਾਸ ਅਤੇ ਸੂਬੇ ਵਿੱਚ ਪਾਰਟੀ ਨੂੰ ਮਜ਼ਬੂਤ ਕਰਨ ਲਈ ਉਨ੍ਹਾਂ ਦਾ ਮਾਰਗਦਰਸ਼ਨ ਅਤੇ ਸਹਿਯੋਗ ਹਮੇਸ਼ਾ ਮਿਲਦਾ ਰਹੇਗਾ।ਇਸ ਮੌਕੇ ਭਾਜਪਾ ਆਗੂ ਵਿਜੇ ਭਾਟੀਆ ਨੇ ਕਿਹਾ, 'ਸਾਨੂੰ ਹਮੇਸ਼ਾ ਮੁੱਖ ਮੰਤਰੀ ਦਾ ਅਸ਼ੀਰਵਾਦ ਅਤੇ ਸਹੀ ਸੇਧ ਮਿਲਦੀ ਰਹੀ ਹੈ। ਉਨ੍ਹਾਂ ਵੱਲੋਂ ਦਿੱਤੇ ਗਏ ਸੁਝਾਅ ਪੰਜਾਬ ਵਿੱਚ ਪਾਰਟੀ ਨੂੰ ਨਵੀਆਂ ਬੁਲੰਦੀਆਂ 'ਤੇ ਲੈ ਕੇ ਜਾਣਗੇ ਤੇ ਅਸੀਂ 2027 ਦੇ ਮਿਸ਼ਨ ਲਈ ਪੂਰੀ ਤਰ੍ਹਾਂ ਤਿਆਰ ਹਾਂ।'

2027 'ਚ ਪੰਜਾਬ 'ਚ ਸਰਕਾਰ ਬਣਾਉਣ ਦਾ ਦਿੱਤਾ ਟੀਚਾ

ਸਿਵਲ ਹਸਪਤਾਲ ਅਜਨਾਲਾ ਨੇ 13ਵਾਂ ਖੂਨਦਾਨ ਕੈਂਪ ਲਗਾਇਆ

ਫਤਿਹਗੜ੍ਹ ਚੂੜੀਆਂ, (ਜਸਦੇਵ ਮਾਨ)- ਫਤਿਹਗੜ੍ਹ ਚੂੜੀਆਂ ਸੋਸ਼ਲ ਵੈਲਫੇਅਰ ਸੋਸਾਇਟੀ ਅਤੇ ਟੀਮ ਸਿਵਲ ਹਸਪਤਾਲ ਅਜਨਾਲਾ ਵੱਲੋਂ ਫਤਿਹਗੜ੍ਹ ਚੂੜੀਆਂ 'ਚ 13ਵਾਂ ਖੂਨਦਾਨ ਕੈਂਪ ਲਗਾਇਆ ਗਿਆ।ਇਸ ਮੌਕੇ ਫਤਿਹਗੜ੍ਹ ਚੂੜੀਆਂ ਸੋਸ਼ਲ ਵੈੱਲਫੇਅਰ ਸੋਸਾਇਟੀ ਅਤੇ ਸਿਵਲ ਹਸਪਤਾਲ ਅਜਨਾਲਾ ਦੀ ਟੀਮ ਨੇ ਸਾਂਝੇ ਤੌਰ 'ਤੇ ਕਿਹਾ ਕਿ ਪਰਮਾਤਮਾ ਦੀ ਕਿਰਪਾ ਅਤੇ ਆਪ ਸਭ ਦੇ ਸਹਿਯੋਗ ਨਾਲ ਅੱਜ ਫਤਿਹਗੜ੍ਹ ਚੂੜੀਆਂ ਦੇ ਇੰਡੀਅਨ ਆਇਲ ਪੰਪ ਬਟਾਲਾ ਰੋਡ ਵਿਖੇ ਖੂਨਦਾਨ ਕੈਂਪ ਲਗਾ ਕੇ 27 ਯੂਨਿਟ ਬਲੱਡ ਸਮਾਜ ਸੇਵਾ ਲਈ ਇਕੱਠਾ ਕੀਤਾ ਗਿਆ ਹੈ, ਜਿਸ ਵਿੱਚ ਸਹਿਯੋਗੀ ਸੰਸਥਾਵਾਂ, ਸ਼ੁਭਚਿੰਤਕਾਂ, ਆਲੋਚਕਾਂ ਅਤੇ ਸਵੈ-ਇੱਛੁਕ ਯੋਧਿਆਂ ਦੇ ਧੰਨਵਾਦੀ ਹਾਂ, ਜਿਨ੍ਹਾਂ ਨੇ ਸਾਨੂੰ ਸੇਵਾ ਦਾ ਮਾਣ ਬਖਸ਼ਿਆ। ਅਸੀਂ ਭਵਿੱਖ ਵਿੱਚ ਵੀ ਆਪ ਸਭ ਦੇ ਸਹਿਯੋਗ ਅਤੇ ਆਸ਼ੀਰਵਾਦ ਦੀ ਆਸ ਕਰਦੇ ਹਾਂ।ਇਸ ਮੌਕੇ ਏਐੱਮਆਰਐਸ ਭੁਵੇਸ਼ ਸਿੰਘ, ਡਾਕਟਰ ਗੀਤੂ ਭਾਟੀਆ, ਗੋਰਿਵਕਾ ਬਿਬਰਾ ਅਤੇ ਟੀਮ ਸਿਵਲ ਹਸਪਤਾਲ ਅਜਨਾਲਾ ਨੇ ਆਪਣਾ ਯੋਗਦਾਨ ਪਾਇਆ। ਹੁਣ ਤੱਕ ਫਤਿਹਗੜ੍ਹ ਚੂੜੀਆਂ ਸੋਸ਼ਲ ਵੈੱਲਫੇਅਰ ਸੁਸਾਇਟੀ ਦੀ ਟੀਮ ਵੱਲੋਂ ਸਮਾਜ ਲਈ ਤਕਰੀਬਨ 350 ਤੋਂ ਵਧੇਰੇ ਯੂਨਿਟ ਖੂਨ ਦਾਨ ਦਾ ਉਪਰਾਲਾ ਕੀਤਾ ਜਾ ਚੁੱਕਾ ਹੈ।

ਚੱਬੇਵਾਲ ਵੱਲੋਂ ਯੂਨੀਅਨ ਬਜਟ ਦੀ ਤਰੀਕ ਨੂੰ ਮੁੜ ਤੈਅ ਕਰਨ ਦੀ ਮੰਗ

ਹੁਸ਼ਿਆਰਪੁਰ (ਓ ਪੀ ਰਾਣਾ)-ਲੋਕ ਸਭਾ ਦੇ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਯੂਨੀਅਨ ਬਜਟ 2026-27 ਦੀ ਪੇਸ਼ੀ ਦੀ ਤਾਰੀਖ, ਜੋ ਇਸ ਸਮੇਂ 1 ਫਰਵਰੀ 2026 ਨਿਰਧਾਰਿਤ ਹੈ, ਨੂੰ ਮੁੜ ਤੈਅ ਕਰਨ ਦੀ ਅਪੀਲ ਕੀਤੀ ਹੈ, ਕਿਉਂਕਿ ਇਸੇ ਦਿਨ ਸੰਤ ਸ਼੍ਰੋਮਣੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਜਨਮ ਜਯੰਤੀ ਮਨਾਈ ਜਾ ਰਹੀ ਹੈ। ਡਾ. ਚੱਬੇਵਾਲ ਨੇ ਆਪਣੇ ਪੱਤਰ ਵਿੱਚ ਕਿਹਾ ਕਿ ਗੁਰੂ ਰਵਿਦਾਸ ਜਯੰਤੀ ਦੇਸ਼ ਭਰ ਵਿੱਚ, ਵਿਸ਼ੇਸ਼ ਤੌਰ 'ਤੇ ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼, ਬਿਹਾਰ ਅਤੇ ਦਿੱਲੀ ਵਿੱਚ ਕਰੋੜਾਂ ਸ਼ਰਧਾਲੂਆਂ ਵੱਲੋਂ ਵੱਡੇ ਪੱਧਰ 'ਤੇ ਮਨਾਈ ਜਾਂਦੀ ਹੈ। ਇਸ ਦਿਨ ਧਾਰਮਿਕ ਨਗਰ ਕੀਰਤਨ ਅਤੇ ਸਾਂਝੇ ਭੰਡਾਰੇ ਆਯੋਜਿਤ ਕੀਤੇ ਜਾਂਦੇ ਹਨ। ਉਨ੍ਹਾਂ ਨੇ ਕਿਹਾ ਕਿ ਯੂਨੀਅਨ ਬਜਟ ਇੱਕ ਮਹੱਤਵਪੂਰਨ ਰਾਸ਼ਟਰੀ ਕਾਰਜਕ੍ਰਮ ਹੈ, ਜੋ ਦੇਸ਼ ਦੇ ਹਰ ਵਰਗ ਨੂੰ ਪ੍ਰਭਾਵਿਤ ਕਰਦਾ ਹੈ। ਇਸ ਦੀ ਪੇਸ਼ੀ ਨੂੰ ਇੱਕ-ਦੋ ਦਿਨ ਅੱਗੇ ਜਾਂ ਪਿੱਛੇ ਕਰਨ ਨਾਲ ਸ਼ਰਧਾਲੂਆਂ ਨੂੰ ਪਵਿੱਤਰ ਦਿਹਾੜੇ ਨੂੰ ਪੂਰੀ ਸ਼ਰਧਾ ਨਾਲ ਮਨਾਉਣ ਦੇ ਨਾਲ ਹੀ ਬਜਟ ਦੀ ਪੇਸ਼ਕਾਰੀ ਦਾ ਵੀ ਹਿੱਸਾ ਬਣਨ ਦਾ ਮੌਕਾ ਮਿਲੇਗਾ।ਇਸ ਪੱਤਰ ਦੀ ਕਾਪੀ ਸੰਸਦੀ ਮਾਮਲਿਆਂ ਦੇ ਮੰਤਰੀ ਕਿਰਨ ਰਿਜਿਜੂ ਤੇ ਲੋਕ ਸਭਾ ਦੇ ਸਪੀਕਰ ਓਮ ਬਿਰਲਾ ਨੂੰ ਵੀ ਭੇਜੀ ਗਈ ਹੈ।

NOTICE TO APPEAR/ATTEND PROCEEDINGS OF DLM&SFC-LDH

Through this Publication This is for Constructive Notice for respondent **SANDEEP SYNTHETICS BACKSIDE KISAN COLD STORE, BAKUNTH NAGAR, ST NO. 2, NEAR JALANDER BYE PASS LUDHIANA, PUNJAB -141007** to appear in person or through Authorized representative before the District level Micro & Small facilitation Council Ludhiana, District Industries Centre, Ludhiana dated **20-04-2026** regarding claim reference petition submitted **KUNAL FABRIC Flat No. 3810 ST. NO. 5, HARGOBINDPURA, LUDHIANA** U/s 18(1) of MSME Act 2006 bearing **Reference no MSEFC/DIC/04/24/3030.** If respondent still fails or omits to appear as above then arbitration proceedings shall be conducted as per section 23 & 25 of Arbitration & Conciliation Act and award shall also be passed on the basis of evidence before it.

Member Secretary cum General Manager, District Industries Centre, Industrial Estate, Ludhiana, Ph. No. 0161-2540695, E-mail:dicludhiana5@gmail.com, Ludhiana.msefc@gmail.com

AXIS BANK LTD. | Retail Asset Center "SCO-390, Sector-20, 2nd Floor, Panchkula, Haryana-134117

Corporate Office:- "Axis House", C-2, Wadia International Centre, Pandurang Budhkar Marg, Worli, Mumbai – 400025, Registered Office: "Trishul", 3rd Floor Opp. Samartheshwar Temple Law Garden, Ellisbridge Ahmedabad – 380006

ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਊਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐਸੇਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਊਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੈ, ਜਿਸ ਦਾ ਭੌਤਿਕ ਕਬਜ਼ਾ ਸਕਿਊਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ 1) ਮੈਸਰਜ਼ ਅਸ਼ੋਕ ਮਿੱਤਲ ਐਂਡ ਕੈਮੀਕਲਜ਼ ਰਾਹੀਂ ਇਸ ਦੇ ਮਾਲਕ ਸ੍ਰੀ ਦਵਿੰਦਰ ਸਿੰਘ 2) ਸ੍ਰੀ ਸੁਭਾਸ਼ ਚੰਦਰ ਪੁੱਤਰ ਸ੍ਰੀ ਗੌਵਰਧਨ ਲਾਲ 3) ਸ੍ਰੀਮਤੀ ਸ਼ਾਲੂ ਰਲਹਨ ਪਤਨੀ ਸ੍ਰੀ ਰਾਜੇਸ਼ ਕੁਮਾਰ 4) ਸ੍ਰੀਮਤੀ ਕੋਮਲ ਰਲਹਨ ਪਤਨੀ ਸ੍ਰੀ ਸੁਭਾਸ਼ ਚੰਦਰ ਤੋਂ ਸਕਿਊਰਡ ਕ੍ਰੈਡਿਟਰ ਦੀ 21.10.2017 ਨੂੰ ਬਕਾਇਆ ਰਕਮ ਰੁਪਏ 4,13,58,452/- (ਚਾਰ ਕਰੋੜ ਤੇਰਾਂ ਲੱਖ ਅਠਵੰਜਾ ਹਜ਼ਾਰ ਚਾਰ ਸੌ ਬਵੰਜਾ ਰੁਪਏ ਕੇਵਲ) ਦੀ ਵਸੂਲੀ ਲਈ 'ਜਿਵੇਂ ਹੈ','ਜਿੱਥੇ ਹੈ', 'ਜਿਵੇਂ ਹੈ ਜੋ ਹੈ' ਅਤੇ 'ਉੱਥੇ ਜੋ ਵੀ ਹੈ' ਦੇ ਆਧਾਰ ਤੇ 24 ਫਰਵਰੀ 2026 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ)	ਕੋਈ ਨਹੀਂ
ਰਾਖਵੀਂ ਕੀਮਤ (ਰੁਪਏ 'ਚ)	ਰੁਪਏ 1,17,00,000/- (ਇੱਕ ਕਰੋੜ ਸਤਾਰਾਂ ਲੱਖ ਰੁਪਏ ਕੇਵਲ)
ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ)	ਰੁਪਏ 11,70,000/- (ਗਿਆਰਾਂ ਲੱਖ ਸੱਤਰ ਹਜ਼ਾਰ ਰੁਪਏ ਕੇਵਲ) ਡੀ ਡੀ/ਪੀ ਓ ਰਾਹੀਂ ਐਕਸਿਸ ਬੈਂਕ ਲਿਮਟਿਡ ਦੇ ਹੱਕ 'ਚ
ਬੋਲੀ ਵਾਧਾ ਰਕਮ	ਰੁਪਏ 50,000/- (ਪੰਜਾਹ ਹਜ਼ਾਰ ਰੁਪਏ ਕੇਵਲ)
ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ	ਐਸ ਸੀ ਓ-390, ਸੈਕਟਰ 20, ਦੂਜੀ ਮੰਜ਼ਲ, ਪੰਚਕੂਲਾ, ਹਰਿਆਣਾ-134117 ਵਿਖੇ 23 ਫਰਵਰੀ 2026 ਨੂੰ ਸ਼ਾਮ 5.00 ਵਜੇ ਤੱਕ
ਜਨਤਕ ਈ-ਨਿਲਾਮੀ ਲਈ ਮਿਤੀ, ਸਮਾਂ ਅਤੇ ਸਥਾਨ	ਵੈੱਬ ਪੋਰਟਲ https://www.bankeauctions.com 'ਤੇ 24 ਫਰਵਰੀ 2026 ਨੂੰ ਸਵੇਰੇ 11.00 ਵਜੇ ਅਤੇ ਦੁਪਹਿਰ 01.00 ਵਜੇ ਦਰਮਿਆਨ, ਹਰੇਕ 5 ਮਿਨਟਾਂ ਦੇ ਅਸੀਮਤ ਵਾਧਿਆਂ ਨਾਲ। ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਆਦਿ ਰੱਖਦੇ ਈ-ਨਿਲਾਮੀ ਟੈਂਡਰ ਦਸਤਾਵੇਜ਼ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ।

ਸਾਰਣੀ-ਜਾਇਦਾਦ ਦਾ ਵੇਰਵਾ :- ਸ੍ਰੀਮਤੀ ਕੋਮਲ ਪਤਨੀ ਸ੍ਰੀ ਸੁਭਾਸ਼ ਚੰਦਰ ਅਤੇ ਸ੍ਰੀਮਤੀ ਸ਼ਾਲੂ ਪਤਨੀ ਸ੍ਰੀ ਰਾਜੇਸ਼ ਕੁਮਾਰ ਦੀ ਮਲਕੀਅਤ ਜਾਇਦਾਦ ਹਵਾਲਾ ਨੰ. ਬੀ-ਐੱਕਸ ਵੀ ਆਈ-434/6, ਰਕਬਾ 536 ਵਰਗ ਗਜ਼, ਖਸਰਾ ਨੰ. 4127/2336/1537, ਖੇਤਾ ਨੰ. 1023/1119, ਜਮ੍ਹਾਂਬੰਦੀ ਸਾਲ 2002-03, ਪਿੰਡ ਤਰਫ ਸੈਦਾਂ ਵਿਖੇ ਸਥਿਤ ਨਾਲ ਸੰਬੰਧਤ ਸਭ ਕੁੱਝ। ਜਾਇਦਾਦ ਦੀਆਂ ਹੱਦਾਂ ਹਨ : ਪੂਰਬ : ਗਲੀ 46'-4", ਪੱਛਮ : ਗੁਆਂਢ 46'-4", ਉੱਤਰ : ਹੋਰ ਮਾਲਕ 100', ਦੱਖਣ : 100'

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਊਰਡ ਕ੍ਰੈਡਿਟਰ ਦੀ ਵੈੱਬਸਾਈਟ https://www.axisbank.com/auction-retail ਅਤੇ ਬੈਂਕ ਪ੍ਰ

29-Jan-PAGE--8.qxd 1/28/2026 9:41 PM Page 1

ਨੌਜਵਾਨ ਭਾਰਤ ਦੀ ਆਰਥਿਕ ਤੇ ਤਕਨੀਕੀ ਅਗਵਾਈ ਦਾ ਫੈਸਲਾ ਕਰਨਗੇ : ਡਾ. ਮਿੱਤਲ

ਜਲੰਧਰ (ਸ਼ੈਲੀ ਐਲਬਰਟ)

ਭਗਵਾ, ਚਿੱਟੇ ਅਤੇ ਹਰੇ ਰੰਗ ਦੇ ਰੰਗਾਂ ਵਿੱਚ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਭਾਰਤ ਦੇ 77ਵੇਂ ਗਣਤੰਤਰ ਦਿਵਸ ਨੂੰ ਦੇਸ਼ ਭਗਤੀ, ਮਾਣ ਅਤੇ ਉਦੇਸ਼ ਦੇ ਇੱਕ ਜੀਵੰਤ ਮੁਕਾਬਲੇ ਵਿੱਚ ਬਦਲ ਦਿੱਤਾ, ਇਸ ਨੂੰ ਬੇਮਿਸਾਲ ਉਤਸ਼ਾਹ ਅਤੇ ਸ਼ਾਨ ਨਾਲ ਮਨਾਇਆ। ਸਮਾਰੋਹ ਦੀ ਸ਼ੁਰੂਆਤ ਐੱਨ ਸੀ ਸੀ ਕੈਡਿਟਾਂ ਦੁਆਰਾ ਮੁੱਖ ਮਹਿਮਾਨ ਵਜੋਂ ਪੇਸ਼ ਕੀਤੇ ਗਏ ਗਾਰਡ ਆਫ਼ ਆਨਰ ਨਾਲ ਹੋਈ। ਸੰਸਦ ਮੈਂਬਰ (ਰਾਜ ਸਭਾ) ਤੇ ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ, ਡਾ. ਅਸ਼ੋਕ ਕੁਮਾਰ ਮਿੱਤਲ, ਐੱਲ ਪੀ ਯੂ ਦੀ ਪ੍ਰੋ-ਚਾਂਸਲਰ, ਕਰਨਲ ਡਾ. ਰਸ਼ਮੀ ਮਿੱਤਲ ਦੇ ਨਾਲ ਪਹੁੰਚੇ। ਅਨੁਸ਼ਾਸਿਤ ਸਲਾਮੀ ਅਤੇ ਗੂੰਜਦੇ ਢੋਲ ਦੀ ਧੁਨ ਦੇ ਵਿਚਕਾਰ, ਰਾਸ਼ਟਰੀ ਝੰਡਾ ਮਾਣ ਨਾਲ ਲਹਿਰਾਇਆ ਗਿਆ, ਅਤੇ ਰਾਸ਼ਟਰੀ ਗੀਤ ਕੈਂਪਸ ਵਿੱਚ ਗੂੰਜਿਆ, ਜਿਸ ਨਾਲ ਹਜ਼ਾਰਾਂ ਵਿਦਿਆਰਥੀਆਂ, ਸਟਾਫ਼ ਅਤੇ ਪੂਰੇ ਐਲਪੀਯੂ ਪਰਿਵਾਰ ਨੂੰ ਮਾਣ ਵਿੱਚ ਇੱਕਜੁੱਟ ਕੀਤਾ ਗਿਆ।ਸਮਾਗਮ ਨੂੰ ਸੰਬੋਧਨ ਕਰਦੇ ਹੋਏ, ਡਾ. ਅਸ਼ੋਕ ਕੁਮਾਰ ਮਿੱਤਲ ਨੇ ਭਾਰਤ ਦੀ ਸ਼ਾਨਦਾਰ ਯਾਤਰਾ ਅਤੇ ਦੁਨੀਆ ਦੀ ਚੌਥੀ ਸਭ ਤੋਂ ਵੱਡੀ ਅਰਥਵਿਵਸਥਾ ਦੇ ਰੂਪ ਵਿੱਚ ਇਸ ਦੇ ਉਭਾਰ 'ਤੇ ਪ੍ਰਤੀਬਿੰਬਤ ਕੀਤਾ। ਡਾ. ਮਿੱਤਲ ਨੇ ਜ਼ੋਰ ਦੇ ਕੇ ਕਿਹਾ ਕਿ ਵਿਸ਼ਵਵਿਆਪੀ ਮੁਕਾਬਲੇ ਦਾ ਇਹ ਨਵਾਂ ਰੂਪ ਦੇਸ਼ ਦੀ ਅਸਲ ਤਾਕਤ ਨੂੰ ਇਸ ਦੇ ਨੌਜਵਾਨਾਂ ਦੇ ਹੱਥਾਂ ਵਿੱਚ ਰੱਖਦਾ ਹੈ, ਜਿਨ੍ਹਾਂ ਦਾ ਗਿਆਨ, ਹੁਨਰ ਅਤੇ ਨਵੀਨਤਾ ਭਾਰਤ ਦੀ ਆਰਥਿਕ ਅਤੇ ਤਕਨੀਕੀ ਲੀਡਰਸ਼ਿਪ ਨੂੰ ਨਿਰਧਾਰਤ ਕਰੇਗੀ।ਜਸ਼ਨ ਦੇ ਮਾਹੌਲ ਤੋਂ ਇਲਾਵਾ ਐੱਲ ਪੀ ਯੂ ਦੇ ਕਲਾ ਅਤੇ ਸੱਭਿਆਚਾਰ ਵਿਭਾਗ ਨੂੰ ਆਲ ਇੰਡੀਆ ਇੰਟਰ-ਯੂਨੀਵਰਸਿਟੀ ਚੈਂਪੀਅਨਸ਼ਿਪ ਤੇ ਪੰਜਾਬ ਸਟੇਟ ਚੈਂਪੀਅਨਸ਼ਿਪ ਵਿੱਚ ਪ੍ਰਭਾਵਸ਼ਾਲੀ ਜਿੱਤਾਂ ਲਈ 12.83 ਲੱਖ ਦਾ ਨਕਦ ਇਨਾਮ ਦਿੱਤਾ ਗਿਆ। ਇਸ ਨੇ ਸਾਲ ਭਰ ਆਪਣੇ ਸ਼ਾਨਦਾਰ ਸੱਭਿਆਚਾਰਕ ਪ੍ਰਦਰਸ਼ਨਾਂ ਲਈ ਕਈ ਵੱਕਾਰੀ ਪੁਰਸਕਾਰ ਵੀ ਪ੍ਰਾਪਤ ਕੀਤੇ।

ਐੱਨ ਸੀ ਸੀ ਕੈਡੇਟਸ ਸਨਮਾਨਤ

ਸੁਲਤਾਨਪੁਰ ਲੋਧੀ, (ਹਨੀ)-ਸੁਲਤਾਨਪੁਰ ਲੋਧੀ ਵਿਖੇ ਮਨਾਏ ਗਏ ਗਣਤੰਤਰ ਦਿਵਸ ਸਮਾਰੋਹ ਦੌਰਾਨ ਫਾਲਕਨ ਇੰਟਰਨੈਸ਼ਨਲ ਸਕੂਲ ਦੇ ਐੱਨ ਸੀ ਸੀ ਕੈਡੇਟਸ ਨੇ ਸ਼ਾਨਦਾਰ ਅਨੁਸ਼ਾਸਨ, ਜੋਸ਼ ਅਤੇ ਦੇਸ਼ਭਗਤੀ ਨਾਲ ਪਰੇਡ ਵਿੱਚ ਭਾਗ ਲਿਆ। ਕੈਡੇਟਸ ਦੀ ਉੱਤਮ ਪੇਸ਼ਕਾਰੀ ਨੇ ਦਰਸ਼ਕਾਂ ਅਤੇ ਮਹਿਮਾਨਾਂ ਨੂੰ ਖੂਬ ਪ੍ਰਭਾਵਿਤ ਕੀਤਾ। ਉਨ੍ਹਾਂ ਦੀ ਇਸ ਬੇਹਤਰੀਨ ਕਾਰਗੁਜ਼ਾਰੀ ਲਈ ਐੱਸ ਡੀ ਐੱਮ ਵਿਸ਼ਾਲ ਵਤਸ ਵੱਲੋਂ ਸਕੂਲ ਕੈਡੇਟਸ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਤੇ ਕੈਡੇਟਸ ਦੀ ਤਾਰੀਫ਼ ਕਰਦਿਆਂ ਕਿਹਾ ਕਿ ਇਹ ਵਿਦਿਆਰਥੀ ਭਵਿੱਖ ਵਿੱਚ ਦੇਸ਼ ਦੀ ਸ਼ਾਨ ਬਣਨਗੇ। ਸਕੂਲ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਤੇ ਮੈਨੇਜਿੰਗ ਡਾਇਰੈਕਟਰ ਨਵਦੀਪ ਕੌਰ ਢਿੱਲੋਂ ਨੇ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਮਾਣ ਦੀ ਗੱਲ ਹੈ ਕਿ ਅਦਾਰੇ ਦੇ ਬੱਚੇ ਰਾਸ਼ਟਰੀ ਪੱਧਰ ਦੇ ਸਮਾਰੋਹਾਂ ਵਿੱਚ ਆਪਣੀ ਕਾਬਲੀਅਤ ਸਾਬਤ ਕਰ ਰਹੇ ਹਨ।

ਜੀ ਟੀ ਰੋਡ 'ਤੇ ਮਿਲੇ ਗੰਭੀਰ ਜ਼ਖਮੀ ਵਿਅਕਤੀ ਦੀ ਮੌਤ

ਕਪੂਰਥਲਾ (ਮਨਜੀਤ ਮਾਨ)-ਹਾਈਵੇ ਦੇ ਕਿਨਾਰੇ ਪੁਲਿਸ ਨੂੰ ਇੱਕ ਗੰਭੀਰ ਜ਼ਖਮੀ ਵਿਅਕਤੀ ਦੇ ਮਿਲਣ ਦਾ ਸਮਾਚਾਰ ਮਿਲਿਆ ਹੈ। ਐੱਸ ਐੱਸ ਐੱਫ ਟੀਮ ਮੌਕੇ 'ਤੇ ਪਹੁੰਚੀ ਤੇ 108 ਐਂਬੂਲੈਂਸ ਦੀ ਮਦਦ ਨਾਲ ਜ਼ਖਮੀ ਵਿਅਕਤੀ ਨੂੰ ਸਿਵਲ ਹਸਪਤਾਲ ਕਪੂਰਥਲਾ ਪਹੁੰਚਾਇਆ, ਜਿੱਥੇ ਡਿਊਟੀ 'ਤੇ ਮੌਜੂਦ ਡਾਕਟਰ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਮ੍ਰਿਤਕ ਦੀ ਅਜੇ ਤੱਕ ਪਛਾਣ ਨਹੀਂ ਹੋ ਸਕੀ ਹੈ।ਥਾਣਾ ਮੁਖੀ ਦਲਵਿੰਦਰ ਬੀਰ ਸਿੰਘ, ਏ ਐਸ ਆਈ ਜਸਬੀਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੀ ਉਮਰ 55 ਤੋਂ 60 ਸਾਲ ਦੇ ਵਿਚਕਾਰ ਜਾਪਦੀ ਹੈ।

ਡੀ ਐੱਸ ਪੀ ਕਰਨੈਲ ਸਿੰਘ ਨੇ ਦੱਸਿਆ ਕਿ ਢਿਲਵਾਂ ਥਾਣੇ ਦੀ ਪੁਲਿਸ ਨੇ ਅਣਪਛਾਤੇ ਵਿਅਕਤੀ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਲਿਆ ਹੈ ਅਤੇ ਪੋਸਟਮਾਰਟਮ ਲਈ 72 ਘੰਟਿਆਂ ਲਈ ਸਿਵਲ ਹਸਪਤਾਲ ਕਪੂਰਥਲਾ ਦੇ ਮੁਰਦਾਘਰ ਵਿੱਚ ਰੱਖ ਦਿੱਤਾ ਹੈ। ਪੁਲਸ ਹਰ ਪਹਿਲੂ ਤੋਂ ਮਾਮਲੇ ਦੀ ਜਾਂਚ ਕਰ ਰਹੀ ਹੈ।

ਨੌਜਵਾਨਾਂ ਦੇ ਸਰਬਪੱਖੀ ਵਿਕਾਸ 'ਚ ਖੇਡਾਂ ਦੀ ਅਹਿਮ ਭੂਮਿਕਾ : ਜਿੰਪਾ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਪਿੰਡ ਛਾਉਣੀ ਕਲਾ ਵਿੱਚ ਸੋਨਾਲੀਕਾ ਇੰਟਰਨੈਸ਼ਨਲ ਟਰੈਕਟਰ ਤੇ ਚੜ੍ਹਦੀ ਕਲਾ ਯੂਥ ਕਲੱਬ ਦੇ ਸਹਿਯੋਗ ਨਾਲ ਆਯੋਜਿਤ ਸੋਨਾਲੀਕਾ ਫੁੱਟਬਾਲ ਟੂਰਨਾਮੈਂਟ 26 ਜਨਵਰੀ ਨੂੰ ਬਹੁਤ ਉਤਸ਼ਾਹ ਤੇ ਖੇਡ ਭਾਵਨਾ ਨਾਲ ਸਮਾਪਤ ਹੋਇਆ। ਫਾਈਨਲ ਮੈਚ ਵਿੱਚ, ਰਿਹਾਣਾ ਜੱਟਾਂ ਦੀ ਟੀਮ ਨੇ ਛਾਉਣੀ ਕਲਾ ਦੀ ਟੀਮ ਨੂੰ ਇੱਕ ਰੋਮਾਂਚਕ ਪੈਨਲਟੀ ਸ਼ੂਟਆਊਟ ਵਿੱਚ ਹਰਾ ਕੇ ਟਰਾਫੀ ਆਪਣੇ ਨਾਂਅ ਕੀਤੀ। ਮੁਕਾਬਲੇ ਵਿੱਚ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਵਿਧਾਇਕ ਜਿੰਪਾ ਨੇ ਜੇਤੂ ਤੇ ਉਪ ਜੇਤੂ ਟੀਮਾਂ ਨੂੰ ਵਧਾਈ ਦਿੱਤੀ। ਟੂਰਨਾਮੈਂਟ ਪ੍ਰਬੰਧਕਾਂ ਨੇ ਦੱਸਿਆ ਕਿ ਇਹ ਟੂਰਨਾਮੈਂਟ ਚੜ੍ਹਦੀ ਕਲਾ ਯੂਥ ਕਲੱਬ ਵੱਲੋਂ ਡਾ. ਏ ਐੱਸ ਮਿੱਤਲ ਅਤੇ ਡਾ. ਦੀਪਕ ਮਿੱਤਲ ਦੀ ਅਗਵਾਈ ਹੇਠ ਕਰਵਾਇਆ ਗਿਆ ਸੀ। ਮੁਕਾਬਲੇ ਦੌਰਾਨ ਖਿਡਾਰੀਆਂ ਨੇ ਸ਼ਾਨਦਾਰ ਖੇਡ ਪ੍ਰਦਰਸ਼ਨ ਕਰਕੇ ਦਰਸ਼ਕਾਂ ਦਾ ਮਨੋਰੰਜਨ ਕੀਤਾ।

ਇਸ ਮੌਕੇ ਜੇ.ਐਸ. ਚੌਹਾਨ, ਵਿਸ਼ਾਲ ਗੁਪਤਾ, ਨੇਹਾ ਧੀਮਾਨ, ਗ੍ਰਾਮ ਪੰਚਾਇਤ ਮੈਂਬਰ ਸਮੇਤ ਪ੍ਰਧਾਨ ਜਗਬੀਰ ਸਿੰਘ, ਪਵਨ ਸ਼ਰਮਾ, ਜਸਵਿੰਦਰ ਸਿੰਘ, ਰਵਿੰਦਰਜੀਤ ਸਿੰਘ, ਅਵਤਾਰ ਸਿੰਘ ਤੇ ਹੋਰ ਪਤਵੰਤੇ ਵੀ ਮੌਜੂਦ ਸਨ।

ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਦੇਣ ਵਾਲੇ ਸ਼ਹੀਦਾਂ ਨੂੰ ਭੁੱਲਣਾ ਨਹੀਂ ਚਾਹੀਦਾ : ਰਾਕੇਸ਼ ਧੀਰ

ਸੁਲਤਾਨਪੁਰ ਲੋਧੀ (ਹਨੀ)

77ਵੇਂ ਗਣਤੰਤਰ ਦਿਵਸ ਮੌਕੇ ਐਸ ਡੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਸ਼ਾਨਦਾਰ ਸਮਾਗਮ ਦਾ ਆਯੋਜਨ ਕੀਤਾ ਗਿਆ। ਕੌਮੀ ਤਿਰੰਗਾ ਲਹਿਰਾਉਣ ਦੀ ਰਸਮ ਐਸ ਡੀ ਸਭਾ ਦੇ ਪ੍ਰਧਾਨ ਤੇ ਪ੍ਰਮੁੱਖ ਉਦਯੋਗਪਤੀ ਰਾਕੇਸ਼ ਧੀਰ ਨੇ ਨਿਭਾਈ। ਤਿਰੰਗਾ ਲਹਿਰਾਉਣ ਉਪਰੰਤ ਆਕਾਸ਼ ਵਿੱਚ ਰੰਗ ਬਿਰੰਗੇ ਗੁਬਾਰੇ ਛੱਡ ਕੇ ਬੱਚਿਆਂ ਵੱਲੋਂ ਵਿਖਾਈ ਸ਼ਾਨਦਾਰ ਪਰੇਡ ਦਾ ਨਿਰੀਖਣ ਕੀਤਾ ਤੇ ਸਲਾਮੀ ਦਿੰਦੇ ਹੋਏ ਸਮੂਹ ਬੱਚਿਆਂ ਤੇ ਮਾਪਿਆਂ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਦੇਸ਼ ਦੀ ਆਜ਼ਾਦੀ ਲਈ ਕੁਰਬਾਨੀਆਂ ਦੇਣ ਵਾਲੇ ਸ਼ਹੀਦਾਂ ਨੂੰ ਭੁੱਲਣਾ ਨਹੀਂ ਚਾਹੀਦਾ। ਪ੍ਰੋਗਰਾਮ ਦੀ ਸ਼ੁਰੂਆਤ ਪ੍ਰਧਾਨ ਰਕੇਸ਼ ਧੀਰ, ਓਮਾ ਦੱਤ ਸ਼ਰਮਾ ਮੈਨੇਜਰ, ਪੈਟਰਨ ਲਾਲਾ ਅਮਰ ਚੰਦ ਧੀਰ, ਰਚਿਤ ਕੋਛੜ, ਰਵਿੰਦਰ ਠਾਕੁਰ, ਜਨਰਲ ਸੈਕਟਰੀ ਮੁਕੇਸ਼ ਪਸਰੀਚਾ, ਸ਼ਸ਼ੀ ਚੋਪੜਾ ਤੇ ਪ੍ਰਿੰਸੀਪਲ ਕਰਨਜੀਤ ਸਿੰਘ ਨੇ ਦੀਪ ਜਗਾ ਕੇ ਗਣਪਤੀ ਗਣੇਸ਼ ਦੀ ਅਰਾਧਨਾ ਕਰਕੇ ਕੀਤੀ। ਪ੍ਰਿੰਸੀਪਲ ਕਰਨਜੀਤ ਸਿੰਘ ਨੇ ਸਕੂਲ ਦੀ ਸਾਲਾਨਾ ਰਿਪੋਰਟ ਪੇਸ਼ ਕਰਦਿਆਂ ਕਿਹਾ ਕਿ ਮੈਂ ਬਹੁਤ ਖੁਸ਼ਕਿਸਮਤ ਹਾਂ ਜਿਸ ਨੂੰ ਅਜਿਹੀ ਸੰਸਥਾ ਵਿੱਚ ਸੇਵਾ ਕਰਨ ਦਾ ਮੌਕਾ ਮਿਲਿਆ ਹੈ।ਐੱਸ ਡੀ ਕਾਲਜ ਫਾਰ ਵੂਮੈਨ ਦੇ ਪ੍ਰਿੰਸੀਪਲ ਡਾਕਟਰ ਵੰਦਨਾ ਸ਼ੁਕਲਾ ਨੇ ਵੀ ਗਣਤੰਤਰ ਦਿਵਸ ਮੌਕੇ ਐੱਸ ਡੀ ਸਭਾ ਵੱਲੋਂ ਕੀਤੇ ਕਾਰਜਾਂ ਦੀ ਸ਼ਲਾਘਾ ਕੀਤੀ। ਪ੍ਰਧਾਨ ਰਾਕੇਸ਼ ਧੀਰ ਵੱਲੋਂ ਸਕੂਲ ਬੱਚਿਆਂ ਵੱਲੋਂ ਵਿਖਾਏ ਸ਼ਾਨਦਾਰ ਪ੍ਰੋਗਰਾਮ ਤੇ ਸਿੱਖਿਆ ਦੇ ਖੇਤਰ ਵਿੱਚ ਉਪਲਬਧੀਆਂ ਹਾਸਲ ਕਰਨ ਵਾਲੇ ਬੱਚਿਆਂ ਨੂੰ ਸਨਮਾਨਤ ਕੀਤਾ। ਗਣਤੰਤਰ ਦਿਵਸ ਮੌਕੇ ਨੰਨੇ ਮੁੰਨੇ ਬੱਚਿਆਂ ਨੇ ਸ਼ਾਨਦਾਰ ਪ੍ਰੋਗਰਾਮ ਪੇਸ਼ ਕਰਦਿਆਂ ਕੋਰੀਓਗ੍ਰਾਫੀ, ਦੇਸ਼ ਭਗਤੀ ਦੇ ਗੀਤਾਂ ਅਤੇ ਗਿੱਧੇ ਤੇ ਭੰਗੜੇ ਰਾਹੀਂ ਹਾਜ਼ਰੀਨ ਦਾ ਮਨ ਮੋਹ ਲਿਆ। ਸਮਾਗਮ ਨੂੰ ਸਫਲ ਬਣਾਉਣ ਲਈ ਪ੍ਰਿੰਸੀਪਲ ਕਰਨਜੀਤ ਸਿੰਘ ਨੇ ਸਮੂਹ ਸਕੂਲ ਸਟਾਫ ਦਾ ਧੰਨਵਾਦ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਸੌਰਵ, ਕੀਰਤੀ, ਪਰਆਂਚਲ ਨੇ ਬਾਖੂਬੀ ਨਿਭਾਈ। ਇਸ ਮੌਕੇ ਕਮਲ ਕਿਸ਼ੋਰ ਚਾਵਲਾ, ਸਾਬਕਾ ਪ੍ਰਧਾਨ ਅਸ਼ੋਕ ਮੋਗਲਾ, ਪਵਨ ਕਨੋਜੀਆ, ਸਾਬਕਾ ਕੌਂਸਲਰ ਸਿਮਰਨਜੀਤ ਧੀਰ, ਸ਼ਵੇਤਾ ਮਹਿਤਾ ਪ੍ਰਿੰਸੀਪਲ ਦੀ ਹਾਕ ਵਰਲਡ ਸਕੂਲ, ਮਨੀਸ਼ ਮਹਿਤਾ ਲਾਅ ਅਫਸਰ ਆਰ ਸੀ ਐਫ, ਪ੍ਰਿੰਸੀਪਲ ਰੂਬੀ ਭਗਤ, ਸੰਜੀਵ ਸ਼ਰਮਾ, ਰਾਜੀਵ ਸ਼ਰਮਾ, ਵਾਈਸ ਪ੍ਰਿੰਸੀਪਲ ਪੂਨਮ ਧੀਰ, ਸ਼ਕਤੀ ਸ਼ਰਮਾ, ਮੈਡਮ ਮਨਦੀਪ ਕੌਰ ਡੀ ਪੀ ਈ, ਚੇਤਨਾ, ਭਾਰਤੀ, ਡਿੰਪਲ, ਨੀਤੂ, ਮਮਤਾ, ਰੇਖਾ ਸ਼ਰਮਾ, ਕੰਚਨ, ਦੀਪਿਕਾ, ਸਨਮਦੀਪ ਕੌਰ, ਬਲਬੀਰ, ਸੌਰਵ ਆਦਿ ਹਾਜ਼ਰ ਸਨ।

ਸੰਸਥਾ ਵੱਲੋਂ ਦਾਨੀ ਸੱਜਣਾਂ ਦਾ ਸਨਮਾਨ ਲਗਾਤਾਰ ਜਾਰੀ : ਖਾਲਸਾ, ਅਜਨੋਹਾ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)-ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਤੇ ਐੱਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਜੀ ਦੇ ਵੱਲੋਂ ਬਰਸਾਏ ਗਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ 4 ਜਨਵਰੀ 2023 ਤੋਂ ਚਲਾਈ ਜਾ ਰਹੀ ਹੈ। ਜਿੱਥੇ ਕਿ ਪੂਰੇ ਪੰਜਾਬ ਤੋਂ ਹਿਮਾਚਲ ਪ੍ਰਦੇਸ਼ ਅਤੇ ਹਰਿਆਣਾ ਤੋਂ ਸੰਗਤਾਂ ਦਵਾਈ ਲੈਣ ਆ ਰਹੀ ਨੇ । 10 ਰੁਪਏ ਦੀ ਪਰਚੀ ਤੇ ਦਵਾਈ 2 ਦਿਨ ਮੁਫਤ ਅਤੇ ਲੈਬੋਰਟਰੀ ਵਿੱਚ 50% ਛੋਟ ਤੇ ਸਾਰੇ ਟੈਸਟ ਕੀਤੇ ਜਾਂਦੇ ਹਨ। ਪਿੰਡ ਜਲਵੇਹੜਾ ਨਿਵਾਸੀ ਲੰਬਰਦਾਰ ਪ੍ਰਧਾਨ ਪਰਮਜੀਤ ਸਿੰਘ ਸੰਸਥਾ ਨੂੰ ਲਗਾਤਾਰ ਤਨ, ਮਨ ਅਤੇ ਧਨ ਨਾਲ ਸਹਿਯੋਗ ਕਰ ਰਹੇ ਨੇ। ਸੰਸਥਾ ਦੀ ਟੀਮ ਵਲੋਂ ਉਨ੍ਹਾਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹਾਜ਼ਰ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਲੰਬਰਦਾਰ ਪ੍ਰਧਾਨ ਪਰਮਜੀਤ ਸਿੰਘ ਜਲਵੇਹੜਾ, ਡਾਕਟਰ ਤਰਸੇਮ ਸਿੰਘ, ਲੈਬ ਟੈਕਨੀਸ਼ੀਅਨ ਗੁਰਪ੍ਰੀਤ ਸਿੰਘ, ਪ੍ਰੀਆ ਨਰੂੜ, ਲੈਬ ਟੈਕਨੀਸ਼ੀਅਨ ਲਵਪ੍ਰੀਤ ਕੌਰ, ਸੰਦੀਪ ਕੌਰ ਪਾਸ਼ਟਾਂ, ਹਰਪ੍ਰੀਤ ਕੌਰ ਪਾਸ਼ਟਾਂ, ਗੁਰਵਿੰਦਰ ਕੌਰ, ਜਸਵਿੰਦਰ ਕੌਰ, ਹਰਜਿੰਦਰ ਸਿੰਘ, ਪਰਵਿੰਦਰ ਸਿੰਘ, ਹਰਭਜਨ ਕੌਰ, ਜਸਮੀਤ ਕੌਰ ਤੇ ਹਰਜੋਤ ਸਿੰਘ ਆਦਿ ਹਾਜ਼ਰ ਸਨ।

ਹੋਲੇ ਮਹੱਲੇ 'ਤੇ ਨਗਰ ਕੀਰਤਨ ਸਜਾਉਣ ਸੰਬੰਧੀ ਮੀਟਿੰਗ

ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)

ਹੋਲੇ ਮਹੱਲੇ ਦੇ ਸੰਬੰਧ ਵਿੱਚ ਨਿਰਮਲ ਭੇਖ ਦੇ ਸੰਤਾਂ- ਮਹਾਂਪੁਰਸ਼ਾਂ ਦੀ ਇਕ ਮੀਟਿੰਗ ਡੇਰਾ ਸੰਤਗੜ੍ਹ ਹਰਖੋਵਾਲ ਵਿਖੇ ਹੋਈ ਜਿਸ ਵਿੱਚ ਹੋਲੇ ਮਹੱਲੇ ਤੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਨਗਰ ਕੀਰਤਨ ਸਜਾਉਣ ਸੰਬੰਧੀ ਵਿਚਾਰਾਂ ਕੀਤੀਆਂ ਗਈਆਂ। ਨਿਰਮਲ ਭੇਖ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 2 ਮਾਰਚ 2026 ਨੂੰ ਗੁਰਦੁਆਰਾ ਟਿੱਬਾ ਸਾਹਿਬ ਚੱਕ ਹੋਲਗੜ੍ਹ ਸ੍ਰੀ ਆਨੰਦਪੁਰ ਸਾਹਿਬ ਤੋਂ ਸ਼ਾਨਦਾਰ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਹੇਠ ਤੇ ਪੰਜ ਪਿਆਰਿਆਂ ਦੀ ਰਹਿਨੁਮਾਈ ਹੇਠ ਸਜਾਇਆ ਜਾਵੇਗਾ। ਇਹ ਨਗਰ ਕੀਰਤਨ ਗੁਰਦੁਆਰਾ ਟਿੱਬਾ ਸਾਹਿਬ ਤੋਂ ਆਰੰਭ ਹੋ ਕੇ ਸੰਤ ਪ੍ਰੀਤਮ ਸਿੰਘ ਜੀ ਡਮੇਲੀ ਵਾਲਿਆਂ ਦੇ ਅਸਥਾਨ ਤੇ ਪਹਿਲਾ ਪੜਾਅ ਕਰੇਗਾ। ਉਸ ਤੋਂ ਬਾਅਦ ਪੰਜ ਪਿਆਰੇ ਪਾਰਕ ਤੋਂ ਹੁੰਦਾ ਹੋਇਆ ਵੱਖ-ਵੱਖ ਪੜਾਵਾਂ ਤੇ ਰੁਕਦਿਆਂ ਸੰਤ ਡਮੇਲੀ ਵਾਲਿਆਂ ਦੇ ਅਸਥਾਨ ਤੇ ਪਹੁੰਚੇਗਾ, ਜਿੱਥੇ ਦੁਪਹਿਰ ਦਾ ਪ੍ਰਸ਼ਾਦਾ ਸੰਗਤਾਂ ਨੂੰ ਛਕਾਇਆ ਜਾਵੇਗਾ। ਇਸ ਤੋਂ ਬਾਅਦ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਪਹੁੰਚ ਕੇ ਨਗਰ ਕੀਰਤਨ ਦੀ ਸੰਪੂਰਨਤਾ ਹੋਵੇਗੀ। ਇਸ ਮੀਟਿੰ

29 Jan Page 9.qxd 1/28/2026 9:43 PM Page 1

ਕਿਸਾਨ ਅੰਦੋਲਨ ਦੀ ਪੰਜਵੀਂ ਵਰ੍ਹੇਗੰਢ ਮੌਕੇ ਟਰੈਕਟਰ ਮਾਰਚ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਸੰਯੁਕਤ ਕਿਸਾਨ ਮੋਰਚਾ ਦੇ ਸੱਦੇ ਤੇ ਇੱਥੇ ਵੱਖ-ਵੱਖ ਕਿਸਾਨ-ਮਜ਼ਦੂਰ ਜਥੇਬੰਦੀਆਂ ਨੇ ਕਿਸਾਨ ਅੰਦੋਲਨ ਦੀ ਪੰਜਵੀਂ ਵਰੇਗੰਢ ਦੇ ਮੌਕੇ ਤੇ ਵਿਸ਼ਾਲ ਟਰੈਕਟਰ ਮਾਰਚ

ਕੀਤਾ ਗਿਆ। ਸਥਾਨਕ ਪੰਜ ਪਿਆਰਾ ਪਾਰਕ ਤੋਂ ਟਰੈਕਟਰ ਪਰੇਡ ਸ਼ੁਰੂ ਕਰ ਕੇ ਨਵੀਂ ਅਬਾਦੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਨੇੜੇ,ਬੱਸ ਸਟੈਂਡ,ਮਜਾਰਾ, ਅਗੰਮਪੁਰ ਟੀ ਪੁਆਇੰਟ,ਲੰਗ ਮਜਾਰਾ, ਗੰਗੂਵਾਲ, ਮਾਂਗੇਵਾਲ,ਡੱਬਰੀ ਸੂਰੇਵਾਲ, ਪਿੰਡ ਢੇਰ ਵਿਖੇ ਸਮਾਪਤ ਹੋਇਆ। ਇਸ ਮਾਰਚ ਵਿੱਚ ਇਲਾਕੇ ਦੇ ਕਿਸਾਨਾਂ ਮਜ਼ਦੂਰਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਕਿਸਾਨਾਂ ਨੇ ਆਪਣੇ ਟਰੈਕਟਰਾਂ 'ਤੇ ਤਿਰੰਗੇ ਝੰਡੇ ਵੀ ਲਗਾਏ ਹੋਏ ਸਨ। ਆਗੂਆਂ ਨੇ ਕਿਹਾ ਕਿ ਕਿਸਾਨੀ ਮੰਗਾਂ ਸਾਰੀਆਂ ਫਸਲਾਂ ਤੇ ਸੀ 2 ਪਲੱਸ 50 ਪ੍ਰਤੀਸ਼ਤ ਤੇ ਐੱਮ ਐੱਸ ਪੀ ਦਾ ਕਾਨੂੰਨ ਬਣਾਇਆ ਜਾਵੇ, ਮਨਰੇਗਾ ਨੂੰ ਖਤਮ ਕਰਕੇ ਬਣਾਇਆ ਮਜ਼ਦੂਰ ਵਿਰੋਧੀ ਕਾਨੂੰਨ ਵੀ ਬੀ ਜੀ ਰਾਮ ਜੀ ਨੂੰ ਰੱਦ ਕੀਤਾ ਜਾਵੇ, ਬਿਜਲੀ ਸੋਧ ਬਿਲ 2025 ਰੱਦ ਕੀਤਾ ਜਾਵੇ, ਬੀਜ ਬਿੱਲ 2025 ਰੱਦ ਕੀਤਾ ਜਾਵੇ, ਚਾਰ ਲੇਬਰ ਕੋਡ ਰੱਦ ਕੀਤੇ ਜਾਣ, ਅਮਰੀਕਾ ਨਾਲ ਖੇਤੀ ਸਬੰਧੀ ਕੋਈ ਵੀ ਸਮਝੌਤਾ ਨਾ ਕੀਤਾ ਜਾਵੇ। ਕਿਸਾਨ ਆਗੂਆਂ ਨੇ ਕਿਹਾ ਕਿ ਦੇਸ਼ ਅੰਦਰ 12 ਫ਼ਰਵਰੀ ਨੂੰ ਕੇਂਦਰ ਦੀ ਸਰਕਾਰ ਖ਼ਿਲਾਫ਼ ਇਤਿਹਾਸਕ ਹੜਤਾਲ ਕੀਤੀ ਜਾ ਰਹੀ ਹੈ।ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਕੁੱਲ ਹਿੰਦ ਕਿਸਾਨ ਸਭਾ ਅਜੇ ਭਵਨ ਦੇ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਔਲੱਖ,ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਜੈਮਲ ਸਿੰਘ ਭੜੀ,ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਮਾਸਟਰ ਕਿਰਪਾਲ ਸਿੰਘ ਭੱਟੋਂ, ਬਿਜਲੀ ਮੁਲਾਜ਼ਮਾਂ ਦੇ ਆਗੂ ਤਰਸੇਮ ਬੜਵਾ, ਵਾਟਰ ਸਪਲਾਈ ਯੂਨੀਅਨ ਦੇ ਆਗੂ ਕਪਿਲ ਮਹਿੰਦਲੀ ਤੋਂ ਇਲਾਵਾ ਮਹਿੰਦਰ ਸਿੰਘ ਸੰਗਤਪੁਰ, ਤਰਸੇਮ ਲਾਲ ਸੁਖਸਾਲ ,ਇੰਦਰਜੀਤ ਸਿੰਘ ਫੌਜੀ, ਸੂਬੇਦਾਰ ਗੁਰਨਾਮ ਸਿੰਘ ਭੰਗਲ, ਪ੍ਰਿੰਸ ਬੱਢਲ,ਗੁਲਜਾਰ ਸਿੰਘ ਨੰਗਲੀ,ਦਰਸ਼ਨ ਸਿੰਘ ਬੜਵਾ,ਸੁਰਿੰਦਰ ਸਿੰਘ ਬਰੂਵਾਲ,ਕਰਮ ਚੰਦ ਗਨਾਰੂ,ਸੁਰਜੀਤ ਸਿੰਘ ਮਿਡਵਾ, ਗੱਜਣ ਸਿੰਘ ਲੋਧੀਪਰ,ਕਰਮ ਸਿੰਘ ਮਿਡਵਾ,ਕਾਮਰੇਡ ਦਵਿੰਦਰ ਕੁਮਾਰ ਨੰਗਲੀ, ਰਾਮਪਾਲ ਤਾਰਾਪੁਰ,ਕਿਸ਼ਨ ਸਿੰਘ ਅਟਾਰੀ, ਬੀਰ ਸਿੰਘ ਬਣੀ,ਦੀਦਾਰ ਸਿੰਘ ਜੈਤੇਵਾਲ,ਰਮੇਸ਼ ਕੁਮਾਰ ਬਾਸੋਵਾਲ,ਨਿਰਮਲ ਸਿੰਘ ਕੋਟਲਾ,ਸੁਸ਼ੀਲ ਕੁਮਾਰ, ਬਾਬਾ ਹਰਵੰਤ ਸਿੰਘ, ਰਾਮ ਨਾਥ ਤਾਰਾਪੁਰ, ਈਸ਼ਵਰ ਸਿੰਘ ਲਮਲੇਹੜੀ , ਨੱਥਾ ਸਿੰਘ ਨਾਰਡ, ਜਰਨੈਲ ਸਿੰਘ ਨੰਗਲੀ,ਹਰਜਾਪ ਸਿੰਘ ਬਡਿਆਲ,ਮੇਜਰ ਸਿੰਘ ਬਡਿਆਲ, ਬਰਜਿੰਦਰ ਸਿੰਘ ਡੋਡ, ਨਾਨਕ ਸਿੰਘ ਢਿੱਲੋਂ, ਅਰਸ਼ ਢਾਹੇ, ਪ੍ਰੇਮ ਸਿੰਘ ਹੋਲਗੜ, ਬਲਵੀਰ ਸਿੰਘ ਸੰਗਤਪੁਰ, ਜਸ਼ਨ ਸਿੰਘ ਬੈਂਸ,ਸੋਨੀ ਲੰਬੜ ਮਜਾਰਾ,ਪ੍ਰੇਮ ਪਾਲ ਪਿੰਕਾ, ਬਲਵੀਰ ਸਿੰਘ ਅਟਵਾਲ ਵੀ ਹਾਜ਼ਰ ਸਨ।

ਸੰਘਵਾਲ ਦੀ ਪ੍ਰਭਾਤ ਫੇਰੀ ਵਾਲੀ ਸੰਗਤ ਡੇਰਾ ਬੱਲਾਂ ਨਤਮਸਤਕ ਹੋਈ

ਕਿਸ਼ਨਗੜ੍ਹ (ਸੁਖਜੀਤ ਕੁਮਾਰ)- ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 649ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਪਿੰਡ ਸੰਘਵਾਲ ਦੀ ਗੁਰੂ ਰਵਿਦਾਸ ਧਰਮਸ਼ਾਲਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਭਾਤ ਫੇਰੀਆਂ ਦੀ ਸ਼ੁਰੂਆਤ ਕੀਤੀ ਗਈ ਹੈ। ਪ੍ਰਭਾਤ ਫੇਰੀਆਂ ਦੇ ਦੌਰਾਨ ਹੀ ਸੰਗਤ ਸ਼ੋਭਾ ਯਾਤਰਾ ਦੇ ਰੂਪ ਵਿੱਚ ਸਤਿਗੁਰੂ ਰਵਿਦਾਸ ਮਹਾਰਾਜ ਦੀ

ਮਹਿਮਾ ਦਾ ਗੁਣਗਣ ਕਰਦੇ ਹੋਏ ਸਵੇਰੇ ਡੇਰਾ ਸੰਤ ਸਰਵਣ ਦਾਸ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋਈ। ਜਿੱਥੇ ਸੰਗਤ ਨੇ ਡੇਰਾ ਸੱਚਖੰਡ ਬੱਲਾਂ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਨਿਰੰਜਨ ਦਾਸ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਪਬਲਿਕ ਚੈਰੀਟੇਬਲ ਟਰਸਟ ਵਾਰਾਣਸੀ(ਯੂ ਪੀ) ਤੋਂ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਕਮੇਟੀ ਦੇ ਪ੍ਰਧਾਨ ਅਸ਼ੋਕ ਕੁਮਾਰ, ਮੀਤ ਪ੍ਰਧਾਨ ਰਾਜੇਸ਼ ਚੌਹਾਨ, ਸੈਕਟਰੀ ਜਗਦੀਸ਼ ਲਾਲ, ਖਜਾਨਚੀ ਸਤਪਾਲ, ਰਜਿੰਦਰ ਪਾਲ, ਸੱਤਿਆਪਾਲ, ਗੁਰਿੰਦਰ ਸਿੰਘ, ਜਸਪਾਲ ਸਿੰਘ ਟੀਟੂ, ਲਾਡੀ, ਓਂਕਾਰ ਸਿੰਘ ਬੱਧਣ, ਸਾਜਨ, ਗੁਰਪ੍ਰੀਤ ਸਿੰਘ, ਨਵਦੀਪ ਸਿੰਘ, ਮਝੈਲ ਸਿੰਘ, ਸੋਮਲਾਲ, ਲੈਂਹਬਰ, ਕਮਲਜੀਤ ਸਿੰਘ, ਕੁਲਵੀਰ ਸਿੰਘ, ਓਂਕਾਰ ਸਿੰਘ ਫੌਜੀ, ਹਰਜਿੰਦਰ ਜੱਸੀ, ਜਸਵਿੰਦਰ ਜੱਸੀ, ਵਰਿੰਦਰ ਬੱਧਣ, ਸ਼ੰਕਰ ਦਾਸ, ਤਿਲਕ ਰਾਜ, ਕਰਮਜੀਤ ਸਿੰਘ ਨੀਟਾ, ਅਮਰਜੀਤ ਬਬਲੂ, ਖੇਮ ਚੰਦ, ਮੋਹਿਤ, ਬੱਬੂ, ਹਰਸ਼, ਯੁਵਰਾਜ, ਹਨੀ, ਪੰਮੂ, ਅਜੇ ਕੁਮਾਰ, ਰਿੰਕੂ, ਮਿੰਟੂ, ਮੰਨੂ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਦੀਆਂ ਸੰਗਤਾਂ ਹਾਜ਼ਰ ਸਨ।

ਗਣਤੰਤਰ ਦਿਵਸ ਮਨਾਇਆ ਗਿਆ

ਅੱਡਾ ਸਰਾਂ (ਜਸਵੀਰ ਕਾਜਲ) -ਬੀ ਐੱਨ ਡੀ ਸੀਨੀਅਰ ਸੈਕੰਡਰੀ ਸਕੂਲ ਕੰਧਾਲਾ ਜੱਟਾਂ ਵਿਖੇ 77 ਵੇਂ ਗਣਤੰਤਰ ਦਿਵਸ ਮੌਕੇ ਪ੍ਰਿੰਸੀਪਲ ਜੈ ਕਿਸ਼ਨ ਮਹਿਤਾ ਨੇ ਤਿਰੰਗਾਂ ਲਹਿਰਾ ਕੇ ਸਮੂਹ ਦੇਸ਼

ਵਾਸੀਆਂ ਨੂੰ ਗਣਤੰਤਰ ਦਿਵਸ ਦੀ ਵਧਾਈ ਦਿਤੀ ਅਤੇ ਦੇਸ਼ ਦੀ ਸੁੱਖ, ਸ਼ਾਤੀ, ਖੁਸ਼ਹਾਲੀ ਤੇ ਤਰੱਕੀ ਲਈ ਹਰੇਕ ਨਾਗਰਿਕ ਨੂੰ ਯੋਗਦਾਨ ਪਾਉਣ ਲਈ ਪ੍ਰੇਰਣਾ ਦਿੱਤੀ। ਇਸ ਮੌਕੇ ਸਕੂਲ ਦਾ ਸਮੂਹ ਸਟਾਫ਼, ਸਕੂਲ ਦੇ ਬੱਚੇ ਤੇ ਬੱਚਿਆਂ ਦੇ ਮਾਤਾ-ਪਿਤਾ ਤੇ ਵੱਖ-ਵੱਖ ਪਿਡਾਂ ਦੇ ਮੋਹਤਬਰ, ਸਰਪੰਚ, ਪੰਚ ਆਦਿ ਹਾਜ਼ਰ ਸਨ।

ਸੰਤ ਬਾਬਾ ਬਿਸ਼ਨ ਸਿੰਘ ਦੀ ਸਾਲਾਨਾ ਬਰਸੀ ਸ਼ਰਧਾਪੂਰਵਕ ਸੰਪੰਨ

ਅੱਡਾ ਸਰਾਂ (ਜਸਵੀਰ ਕਾਜਲ)- ਅੱਡਾ ਸਰਾਂ ਨਜਦੀਕ ਪਿੰਡ ਖਡਿਆਲਾ (ਮਿਰਜਾਪੁਰ) ਵਿਖੇ ਸੰਤ ਬਾਬਾ ਬਿਸ਼ਨ ਸਿੰਘ ਜੀ ਦੀ ਸਾਲਾਨਾ ਬਰਸੀ ਪ੍ਰਬੰਧਕ ਕਮੇਟੀ ਵਲੋਂ ਪਿੰਡ ਤਲਵੰਡੀ

ਭਰਗੈਰੀਆਂ, ਪਿੰਡ ਸੰਗਤ ਪੁਰ ਜ਼ਿਲ੍ਹਾ ਮੋਗਾ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾਪੂਰਵਕ ਸੰਪਨ ਹੋਈ ਇਸ ਮੌਕੇ ਸੰਤ ਬਾਬਾ ਬਿਸਨ ਸਿੰਘ ਜੀ ਦੇ ਬਰਸੀ ਨੂੰ ਸਮਰਪਿਤ ਤਿੰਨ ਅਖੰਡ ਪਾਠਾਂ ਦੀ ਲੜੀ ਸ਼ੁਰੂ ਕੀਤੀ ਗਈ ਤੇ ਤਿੰਨ ਦਿਨ ਚਾਹ ਪਕੌੜਿਆ ਤੇ ਗੁਰੂ ਦੇ ਅਤੁੱਟ ਲੰਗਰ ਵਰਤਾਇਆ ਗਿਆ ਤੇ ਇਸੇ ਤਰ੍ਹਾਂ ਤਿੰਨ ਅਖੰਡ ਪਾਠਾਂ ਦੇ ਭੋਗ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਅਤੇ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਗਿਆ ਤੇ ਫਰੂਟ ਦੇ ਵੀ ਲੰਗਰ ਲਗਾਏ ਗਏ ।ਇਸ ਮੌਕੇ ਇਲਾਕੇ ਦੀਆਂ ਸੰਗਤਾਂ ਅਤੇ ਦੂਰ ਦੁਰਾਡੇ ਦੀਆਂ ਸੰਗਤਾਂ ਨੇ ਵੀ ਗੁਰੂ ਚਰਨਾਂ ਵਿੱਚ ਹਾਜ਼ਰੀ ਲਗਵਾਈ। ਇਸ ਮੌਕੇ ਬਾਬਾ ਬਿਕਰ ਸਿੰਘ, ਲਖਵੀਰ ਸਿੰਘ, ਬਸੰਤ ਸਿੰਘ, ਮਨਦੀਪ ਸਿੰਘ, ਸੁਖਦੇਵ ਸਿੰਘ, ਬਲਦੇਵ ਸਿੰਘ, ਸ਼ਿਦਰ ਸਿੰਘ, ਬੇਆਤ ਸਿੰਘ, ਗੁਰਪ੍ਰੀਤ ਸਿੰਘ, ਗੁਰਚਰਨ ਸਿੰਘ, ਜਗਰੂਪ ਸਿੰਘ, ਦਰਸ਼ਨ ਸਿੰਘ, ਮਣਜੀਤ ਸਿੰਘ, ਸਤਨਾਮ ਸਿੰਘ, ਰਣਵੀਰ ਸਿੰਘ, ਬਲਜੀਤ ਸਿੰਘ, ਸੁਰਿੰਦਰ ਸਿੰਘ, ਸੁਰਜੀਤ ਸਿੰਘ, ਅਜੈਬ ਸਿੰਘ ਆਦਿ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।

ਗਣਤੰਤਰ ਦਿਵਸ ਮਨਾਇਆ

ਫਗਵਾੜਾ (ਡਾ. ਰਮਨ)- ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ ਫਗਵਾੜਾ ਦੇ ਪ੍ਰਿੰਸੀਪਲ ਡਾ. ਸਵਿੰਦਰ ਪਾਲ ਜੀ ਦੀ ਸੁਯੋਗ ਅਗਵਾਈ ਹੇਠ ਐੱਨ ਐੱਸ ਐੱਸ ਯੂਨਿਟ ਤੇ ਐੱਨ ਸੀ ਸੀ ਵਿੰਗ ਵੱਲੋਂ ਗਣਤੰਤਰ ਦਿਵਸ ਨੂੰ ਬਹੁਤ ਹੀ ਉਤਸ਼ਾਹ ਤੇ ਦੇਸ਼ ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਕਾਲਜ ਪ੍ਰਿੰਸੀਪਲ ਡਾ. ਸਵਿੰਦਰ ਪਾਲ ਵੱਲੋਂ ਰਾਸ਼ਟਰੀ ਝੰਡਾ ਲਹਿਰਾਉਣ ਨਾਲ ਹੋਈ, ਜਿਸ ਵਿੱਚ ਮੈਡਮ ਨਿਧੀ ਜੱਸਲ (ਐੱਨ ਐੱਸ ਐੱਸ ਪ੍ਰੋਗਰਾਮ ਅਫਸਰ), ਡਾ. ਤਵੀਸ਼ਾ (ਐੱਨ ਐੱਸ ਐੱਸ ਪ੍ਰੋਗਰਾਮ ਅਫਸਰ), ਖੁਸ਼ੀ (ਐੱਨ ਸੀ ਸੀ ਸੀ ਟੀ ਓ) ਤੇ ਐੱਨ ਐੱਸ ਐੱਸ ਤੇ ਐੱਨ ਸੀ ਸੀ ਵਲੰਟੀਅਰ ਸ਼ਾਮਲ ਸਨ।ਝੰਡਾ ਲਹਿਰਾਉਣ ਦੀ ਰਸਮ ਤੋਂ ਬਾਅਦ ਰਾਸ਼ਟਰੀ ਗੀਤ ਗਾਇਆ ਗਿਆ। ਵਿਦਿਆਰਥੀਆਂ ਤੇ ਸਮੂਹ ਸਟਾਫ਼ ਨੂੰ ਸੰਬੋਧਨ ਕਰਦੇ ਹੋਏ, ਪ੍ਰਿੰਸੀਪਲ ਨੇ ਰਾਸ਼ਟਰ ਨਿਰਮਾਣ ਲਈ ਨੌਜਵਾਨਾਂ ਵਿੱਚ ਸੰਵਿਧਾਨਕ ਕਦਰਾਂ-ਕੀਮਤਾਂ, ਅਨੁਸ਼ਾਸਨ ਅਤੇ ਜ਼ਿੰਮੇਵਾਰ ਨਾਗਰਿਕਤਾ ਨੂੰ ਕਾਇਮ ਰੱਖਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸ ਪ੍ਰੋਗਰਾਮ ਨੂੰ ਮਨਾਉਂਦੇ ਹੋਏ ਸਾਰੇ ਵਲੰਟੀਅਰਾਂ ਅਤੇ ਸਟਾਫ਼ ਮੈਂਬਰਾਂ ਵਿੱਚ ਲੱਡੂ ਵੰਡੇ ਗਏ, ਜਿਸ ਨਾਲ ਦੇਸ਼ ਭਗਤੀ ਦੇ ਜਸ਼ਨਾਂ ਵਿੱਚ ਮਿਠਾਸ ਭਰ ਗਈ।ਏਕਤਾ, ਜ਼ਿੰਮੇਵਾਰੀ ਅਤੇ ਦੇਸ਼ ਦੀ ਸੇਵਾ ਦੀਆਂ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਦਾ ਹੋਇਆ ਇਹ ਪ੍ਰੋਗਰਾਮ ਪ੍ਰੇਰਨਾਦਾਇਕ ਨੋਟ 'ਤੇ ਸਮਾਪਤ ਹੋਇਆ।

ਸ਼ਹੀਦ ਬਾਬਾ ਮਤੀ ਜੀ ਨੂੰ ਸਮਰਪਿਤ ਸ਼ਹੀਦੀ ਦਿਹਾੜਾ ਮਨਾਇਆ

ਆਦਮਪੁਰ, (ਪਰਮਜੀਤ ਸਿੰਘ)- ਦੋਆਬੇ ਦਾ ਪ੍ਰਸਿੱਧ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਡਰੋਲੀ ਕਲਾਂ ਵਿਖੇ ਧੰਨ ਧੰਨ ਸ਼ਹੀਦ ਬਾਬਾ ਮੱਤੀ ਜੀ ਦੀ ਪਵਿੱਤਰ ਯਾਦ ਨੂੰ ਸਮਰਪਿਤ ਸਾਲਾਨਾ ਸ਼ਹੀਦੀ ਦਿਹਾੜਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਡਰੋਲੀ ਦੀ ਦੇਖ-ਰੇਖ ਹੇਠ ਸਮੂਹ ਕਮੇਟੀ ਮੈਂਬਰਾਂ ਤੇ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਗਿਆ।ਕਮੇਟੀ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਡਰੋਲੀ ਨੇ ਦੱਸਿਆ ਕਿ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਧਾਰਮਿਕ ਸਮਾਗਮ ਦੌਰਾਨ ਲੜੀਵਾਰ ਆਰੰਭ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਧੰਨ -ਧੰਨ ਸ੍ਰੀ ਗੁਰੂ ਗ੍ਰੰਥ ਸਹਿਬ ਜੀ ਦੀ ਛੱਤਰ ਛਾਇਆ ਹੇਠ ਸਜਾਏ ਗਏ ਦੀਵਾਨ ਦੌਰਾਨ ਭਾਈ ਜਗਤਾਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਗਗਨਦੀਪ ਸਿੰਘ ਰਾਗੀ ਜਥਾ ਗੰਗਾਨਗਰ, ਭਾਈ ਸਰਬਜੀਤ ਸਿੰਘ ਕਥਾ ਵਾਚਕ ਲੁਧਿਆਣੇ ਵਾਲੇ, ਭਾਈ ਗੁਰਮੀਤ ਸਿੰਘ ਐੱਮ ਏ ਢਾਡੀ ਜਥਾ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ, ਭਾਈ ਗੁਰਜੀਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਜੀ ਡਰੋਲੀ ਕਲਾਂ ਤੇ ਪੰਥ ਦੇ ਹੋਰ ਜਥਿਆਂ ਨੇ ਦੇਸ਼-ਵਿਦੇਸ਼ਾਂ, ਪੰਜਾਬ ਦੇ

ਵੱਖ-ਵੱਖ ਪਿੰਡਾਂ ਤੇ ਆਸ-ਪਾਸ ਦੇ ਇਲਾਕੇ ਤੋਂ ਆਈਆਂ ਸੰਗਤਾਂ ਨੂੰ ਕਥਾ, ਕੀਰਤਨ ਤੇ ਢਾਡੀ ਵਾਰਾਂ ਰਾਹੀਂ ਨਿਹਾਲ ਕੀਤਾ। ਆਈਆਂ ਸੰਗਤਾਂ ਲਈ ਮੁਫਤ ਮੈਡੀਕਲ ਕੈਂਪ ਵੀ ਲਾਇਆ ਗਿਆ, ਜਿਸ 'ਚ ਵੱਖ-ਵੱਖ ਬੀਮਾਰੀਆਂ ਦੇ ਮਾਹਿਰ ਡਾਕਟਰਾਂ ਵੱਲੋਂ 150 ਦੇ ਕਰੀਬ ਮਰੀਜ਼ਾਂ ਦਾ ਚੈੱਕਅੱਪ ਕਰ ਕੇ ਉਨ੍ਹਾਂ ਨੂੰ ਮੁਫਤ ਦਵਾਈਆਂ ਦਿੱਤੀਆਂ। ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਪ੍ਰਬੰਧਕ ਕਮੇਟੀ ਵਲੋਂ ਸਮਾਗਮ ਵਿਸ਼ੇਸ਼ ਤੌਰ 'ਤੇ ਪਹੁੰਚੀਆਂ ਪ੍ਰਮੁੱਖ ਸ਼ਖਸ਼ੀਅਤਾਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ । ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਨੇ ਸਮਾਗਮ 'ਚ ਪਹੁੰਚੀਆਂ, ਸਭ ਸੰਗਤਾਂ ਦਾ ਧੰਨਵਾਦ ਕੀਤਾ ਗਿਆ। ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ । ਸਟੇਜ ਸਕੱਤਰ ਦੀ ਭੂਮਿਕਾ ਮਾਸਟਰ ਸੁਰਜੀਤ ਸਿੰਘ ਡਰੋਲੀ ਨੇ ਬਾਖੂਬੀ ਨਿਭਾਈ। ਇਸ ਮੌਕੇ ਸਕੱਤਰ ਰਣਵੀਰ ਪਾਲ ਸਿੰਘ, ਮਾਸਟਰ ਸੁਰਜੀਤ ਸਿੰਘ, ਇੰਸਪੈਕਟਰ ਸਤਨਾਮ ਸਿੰਘ ਡਰੋਲੀ, ਜਰਨੈਲ ਸਿੰਘ ਡਰੋਲੀ, ਜਸਪਾਲ ਸਿੰਘ, ਦਰਸ਼ਨ ਸਿੰਘ, ਕਰਮ ਸਿੰਘ, ਨਰਿੰਦਰ ਸਿੰਘ, ਸਰਪੰਚ ਰਸ਼ਪਾਲ ਸਿੰਘ, ਹਰਦਿਆਲ ਸਿੰਘ, ਸੁਰਿੰਦਰ ਸਿੰਘ, ਗੁਰਜੀਤ ਸਿੰਘ, ਮਨਦੀਪ ਸਿੰਘ, ਇਕਬਾਲ ਸਿੰਘ, ਡਾ. ਰਣਧੀਰ ਸਿੰਘ ਰੰਧਾਵਾ, ਪਰਮਜੀਤ ਸਿੰਘ ਤੇ ਹੋਰ ਸੰਗਤਾਂ ਹਾਜ਼ਰ ਸਨ।

ਵੇਦ ਪ੍ਰਕਾਸ਼ ਕ੍ਰਿਪਾਲ ਨਮਿਤ ਅੰਤਿਮ ਅਰਦਾਸ ਤੇ ਰਸਮ ਪਗੜੀ ਸਮਾਗਮ ਅੱਜ

ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)-ਐਡਵੋਕੇਟ ਪੰਕਜ ਕ੍ਰਿਪਾਲ ਜੀ ਦੇ ਪਿਤਾ ਸ੍ਰੀ ਵੇਦ ਪ੍ਰਕਾਸ਼ ਕ੍ਰਿਪਾਲ ਜੀ ਪੀ. ਏ.ਐਸ. ਜੋ ਕਿ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਸਨ। ਉਹਨਾਂ ਨਮਿਤ ਅੰਤਿਮ ਅਰਦਾਸ ਤੇ ਰਸਮ ਪਗੜੀ 29 ਜਨਵਰੀ ਨੂੰ ਸ੍ਰੀ ਵਿਸ਼ਵਕਰਮਾ ਮੰਦਿਰ ਆਨੰਦਪੁਰ ਸਾਹਿਬ ਰੋਡ ਗੜਸ਼ੰਕਰ ਵਿਖੇ ਦੁਪਹਿਰ 1 ਤੋਂ 2 ਵਜੇ ਬਾਅਦ ਦੁਪਹਿਰ ਕੀਤੀ ਜਾਵੇਗੀ। ਐਡਵੋਕੇਟ ਪੰਕਜ ਕ੍ਰਿਪਾਲ ਤੇ ਉਹਨਾਂ ਦੇ ਸਮੂਹ ਪਰਿਵਾਰ ਨਾਲ ਵੱਖ-ਵੱਖ ਰਾਜਨੀਤਿਕ, ਧਾਰਮਿਕ, ਸਮਾਜਿਕ ਜਥੇਬੰਦੀਆਂ ਦੇ ਆਗੂਆਂ ਸਮੇਤ ਗੜਸ਼ੰਕਰ ਅਤੇ ਇਲਾਕਾ ਦੀਆਂ ਪ੍ਰਮੁੱਖ ਸ਼ਖਸੀਅਤਾਂ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਜਾ ਰਿਹਾ ਹੈ। ਵਰਨਣਯੋਗ ਹੈ ਕਿ ਪਹਿਲਾਂ ਇਹ ਸਮਾਗਮ 27 ਜਨਵਰੀ ਦਾ ਰੱਖਿਆ ਗਿਆ ਸੀ ਪਰ ਕੁਝ ਕਾਰਨਾਂ ਕਰਕੇ ਹੁਣ ਇਹ ਸਮਾਗਮ 29 ਜਨਵਰੀ ਨੂੰ ਕੀਤਾ

29 Jan Page 10.qxd 1/28/2026 9:27 PM Page 1

ਕਿਸਾਨ ਜਥੇਬੰਦੀ ਵੱਲੋਂ ਝੂਠੇ ਪਰਚੇ ਰੱਦ ਕਰਾਉਣ ਲਈ ਬੋਹਾ ਖੇਤਰ 'ਚ ਮੀਟਿੰਗਾਂ

ਬੋਹਾ (ਨਿਰੰਜਣ ਬੋਹਾ)- ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਬੋਹਾ ਖੇਤਰ ਦੇ ਪਿੰਡਾਂ ਰਾਮਪੁਰ ਮਡੇਰ, ਬੋਹਾ, ਹਾਕਮ ਵਾਲਾ, ਤਾਲਬ ਵਾਲਾ, ਗੰਢੂ ਖੁਰਦ, ਗੰਢੂ ਕਲਾਂ, ਆਲਪੁਰ ਮੰਦਰਾਂ, ਟਾਹਲੀਆਂ ਆਦਿ ਵਿੱਚ 30 ਜਨਵਰੀ ਨੂੰ ਜ਼ਿਲ੍ਹਾ ਪੁਲਸ ਹੈੱਡਕੁਆਰਟਰ ਮਾਨਸਾ ਵਿਖੇ ਧਰਨੇ ਦੀ ਤਿਆਰੀ ਸੰਬਧੀ ਰੈਲੀਆਂ ਕੀਤੀਆਂ ਗਈਆਂ। ਯੂਨੀਅਨ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸੱਤਪਾਲ ਸਿੰਘ ਬਰ੍ਹੇ ਨੇ ਦੱਸਿਆ ਇਹ ਧਰਨਾ ਪਿੰਡ ਕੁੱਲਰੀਆਂ ਦੇ ਕਿਸਾਨ ਮਰਦ ਅਤੇ ਔਰਤਾਂ 'ਤੇ ਪਾਏ ਝੂਠੇ ਪਰਚਿਆਂ ਨੂੰ ਰੱਦ ਕਰਵਾਉਣ ਦੇ ਸਬੰਧ ਵਿਚ ਦਿੱਤਾ ਜਾਵੇਗਾ ।ਇਹਨਾਂ ਮੀਟਿੰਗਾਂ ਨੂੰ ਸੰਬੋਧਿਤ ਕਰਦਿਆਂ ਬਲਾਕ ਸੀਨੀਅਰ ਮੀਤ ਪ੍ਰਧਾਨ ਤੇਜਰਾਮ ਅਹਿਮਦਪੁਰ, ਖ਼ਜ਼ਾਨਚੀ ਜਗਜੀਵਨ ਸਿੰਘ ਹਸਨਪੁਰ, ਮੀਤ ਪ੍ਰਧਾਨ ਤਰਨਜੀਤ ਮੰਦਰਾਂ ਆਦਿ ਨੇ ਸੰਬੋਧਨ ਕਰਦਿਆਂ ਕਿਹਾ ਸਰਕਾਰ ਅਤੇ ਪ੍ਰਸ਼ਾਸਨ ਦੀ ਮਿਲੀਭੁਗਤ ਕਰਕੇ ਪਿਛਲੇ ਸਮੇਂ ਤੋਂ ਕਿਸਾਨਾਂ ਨੂੰ ਜ਼ਮੀਨਾਂ ਤੋਂ ਬੇਦਖਲ ਕਰਨ ਦੇ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਤੇ ਸਰਕਾਰੀ ਤੰਤਰ ਵੱਲੋਂ ਕੁਲਰੀਆਂ ਦੇ ਇੱਕ ਕਿਸਾਨ ਅਤੇ ਚਾਰ ਔਰਤਾਂ 'ਤੇ ਝੂਠਾ ਪਰਚਾ ਦਰਜ ਕਰਵਾਇਆ ਗਿਆ ਹੈ । ਉਨਾਂ ਕਿਹਾ ਕਿ ਜਨਤਕ ਲਾਮਬੰਦੀ ਰਾਹੀਂ ਕਿਸਾਨਾਂ 'ਤੇ ਹੋਏ ਝੂਠੇ ਪਰਚੇ ਦਰਜ ਰੱਦ ਕਰਵਾਉਣ ਲਈ ਇਹ ਧਰਨਾ ਐਸ ਐਸ ਪੀ ਮਾਨਸਾ ਦੇ ਦਫ਼ਤਰ ਅੱਗੇ ਧਰਨਾ ਦਿੱਤਾ ਜਾਵੇਗਾ।

ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਦੀ ਮੀਟਿੰਗ ਹੋਈ

ਜਲਾਲਾਬਾਦ, (ਜੀਤ ਕੁਮਾਰ) ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ (ਰਜਿ.31) ਦੀ ਬ੍ਰਾਂਚ ਵੱਲੋਂ ਬ੍ਰਾਂਚ ਪ੍ਰਧਾਨ ਰਾਕੇਸ਼ ਸਿੰਘ ਹੀਰੇਵਾਲਾ ਦੀ ਅਗਵਾਈ ਹੇਠ ਜਲ ਸਪਲਾਈ ਦਫਤਰ ਗੁੰਮਾਨੀਵਾਲਾ ਵਿਖੇ ਮੀਟਿੰਗ ਕੀਤੀ ਗਈ, ਜਿਸ ਵਿੱਚ ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ, ਦਫਤਰੀ ਸਟਾਫ਼ ਤੋਂ ਸੂਬਾਈ ਆਗੂ ਸੁਖਚੈਨ ਸਿੰਘ ਸੋਢੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਫੀਲਡ ਤੇ ਦਫਤਰ ਵਿੱਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਕਾਮਿਆਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਤੇ 7 ਫਰਵਰੀ ਨੂੰ ਠੇਕਾ ਮੁਲਾਜਮ ਸੰਘਰਸ਼ ਮੋਰਚਾ ਪੰਜਾਬ ਦੇ ਬੈਨਰ ਹੇਠ ਵਿੱਤ ਮੰਤਰੀ ਦੇ ਹਲਕੇ ਦਿੜ੍ਹਬਾ ਦੀ ਅਨਾਜ ਮੰਡੀ ਵਿੱਚ ਹੋ ਰਹੀ ਪੰਜਾਬ ਪੱਧਰੀ ਰੈਲੀ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਸਾਲਾਂਬੱਧੀ ਅਰਸੇ ਤੋਂ ਇਕ ਵਰਕਰ ਦੇ ਰੂਪ ਵਿੱਚ ਪੇਂਡੂ ਜਲ ਸਪਲਾਈ ਸਕੀਮਾਂ ਤੇ ਦਫਤਰਾਂ ਵਿੱਚ ਲਗਾਤਾਰ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਵਰਕਰਾਂ ਨੂੰ ਸਿੱਧਾ ਵਿਭਾਗ 'ਚ ਸ਼ਾਮਲ ਕਰਨ ਵਾਲੀ ਤਜਵੀਜ਼ (ਪਾਲਿਸੀ) ਲਾਗੂ ਕਰਕੇ ਪੱਕਾ ਰੁਜ਼ਗਾਰ ਕਰਨ ਵਾਲੀ ਪ੍ਰਮੁੱਖ ਮੰਗ ਦਾ ਹੱਲ ਕਰਨ ਵਿੱਚ ਪੰਜਾਬ ਸਰਕਾਰ ਅਤੇ ਵਿਭਾਗੀ ਮੈਨੇਜਮੇਟ ਵੱਲੋਂ ਅਣਦੇਖੀ ਕੀਤੀ ਜਾ ਰਹੀ ਹੈ, ਉਥੇ ਪੰਜਾਬ ਤੇ ਉਪ ਮੰਡਲ ਜਲਾਲਾਬਾਦ ਵਿੱਚ ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਾ ਕੇ, ਬਲਾਕ

ਪੱਧਰੀ ਨਹਿਰੀ ਪ੍ਰੋਜੈਕਟ ਲਾ ਕੇ, ਨਿੱਜੀਕਰਨ/ ਪੰਚਾਇਤੀਕਰਨ ਕਰਨ ਵਰਗੀਆਂ ਤਮਾਮ ਮਾਰੂ ਨੀਤੀਆਂ ਲਾਗੂ ਕਰਕੇ ਵਰਕਰਾਂ ਦੇ ਕੱਚੇ ਪਿੱਲੇ ਰੁਜ਼ਗਾਰ ਨੂੰ ਖੋਹ ਕੇ ਬੇਰੁਜ਼ਗਾਰ ਕਰਨ ਦੀਆਂ ਨਾਕਾਮ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ ਲੋਕਾਂ ਨੂੰ ਪੀਣ ਵਾਲਾ ਪਾਣੀ ਮਹਿੰਗੇ ਮੁੱਲ 'ਚ ਵੇਚਣ ਲਈ ਕਾਰਪੋਰੇਟਰਾਂ ਨੂੰ ਖੁੱਲ੍ਹ ਦਿੱਤੀ ਜਾ ਰਹੀ ਹੈ। ਇਸਦੇ ਨਾਲ ਹੀ ਜਲਾਲਾਬਾਦ ਇਲਾਕੇ ਦੀਆਂ ਜਲ ਸਪਲਾਈ ਸਕੀਮਾਂ ਨੂੰ ਚਾਲੂ ਹਾਲਤ ਵਿੱਚ ਰੱਖਣ ਲਈ ਰਿਪੇਅਰ ਦੇ ਕੰਮ ਕਰਵਾਉਣ ਵਿੱਚ ਅਫਸਰਸ਼ਾਹੀ ਵੱਲੋਂ ਅਣਦੇਖੀ ਕੀਤੀ ਜਾ ਰਹੀ ਹੈ ਤੇ ਲੀਕੇਜ ਕਰਾਉਣ ਲਈ ਲੋੜੀਂਦਾ ਸਮਾਨ ਮੁਹੱਈਆਂ ਨਹੀਂ ਕਰਾਇਆ ਜਾਂਦਾ ਹੈ, ਜਿਸਦੇ ਚੱਲਦੇ ਵਾਟਰ ਸਪਲਾਈ ਸਕੀਮਾਂ ਨੂੰ ਚਾਲੂ ਰੱਖ ਕੇ ਲੋਕਾਂ ਤੱਕ ਪੀਣ ਵਾਲਾ ਪਾਣੀ ਦੀ ਸਹੂਲਤ ਜਾਰੀ ਰੱਖਣ ਲਈ ਇਨਲਿਸਟਮੈਂਟ ਤੇ ਆਊਟਸੋਰਸ ਵਰਕਰਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਮਜਬੂਰੀ ਵੱਸ ਵਰਕਰ ਆਪਣੇ ਪੱਲਿਓਂ ਪੈਸੇ ਲਾ ਕੇ ਰਿਪੇਅਰ ਦੇ ਕੰਮ ਕਰਾ ਰਹੇ ਹਨ, ਦੂਜੇ ਪਾਸੇ ਜਲ ਸਪਲਾਈ ਸਕੀਮਾਂ ਦਾ ਪੰਚਾਇਤੀਕਰਨ/ ਨਿੱਜੀਕਰਨ ਵਾਲੀਆਂ ਨੀਤੀਆਂ ਨੂੰ ਜੋਰ-ਸ਼ੋਰ ਨਾਲ ਲਾਗੂ ਕੀਤੀਆਂ ਜਾ ਰਹੀਆਂ ਹਨ, ਜਿਸਦੇ ਵਿਰੋਧ 'ਚ ਮਜਬੂਰੀ ਵੱਸ ਵਰਕਰ ਆਪਣੇ ਕੱਚੇ-ਪਿੱਲੇ ਰੁਜ਼ਗਾਰ ਨੂੰ ਬਚਾਉਣ ਲਈ ਸੰਘਰਸ਼ ਦੇ ਰਾਹ ਤੁਰੇ ਹੋਏ ਹਨ। ਯੂਨੀਅਨ ਦੀ ਬ੍ਰਾਂਚ ਕਮੇਟੀ ਵੱਲੋਂ ਪੰਚਾਇਤੀਕਰਨ ਦੇ ਵਿਰੋਧ ਵਿੱਚ ਅਤੇ ਹੋਰ ਮੰਗਾਂ-ਮਸਲਿਆਂ ਨੂੰ ਲੈ ਕੇ 3 ਫਰਵਰੀ 2026 ਨੂੰ ਜਲ ਸਪਲਾਈ ਅਤੇ ਸੈਨੀਟੇਸ਼ਨ ਉਪ ਮੰਡਲ ਜਲਾਲਾਬਾਦ ਦੇ ਐਸ.ਡੀ.ਓ. ਦਫਤਰ ਦਾ ਘੇਰਾਓ ਕਰਕੇ ਧਰਨਾ ਦਿੱਤਾ ਜਾਵੇਗਾ।

ਕੈਪਟਨ ਨਰੇਸ਼ ਵਰਮਾ ਦਾ ਸਨਮਾਨ

ਜਗਰਾਉਂ (ਅਮਿਤ ਖੰਨਾ) ਕੈਪਟਨ ਨਰੇਸ਼ ਵਰਮਾ ਉਹ ਸ਼ਖ਼ਸੀਅਤ ਹਨ, ਜਿਨ੍ਹਾਂ ਬਗੈਰ ਸ਼ਹਿਰ ਦਾ ਕੋਈ ਵੀ ਪ੍ਰੋਗਰਾਮ ਚਾਹੇ ਸਮਾਜਿਕ, ਧਾਰਮਿਕ ਜਾਂ ਸਰਕਾਰੀ ਨੇਪਰੇ ਨਹੀਂ ਚੜ੍ਹਦੇ। ਗਣਤੰਤਰ ਦਿਵਸ ਮੌਕੇ ਇਸ ਵਾਰ 37ਵੀਂ ਵਾਰ ਰਕੇਸ਼ ਕੁਮਾਰ ਏਡੀਸੀ ਲੁਧਿਆਣਾ, ਐਸਡੀਐਮ ਜਗਰਾਓਂ ਉਪਿੰਦਰਜੀਤ ਕੌਰ ਬਰਾੜ, ਐਮਐਲਏ ਸਰਵਜੀਤ ਕੌਰ ਮਾਣੂੰਕੇ ਵੱਲੋਂ ਸਨਮਾਨਤ ਕੀਤਾ ਗਿਆ।

ਗਣਤੰਤਰ ਦਿਵਸ ਸਮਾਰੋਹ ਦੌਰਾਨ ਜੀ ਟੀ ਬੀ ਕੈਂਬ੍ਰਿਜ ਸਕੂਲ ਦੇ ਵਿਦਿਆਰਥੀਆਂ ਨੇ ਲਿਆ ਹਿੱਸਾ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)- ਸਬ ਡਵੀਜ਼ਨ ਗੁਰੂਹਰਸਹਾਏ ਵਿੱਚ 26 ਜਨਵਰੀ ਗਣਤੰਤਰ ਦਿਵਸ ਬੜੀ ਸ਼ਾਨ, ਉਤਸ਼ਾਹ ਤੇ ਦੇਸ਼ਭਗਤੀ ਦੀ ਭਾਵਨਾ ਨਾਲ ਮਨਾਇਆ ਗਿਆ। ਇਸ ਵਿਸ਼ੇਸ਼ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਐਸ.ਡੀ.ਐਮ. ਸਾਹਿਬ ਹਰਬੰਸ ਸਿੰਘ ਨੇ ਆਪਣੀ ਹਾਜ਼ਰੀ ਨਾਲ ਸਮਾਰੋਹ ਦੀ ਸ਼ੋਭਾ ਵਧਾਈ। ਸਮਾਰੋਹ ਦੀ ਸ਼ੁਰੂਆਤ ਰਾਸ਼ਟਰੀ

ਗੀਤ ਤੇ ਤਿਰੰਗੇ ਦੇ ਝੰਡਾ ਵੰਦਨ ਨਾਲ ਹੋਈ।ਇਸ ਮੌਕੇ ਜੀ.ਟੀ.ਬੀ. ਕੈਂਬਰਿਜ ਵਰਲਡ ਸਕੂਲ ਦੇ ਐਨ.ਸੀ.ਸੀ. ਕੈਡਰ ਵੱਲੋਂ ਪੇਸ਼ ਕੀਤੀ ਗਈ ਅਨੁਸ਼ਾਸਿਤ ਤੇ ਸ਼ਾਨਦਾਰ ਪਰੇਡ ਨੇ ਸਾਰਿਆਂ ਦਾ ਮਨ ਮੋਹ ਲਿਆ। ਸਕੂਲ ਦੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਗਿਆ ਵੈਲਕਮ ਬੈਂਡ ਸਮਾਰੋਹ ਦਾ ਖਾਸ ਆਕਰਸ਼ਣ ਬਣਿਆ। ਸੰਸਕ੍ਰਿਤਿਕ ਪ੍ਰਸਤੁਤੀਆਂ ਦੌਰਾਨ ਵਿਦਿਆਰਥੀਆਂ ਨੇ ਰੰਗਾ-ਰੰਗ ਭੰਗੜਾ ਪੇਸ਼ ਕਰਕੇ ਸਮਾਰੋਹ ਵਿੱਚ ਖੁਸ਼ੀ ਅਤੇ ਉਤਸ਼ਾਹ ਦੀ ਲਹਿਰ ਦੌੜ ਗਈ। ਮੁੱਖ ਮਹਿਮਾਨਾਂ ਵੱਲੋਂ ਵਿਦਿਆਰਥੀਆਂ ਦੀ ਭਰਪੂਰ ਪ੍ਰਸ਼ੰਸਾ ਕੀਤੀ ਗਈ ਅਤੇ ਉਨ੍ਹਾਂ ਨੂੰ ਦੇਸ਼ ਦੇ ਜ਼ਿੰਮੇਵਾਰ ਅਤੇ ਜਾਗਰੂਕ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ ਗਿਆ।

ਲੋਕ-ਮਾਰੂ ਨੀਤੀਆਂ ਖਿਲਾਫ ਟਰੈਕਟਰ ਪਰੇਡ ਮਾਰਚ ਕੀਤਾ

ਦੋਦਾ (ਵਕੀਲ ਬਰਾੜ) ਸੰਯੁਕਤ ਕਿਸਾਨ ਮੋਰਚਾ ਭਾਰਤ ਦੇ ਸੱਦੇ 'ਤੇ ਦਿੱਲੀ ਮੋਰਚੇ ਦੀਆਂ ਰਹਿੰਦੀਆਂ ਮੰਗਾਂ ਲਾਗੂ ਕਰਾਉਣ ਤੇ ਬਿਜਲੀ ਬਿੱਲ

ਤੇ ਬੀਜ ਬਿੱਲ 2025, ਚਾਰ ਲੇਬਰ ਕੋਡ ਕਾਨੂੰਨ, ਮਨਰੇਗਾ ਸਕੀਮ ਕਾਨੂੰਨ ਬਣਾਉਣ ਖਿਲਾਫ ਤੇ ਪਿਛਲੇ ਦਿਨੀਂ ਭਗਵੰਤ ਮਾਨ ਸਰਕਾਰ ਵੱਲੋਂ ਪ੍ਰੈਸ ਦੀ ਆਜ਼ਾਦੀ 'ਤੇ ਹਮਲਾ ਕਰਦਿਆਂ ਪੱਤਰਕਾਰਾਂ 'ਤੇ ਕੇਸ ਦਰਜ ਕਰਨ ਦੀ ਨਿਖੇਧੀ ਕੀਤੀ ਗਈ। ਪਿੰਡ ਦੋਦਾ ਤਹਿਸੀਲ ਪੱਧਰੀ ਟਰੈਕਟਰ ਪਰੇਡ ਮਾਰਚ ਮੁਕਤਸਰ ਬਠਿੰਡਾ ਰੋਡ 'ਤੇ ਦਿੱਲੀ ਵੱਲ ਮੂੰਹ ਕਰਕੇ 12 ਤੋਂ 3 ਵਜੇ ਤੱਕ ਕੀਤਾ। ਪੰਜਾਬ ਤੇ ਕੇਂਦਰ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਵੀ ਕੀਤੀ। ਇਸ ਮੌਕੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਬਾਜ਼ ਸਿੰਘ ਭੱਟੀਵਾਲਾ ਭਾਕਿਯੂ ਬੋਘ ਸਿੰਘ ਮਾਨਸਾ ਦੇ ਬਲਜਿੰਦਰ ਸਿੰਘ ਖਾਲਸਾ, ਕੌਮੀ ਕਿਸਾਨ ਯੂਨੀਅਨ ਦੇ ਸੀਨੀਅਰ ਆਗੂ ਰਜਿੰਦਰ ਸਿੰਘ ਦੂਹੇਵਾਲਾ, ਭਾਕਿਯੂ ਮਾਲਵਾ ਦੇ ਜ਼ਿਲ੍ਹਾ ਪ੍ਰਧਾਨ ਕੁਲਵੀਰ ਸਿੰਘ ਧੂਲਕੋਟ, ਭਾਕਿਯੂ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਕੋਟਲੀ ਜਨਰਲ ਸਕੱਤਰ ਗੁਰਭਗਤ ਸਿੰਘ ਭਲਾਈਆਣਾ ਸਹਾਇਕ ਸਕੱਤਰ ਤੇ ਬਲਾਕ ਪ੍ਰਧਾਨ ਬਿੱਟੂ ਮੱਲਣ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਪੱਖੀ ਫੈਸਲੇ ਲੈਂਦਿਆਂ ਬਿਜਲੀ ਸੋਧ ਬਿੱਲ ਤੇ ਬੀਜ ਬਿੱਲ 2025 ਨੂੰ ਬਜਟ ਸੈਸ਼ਨ ਵਿੱਚ ਲਿਆਉਣਦੀ ਬਿਲਕੁਲ ਤਿਆਰੀ ਕਰ ਲਈ ਹੈ। ਉਨ੍ਹਾਂ ਕਿਹਾ ਕਿ ਕਾਨੂੰਨ ਬਣਨ ਨਾਲ ਨਾ ਸਿਰਫ ਕਿਸਾਨੀ ਤਬਾਹ ਹੋਵੇਗੀ, ਸਗੋਂ ਹਰ ਵਰਗ 'ਤੇ ਮਾੜਾ ਅਸਰ ਪਵੇਗਾ।

ਉੱਚ-ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ : ਸਿਵਲ ਸਰਜਨ

ਸ਼ੇਰਪੁਰ (ਰਵੀ ਟਿੱਬਾ)- ਸਿਹਤ ਮੰਤਰੀ ਪੰਜਾਬ ਡਾ. ਬਲਵੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿਹਤ ਵਿਭਾਗ ਲੋਕਾਂ ਨੂੰ ਉੱਚ-ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਨਵ ਨਿਯੁਕਤ ਸਿਵਲ ਸਰਜਨ ਮਲੇਰਕੋਟਲਾ ਡਾ. ਰਮਨਦੀਪ ਸਿੰਗਲਾ ਵੱਲੋਂ ਕੀਤਾ ਗਿਆ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਿਹਤ ਯੋਜਨਾਵਾਂ ਦਾ ਲਾਭ ਹਰ ਯੋਗ ਵਿਅਕਤੀ ਤੱਕ ਪਹੁੰਚਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗੀ। ਮਾਤਾ ਤੇ ਬੱਚਾ ਸਿਹਤ, ਟੀਕਾਕਰਣ, ਨਸ਼ਾ ਮੁਕਤੀ, ਟੀ.ਬੀ. ਮੁਕਤ ਮੁਹਿੰਮ ਅਤੇ ਗੈਰ-ਸੰਚਾਰੀ ਬਿਮਾਰੀਆਂ ਦੀ ਰੋਕਥਾਮ ਸਬੰਧੀ ਸੇਵਾਵਾਂ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਨੇ ਸਿਹਤ ਕਰਮਚਾਰੀਆਂ ਨੂੰ ਇਮਾਨਦਾਰੀ ਅਤੇ ਸਮਰਪਣ ਨਾਲ ਡਿਊਟੀ ਨਿਭਾਉਣ ਲਈ

ਪ੍ਰੇਰਿਤ ਕੀਤਾ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਉਪਲਬਧ ਮੁਫ਼ਤ ਸਹੂਲਤਾਂ ਦਾ ਪੂਰਾ ਲਾਭ ਲੈਣ ਅਤੇ ਕਿਸੇ ਵੀ ਤਰ੍ਹਾਂ ਦੀ ਬਿਮਾਰੀ ਦੇ ਲੱਛਣ ਨਜ਼ਰ ਆਉਣ 'ਤੇ ਤੁਰੰਤ ਡਾਕਟਰੀ ਸਲਾਹ ਲੈਣ। ਉਨ੍ਹਾਂ ਭਰੋਸਾ ਦਿਵਾਇਆ ਕਿ ਜ਼ਿਲ੍ਹੇ ਦੀ ਸਿਹਤ ਪ੍ਰਣਾਲੀ ਨੂੰ ਮਜ਼ਬੂਤ ਅਤੇ ਲੋਕ-ਹਿਤੈਸ਼ੀ ਬਣਾਉਣ ਲਈ ਟੀਮ ਵਰਕ ਨਾਲ ਕੰਮ ਕੀਤਾ ਜਾਵੇਗਾ।ਇਸ ਮੌਕੇ ਡਾ ਸਜੀਲਾ ਖਾਨ ਸਹਾਇਕ ਸਿਵਲ ਸਰਜਨ ਮਲੇਰਕੋਟਲਾ, ਡਾ. ਸੀਮਾ ਜੱਸਲ ਜ਼ਿਲ੍ਹਾ ਪਰਵਾਰ ਭਲਾਈ ਅਫਸਰ, ਡਾ. ਪਨੀਤ ਸਿੱਧੂ ਜ਼ਿਲ੍ਹਾ ਸਿਹਤ ਅਫਸਰ, ਜ਼ਿਲ੍ਹਾ ਮਾਸ ਮੀਡੀਆ ਵਿੰਗ ਤੋਂ ਰਣਵੀਰ ਸਿੰਘ ਢੰਡੇ ਬਲਾਕ ਐਜੂਕੇਟਰ ਜਗਸੀਰ ਸਿੰਘ ਟਿੱਬਾ ਬਲਾਕ ਐਜੂਕੇਟਰ ਸੋਹਾਵਾ ਸਿੰਘ ਮਾਨ ਡੀ.ਸੀ.ਐਮ. ਮਲੇਰਕੋਟਲਾ ਹਾਜ਼ਰ ਸਨ।

ਪਿੰਡ ਭਾਗਸਰ ਵਿਖੇ ਸੁਖਚੈਨ ਮਾਈਨਰ ਦਾ ਨੀਂਹ ਪੱਥਰ ਰੱਖਿਆ

ਫ਼ਾਜ਼ਿਲਕਾ (ਨਿਸ਼ਾ ਸ਼ਰਮਾ) ਵਿਧਾਇਕ ਬੱਲੂਆਣਾ ਸ੍ਰੀ ਅਮਨਦੀਪ ਸਿੰਘ ਗੋਲਡੀ ਮੁਸਾਫਿਰ ਨੇ ਬੱਲੂਆਣਾ ਹਲਕੇ ਦੇ ਪਿੰਡ ਭਾਗਸਰ ਵਿਖੇ ਸੁਖਚੈਨ ਮਾਈਨਰ ਦੇ ਨਵੀਨੀਕਰਨ ਦਾ ਨੀਂਹ ਪੱਥਰ ਰੱਖਿਆ।ਇਸ ਦੇ ਨਿਰਮਾਣ 'ਤੇ 5 ਕਰੋੜ ਰੁਪਏ ਦੀ ਲਾਗਤ ਆਵੇਗੀ। ਵਿਧਾਇਕ ਬੱਲੂਆਣਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਰਾਜ ਸਰਕਾਰ ਕਿਸਾਨਾਂ ਨੂੰ ਟੇਲਾਂ ਤੱਕ ਪੂਰਾ ਪਾਣੀ ਪੁੱਜਦਾ ਕਰਨ ਲਈ ਦ੍ਰਿੜ ਸੰਕਲਪਿਤ ਹੈ।ਉਨ੍ਹਾਂ ਕਿਹਾ ਕਿ ਸੁਖਚੈਨ ਮਾਈਨਰ ਦਾ ਕੰਕਰੀਟ ਦਾ ਬਣਾਇਆ ਜਾ ਰਿਹਾ ਹੈ, ਜਿਸ ਨਾਲ ਇਲਾਕੇ ਦੇ ਕਿਸਾਨਾਂ ਦੀ ਹਜ਼ਾਰਾਂ ਏਕੜ ਜ਼ਮੀਨ ਨੂੰ ਪਾਣੀ ਮਿਲੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਸਿਰਤੋੜ ਯਤਨ ਕਰ ਰਹੀ ਹੈ ਤੇ ਆਪ ਸਰਕਾਰ ਦੇ ਦੌਰ ਵਿੱਚ ਪਾਣੀ ਕਿਸਾਨਾਂ ਤੇ ਖੇਤਾਂ ਤੇ ਟੇਲਾਂ 'ਤੇ ਪੁੱਜਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋ ਸੂਬੇ ਵਿੱਚ ਹੋਰ ਵੀ ਸਿਹਤ ਪੱਖੋਂ ਤੇ ਸਿੱਖਿਆ ਪੱਖੋਂ ਬਹੁਤ ਵਿਕਾਸ ਕੀਤੇ ਹਨ। ਵਿਧਾਇਕ ਸ੍ਰੀ ਅਮਨਦੀਪ ਸਿੰਘ ਗੋਲਡੀ ਮੁਸਾਫ਼ਰ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਸਮੇਂ ਬੱਲੂਆਣਾ ਹਲਕੇ ਦੇ ਲੋਕਾਂ ਦੇ ਅਧਿਕਾਰਾਂ ਤੇ ਗੁਆਂਢੀ ਹਲਕਿਆਂ ਵੱਲੋਂ ਡਾਕਾ ਵੱਜਦਾ ਰਿਹਾ ਹੈ, ਪਰ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਬਣਨ ਤੋਂ ਬਾਅਦ ਇਲਾਕੇ 'ਚ ਵਿਕਾਸ ਕਾਰਜ ਹੋਣ ਲੱਗੇ ਹਨ।ਇਸ ਮੌਕੇ ਪਿੰਡ ਭਾਗਸਰ ਦੇ ਸਰਪੰਚ ਸੁਧੀਰ ਕੂਕਣਾ, ਪੰਚਾਇਤ ਮੈਂਬਰ ਤੇ ਆਮ ਆਦਮੀ ਪਾਰਟੀ ਦੀ ਸੀਨੀਅਰ

29-Jan-PAGE-11-Majha-26.qxd 1/28/2026 10:58 PM Page 1

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਧਰਨੇ ਦਾ ਐਲਾਨ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ੋਨ ਸ੍ਰੀ ਗੁਰੂ ਅਰਜਨ ਦੇਵ ਦੀ ਇਕ ਅਹਿਮ ਮੀਟਿੰਗ ਧੰਨ-ਧੰਨ ਬਾਬਾ ਜੋਗੀ ਪੀਰ ਸਾਹਿਬ ਦੇ ਸਥਾਨ 'ਤੇ ਕੀਤੀ ਗਈ।ਮੀਟਿੰਗ ਵਿੱਚ ਕਿਸਾਨ ਮਜ਼ਦੂਰ ਮੋਰਚੇ ਵੱਲੋਂ 5 ਫਰਵਰੀ ਨੂੰ ਪੰਜਾਬ ਭਰ ਵਿੱਚ ਹਲਕਾ ਵਿਧਾਇਕ ਅਤੇ ਮੰਤਰੀਆਂ ਦੇ ਘਰਾਂ ਅੱਗੇ ਲਗਾਏ ਜਾਣ ਵਾਲੇ ਧਰਨਿਆਂ ਦੀਆਂ ਤਿਆਰੀਆਂ 'ਤੇ ਵਿਚਾਰ ਕੀਤਾ ਗਿਆ।ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੇਚਾਹਲ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਲੋਕਾਂ ਨਾਲ ਕੀਤੇ ਵਾਅਦੇ ਭੁੱਲ ਕੇ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ।

ਲੋਕ ਮੰਗਾਂ ਲਈ ਕਿਸਾਨਾਂ ਅਤੇ ਮਜ਼ਦੂਰਾਂ ਵੱਲੋਂ ਲਗਾਤਾਰ ਵੱਖ-ਵੱਖ ਪੜਾਵਾਂ ਵਿੱਚ ਸੰਘਰਸ਼ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ 5 ਫਰਵਰੀ ਨੂੰ ਜ਼ਿਲ੍ਹਾ ਤਰਨ ਤਾਰਨ ਵਿੱਚ ਹਲਕਾ ਵਿਧਾਇਕ ਹਰਮੀਤ ਸਿੰਘ ਸੰਧੂ, ਮਨਜਿੰਦਰ ਸਿੰਘ ਲਾਲਪੁਰਾ, ਸਰਵਣ ਸਿੰਘ ਧੁੰਨ ਅਤੇ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਘਰਾਂ ਅੱਗੇ ਧਰਨੇ ਦਿੱਤੇ ਜਾਣਗੇ।ਇਸ ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਮੀਟਿੰਗ ਵਿੱਚ ਲਖਵਿੰਦਰ ਸਿੰਘ ਪਲਾਸੌਰ, ਸਰਵਨ ਸਿੰਘ ਵਲੀਪੁਰ, ਕਲਵਿੰਦਰ ਸਿੰਘ ਵਾਂ, ਤਰਸੇਮ ਸਿੰਘ ਕੱਦਗਿੱਲ, ਸਤਨਾਮ ਸਿੰਘ ਚੁਤਾਲਾ, ਅਮਰੀਕ ਸਿੰਘ ਜੰਡੋਕੇ, ਪ੍ਰਮਜੀਤ ਸਿੰਘ ਚੌਬਲ, ਨਿਰਵੈਲ ਸਿੰਘ ਬੁੱਗਾ, ਗੁਰਮੇਜ ਸਿੰਘ ਰੂੜੇਆਸਲ, ਮੰਗਲ ਸਿੰਘ ਨੰਦਪੁਰ, ਸੁਖਦੇਵ ਸਿੰਘ ਮਾਣੇਚਾਹਲ, ਸਰੂਪ ਸਿੰਘ ਲੋਹਕਾ, ਗੁਪਾਲ ਸਿੰਘ ਮਾਣੇਚਾਹਲ ਖੁਰਦ ਅਤੇ ਗੁਰਚਰਨ ਸਿੰਘ ਜੱਟਾਂ ਦਾਰਾ ਸਰਹਾਲੀ ਹਾਜ਼ਰ ਸਨ।

ਹਰੇਕ ਨਾਗਰਿਕ ਬਿਨਾਂ ਕਿਸੇ ਭੇਦਭਾਵ ਦੇ ਸਿਹਤ ਬੀਮਾ ਕਾਰਡ ਦਾ ਹੱਕਦਾਰ ਹੋਵੇਗਾ: ਡਾ. ਗੁਪਤਾ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਚੱਲ ਰਹੀ ਜੰਗ ਦੇ ਦੂਜੇ ਪੜਾਅ ਦੇ ਹਿੱਸੇ ਵਜੋਂ, ਕੇਂਦਰੀ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਡਾ. ਅਜੇ ਗੁਪਤਾ ਨੇ ਜਾਗਰੂਕਤਾ ਪੈਦਾ ਕਰਨ ਲਈ ਪਿੰਡ ਥਾਂਦੇ ਵਿੱਚ ਨਸ਼ਾ ਵਿਰੋਧੀ ਮਾਰਚ ਦੀ ਅਗਵਾਈ ਕੀਤੀ।ਵਿਧਾਇਕ ਡਾ. ਅਜੇ ਗੁਪਤਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੇ ਨਾਲ-ਨਾਲ ਗੈਂਗਸਟਰਾਂ ਨੂੰ ਵੀ ਖਤਮ ਕਰੇਗੀ।ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਨੇ ਫੈਸਲਾ ਕੀਤਾ ਹੈ ਕਿ ਪੰਜਾਬ ਵਿੱਚ ਨਾ ਤਾਂ ਨਸ਼ੇ ਅਤੇ ਨਾ ਹੀ ਗੈਂਗਸਟਰਾਂ ਨੂੰ ਮੰਜੂਦ ਰਹਿਣ ਦਿੱਤਾ ਜਾਣਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਯੋਜਿਤ ਇਨ੍ਹਾਂ ਮਾਰਚਾਂ ਨੂੰ ਲੋਕਾਂ ਵੱਲੋਂ ਭਾਰੀ ਸਮਰਥਨ ਮਿਲਿਆ ਹੈ। ਪਿਛਲੇ 10 ਤੋਂ 15 ਦਿਨਾਂ ਤੋਂ, ਪੰਜਾਬ ਭਰ ਵਿੱਚ ਲਗਾਤਾਰ ਨਸ਼ਾ ਵਿਰੋਧੀ ਮਾਰਚ ਕੱਢੇ ਜਾ ਰਹੇ ਹਨ, ਜਿਸ ਨਾਲ ਨਸ਼ਿਆਂ ਦੀ ਦੁਰਵਰਤੋਂ ਨੂੰ ਕਾਫ਼ੀ ਹੱਦ ਤੱਕ ਰੋਕਿਆ ਅਤੇ ਖ਼ਤਮ ਕੀਤਾ ਗਿਆ ਹੈ। ਸਰਕਾਰ ਨੇ ਪਿੰਡ ਦਾ ਚੌਕੀਦਾਰ ਬਣਨ ਲਈ 98991-00002 ਨੰਬਰ ਜਾਰੀ ਕੀਤਾ ਹੈ, ਜਿੱਥੇ ਲੋਕ ਮਿਸਡ ਕਾਲ ਦੇ ਕੇ ਰਜਿਸਟਰ ਕਰ ਸਕਦੇ ਹਨ।ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਤੋਂ ਠੀਕ ਹੋ ਰਹੇ ਨੌਜਵਾਨਾਂ ਨੂੰ ਮਾਰਗਦਰਸ਼ਨ ਕਰਨ ਲਈ ਹੁਨਰ ਵਿਕਾਸ ਪ੍ਰੋਗਰਾਮ ਚਲਾ ਰਹੀ ਹੈ।ਇਸ ਤੋਂ ਇਲਾਵਾ ਹਰ ਪਿੰਡ ਵਿੱਚ ਖੇਡ ਦੇ ਮੈਦਾਨ ਅਤੇ ਲਾਇਬ੍ਰੇਰੀਆਂ ਵਿਕਸਤ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਉਨ੍ਹਾਂ ਨੂੰ ਸਕਾਰਾਤਮਕ ਵਾਤਾਵਰਣ ਅਤੇ ਨੌਕਰੀ ਦੇ ਮੌਕੇ ਪ੍ਰਦਾਨ ਕੀਤੇ ਜਾ ਸਕਣ।ਇਸ ਮੌਕੇ ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ 22 ਜਨਵਰੀ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ, ਜਿਸ ਨਾਲ ਪੰਜਾਬ ਦੇ ਹਰ ਪਰਿਵਾਰ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਸਿਹਤ ਯੋਜਨਾ ਤਹਿਤ ਕੋਈ ਆਮਦਨ ਸਲੈਬ ਜਾਂ ਜਾਤ-ਅਧਾਰਤ ਸ਼ਰਤਾਂ ਨਹੀਂ ਹਨ।ਪੰਜਾਬ ਦਾ ਹਰ ਨਾਗਰਿਕ ਬਿਨਾਂ ਕਿਸੇ ਭੇਦਭਾਵ ਦੇ ਇਸ ਸਿਹਤ ਬੀਮਾ ਕਾਰਡ ਲਈ ਯੋਗ ਹੋਵੇਗਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਵਲੰਟੀਅਰ ਘਰ-ਘਰ ਜਾ ਕੇ ਲੋਕਾਂ ਨੂੰ ਇਸ ਯੋਜਨਾ ਬਾਰੇ ਜਾਗਰੂਕ ਕਰਨਗੇ ਅਤੇ ਸਿਹਤ ਬੀਮਾ ਕਾਰਡ ਸਲਿੱਪਾਂ ਵੰਡਣਗੇ।

ਵਿਧਾਇਕ ਡਾ. ਅਜੇ ਗੁਪਤਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਉਪਰਾਲਾ ਸਿਹਤ ਖੇਤਰ ਵਿੱਚ ਇੱਕ ਇਤਿਹਾਸਕ ਮੀਲ ਪੱਥਰ ਸਾਬਤ ਹੋਵੇਗਾ, ਜਿਸ ਨਾਲ ਗਰੀਬ ਅਤੇ ਮੱਧ ਵਰਗੀ ਪਰਿਵਾਰਾਂ ਨੂੰ ਕਾਫ਼ੀ ਰਾਹਤ ਮਿਲੇਗੀ।ਹੁਣ ਕਿਸੇ ਨੂੰ ਵੀ ਮਹਿੰਗੇ ਇਲਾਜ ਦੇ ਡਰੋਂ ਆਪਣਾ ਇਲਾਜ ਅਧੂਰਾ ਨਹੀਂ ਛੱਡਣਾ ਪਵੇਗਾ। ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਲੋਕਾਂ ਦੀ ਸਿਹਤ, ਸਿੱਖਿਆ ਅਤੇ ਬੁਨਿਆਦੀ ਢਾਂਚੇ ਨੂੰ ਤਰਜੀਹ ਦੇ ਰਹੀ ਹੈ ਅਤੇ ਇਹ ਸਿਹਤ ਬੀਮਾ ਯੋਜਨਾ ਪੰਜਾਬ ਨੂੰ ਸਿਹਤਮੰਦ ਅਤੇ ਖੁਸ਼ਹਾਲ ਬਣਾਉਣ ਵੱਲ ਇੱਕ ਵੱਡਾ ਕਦਮ ਹੈ। ਇਸ ਮੌਕੇ ਸਰਪੰਚ ਲਖਬੀਰ ਸਿੰਘ, ਬਲਾਕ ਇੰਚਾਰਜ ਗੁਰਦਾਸ ਸਿੰਘ, ਬਲਾਕ ਇੰਚਾਰਜ ਰਾਜੂ ਪਟੀਆ, ਬਲਾਕ ਇੰਚਾਰਜ ਚਰਨਜੀਤ ਸਿੰਘ, ਮੋਨਿਕਾ ਲਾਂਬਾ, ਲੱਖਾ ਡੀਜੇ, ਰੋਸ਼ਨ ਸਿੰਘ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ।

ਬੱਸ ਤੇ ਐਕਟਿਵਾ ਵਿਚਾਲੇ ਟੱਕਰ, ਐਕਟਿਵਾ ਸਵਾਰ ਦੀ ਮੌਤ

ਜਲੰਧਰ (ਸੁਰਿੰਦਰ ਕੁਮਾਰ)-ਬੀ ਐੱਸ ਐੱਫ ਚੌਕ 'ਤੇ ਇੱਕ ਸਰਕਾਰੀ ਬੱਸ ਤੇ ਐਕਟਿਵਾ ਵਿਚਾਲੇ ਭਿਆਨਕ ਟੱਕਰ ਹੋ ਗਈ। ਇਸ ਹਾਦਸੇ ਵਿੱਚ ਐਕਟਿਵਾ ਸਵਾਰ ਦੀ ਮੌਕੇ 'ਤੇ ਹੀ ਮੌਤ ਹੋ ਗਈ।

ਪੁਲਸ ਨੇ ਬੱਸ ਨੂੰ ਕਬਜ਼ੇ ਵਿੱਚ ਲੈ ਲਿਆ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਲਾਸ਼ ਨੂੰ ਕਬਜ਼ੇ ਵਿੱਚ ਲੈ ਲਿਆ ਤੇ ਜਾਂਚ ਸ਼ੁਰੂ ਕਰ ਦਿੱਤੀ ਹੈ। ਫਿਲਹਾਲ ਮ੍ਰਿਤਕ ਦੀ ਪਛਾਣ ਨਹੀਂ ਹੋ ਸਕੀ ਹੈ।

ਮਾਮਲੇ ਦੀ ਜਾਣਕਾਰੀ ਦਿੰਦਿਆਂ ਏ ਐੱਸ ਆਈ ਹਰਬੰਸ ਲਾਲ ਨੇ ਦੱਸਿਆ ਕਿ ਉਹ ਚੌਕ ਦੇ ਨੇੜੇ ਹੀ ਤਾਇਨਾਤ ਸਨ। ਇਸ ਦੌਰਾਨ ਜਦੋਂ ਇੱਕ ਐਕਟਿਵਾ ਸਵਾਰ ਕਾਰ ਨੂੰ ਕਰਾਸ ਕਰਕੇ ਨਿਕਲਣ ਦੀ ਕੋਸ਼ਿਸ਼ ਕਰ ਰਿਹਾ ਸੀ, ਤਾਂ ਸਾਹਮਣੇ ਤੋਂ ਆ ਰਹੀ ਪੰਜਾਬ ਰੋਡਵੇਜ਼ ਦੀ ਬੱਸ ਨਾਲ ਉਸ ਦੀ ਟੱਕਰ ਹੋ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਬੱਸ ਦਾ ਟਾਇਰ ਐਕਟਿਵਾ ਸਵਾਰ ਦੇ ਸਿਰ ਦੇ ਉੱਪਰੋਂ ਲੰਘ ਗਿਆ। ਸਿਰ ਕੁਚਲੇ ਜਾਣ ਕਾਰਨ ਵਿਅਕਤੀ ਨੇ ਮੌਕੇ 'ਤੇ ਹੀ ਦਮ ਤੋੜ ਦਿੱਤਾ। ਪੁਲਸ ਨੇ ਬੱਸ ਨੂੰ ਕਬਜ਼ੇ ਵਿੱਚ ਲੈ ਕੇ ਥਾਣਾ ਬਾਰਾਦਰੀ ਵਿਖੇ ਪਹੁੰਚਾ ਦਿੱਤਾ ਹੈ ਅਤੇ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਗਿਆ ਹੈ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮ੍ਰਿਤਕ ਦੀ ਪਛਾਣ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਤੇ ਪਰਵਾਰਕ ਮੈਂਬਰਾਂ ਦੇ ਬਿਆਨਾਂ ਦੇ ਆਧਾਰ 'ਤੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਮਜੀਠਾ 'ਚ ਐੱਸਡੀਐੱਮ ਪ੍ਰੀਤਇੰਦਰ ਸਿੰਘ ਨੇ ਲਹਿਰਾਇਆ ਤਿਰੰਗਾ

ਮਜੀਠਾ (ਸੋਇਮ ਆਨੰਦ)-ਮਜੀਠਾ ਵਿਖੇ ਦੇਸ਼ ਦੇ 77ਵੇਂ ਗਣਤੰਤਰ ਦਿਵਸ ਦੇ ਸਬੰਧ ਵਿਚ ਸਬ ਡਵੀਜ਼ਨ ਪੱਧਰ ਦਾ ਸਮਾਗਮ ਦਾਣਾ ਮੰਡੀ ਵਿਖੇ ਕਰਾਇਆ ਗਿਆ, ਜਿਸ ਵਿਚ ਐੱਸਡੀਐੱਮ ਮਜੀਠਾ ਪ੍ਰੀਤਇੰਦਰ ਸਿੰਘ ਵੱਲੋਂ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ ਅਤੇ ਮਾਰਚ ਪਾਸਟ ਤੋਂ ਸਲਾਮੀ ਲਈ।ਗਾਰਦ ਇੰਚਾਰਜ ਇੰਸਪੈਕਟਰ ਪਲਵਿੰਦਰ ਸਿੰਘ ਭੋਮਾ ਦੀ ਅਗਵਾਈ ਵਿੱਚ ਪੁਲਸ ਦੀ ਟੁਕੜੀ ਵੱਲੋਂ ਤਿਰੰਗੇ ਝੰਡੇ ਨੂੰ ਸਲਾਮੀ ਦਿੱਤੀ ਗਈ ਅਤੇ ਮਾਰਚ ਪਾਸਟ ਕੀਤਾ ਗਿਆ।ਇਸ ਸਮਾਗਮ ਵਿਚ ਇਲਾਕੇ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ ਜਿਸ ਦਾ ਇਲਾਕੇ ਦੇ ਵੱਡੀ ਗਿਣਤੀ ਵਿਚ ਲੋਕਾਂ ਨੇ ਆਨੰਦ ਮਾਣਿਆ।ਸਮਾਗਮ ਵਿਚ ਦੇਸ਼ ਨੂੰ ਆਜ਼ਾਦੀ ਦਿਵਾਉਣ ਵਾਸਤੇ ਕੁਰਬਾਨੀਆਂ ਕਰਨ ਵਾਲੇ ਦੇਸ਼ ਭਗਤਾਂ ਅਤੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਐੱਸਡੀਐੱਮ ਮਜੀਠਾ ਵੱਲੋਂ ਸਨਮਾਨਿਤ ਕੀਤਾ ਗਿਆ।ਨਾਲ ਹੀ ਇਲਾਕੇ ਦੀਆਂ ਕਰੀਬ 39 ਵਿਧਵਾ ਅਤੇ ਬੇਸਹਾਰਾ ਔਰਤਾਂ ਨੂੰ ਸਵੈ-ਰੁਜ਼ਗਾਰ ਵਾਸਤੇ ਐੱਸਡੀਐੱਮ ਵੱਲੋਂ ਸਿਲਾਈ ਮਸ਼ੀਨਾਂ ਪ੍ਰਦਾਨ ਕੀਤੀਆਂ ਗਈਆਂ ਅਤੇ ਇੱਕ ਅੰਗਹੀਣ ਬੱਚੇ ਨੂੰ ਟਰਾਈ ਸਾਈਕਲ ਵੀ ਦਿੱਤਾ ਗਿਆ।ਇਸ ਮੌਕੇ ਮੁੱਖ ਮਹਿਮਾਨ ਐੱਸਡੀਐੱਮ ਮਜੀਠਾ ਪ੍ਰੀਤਇੰਦਰ ਸਿੰਘ ਦੇ ਨਾਲ ਤਹਿਸੀਲਦਾਰ ਮਜੀਠਾ ਹਮੀਰ ਸਿੰਘ, ਨਾਇਬ ਤਹਿਸੀਲਦਾਰ ਦਰਸ਼ਨ ਸਿੰਘ, ਡੀਐੱਸਪੀ ਮਜੀਠਾ ਕਮਲਪ੍ਰੀਤ ਸਿੰਘ, ਬੀਡੀਪੀਓ ਅਮਨਦੀਪ ਸਿੰਘ, ਸੀਨੀਅਰ ਮੈਡੀਕਲ ਅਫਸਰ ਡਾ: ਸਤਨਾਮ ਸਿੰਘ ਗਿੱਲ, ਸੀਡੀਪੀਓ ਗਗਨਦੀਪ ਸਿੰਘ, ਐੱਸਡੀਓ ਮੰਡੀ ਬੋਰਡ ਜਤਿੰਦਰ ਕੁਮਾਰ, ਮਾਰਕਫੈੱਡ ਤੋਂ ਹਰਵਿੰਦਰ ਸਿੰਘ, ਮੰਡੀ ਸੁਪਰਵਾਈਜ਼ਰ ਕੁਲਦੀਪ ਸਿੰਘ ਕਾਹਲੋਂ, ਏਐੱਫਐੱਸਓ ਗੌਰਵ ਸ਼ਰਮਾ, ਪਲਵਿੰਦਰ ਸਿੰਘ ਸੁਪਰਡੈਂਟ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹੁਸਨਪ੍ਰੀਤ ਸਿੰਘ ਸਿਆਲਕਾ, ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ ਸਾਹਿਬਾਨ, ਚੇਅਰਮੈਨ ਜਸਪਿੰਦਰ ਸਿੰਘ ਕਾਹਲੋਂ, ਮੈਡੀਕਲ ਅਫਸਰ ਡਾ: ਰਮਨ ਕੁਮਾਰ, ਰਾਮ ਸਰੂਪ, ਸੁਖਜੀਤ ਸਿੰਘ ਬੱਲ ਸਮੇਤ ਵੱਡੀ ਗਿਣਤੀ ਵਿਚ ਇਲਾਕਾ ਵਾਸੀ ਹਾਜ਼ਰ ਸਨ।

ਸ੍ਰੀ ਗੁਰੂ ਨਾਨਕ ਦੇਵ ਇੰਟਰਨੈਸ਼ਨਲ ਸਕੂਲ 'ਚ ਲਹਿਰਾਇਆ ਕੌਮੀ ਤਿਰੰਗਾ

ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)-ਪਾਰੇਵਾਲ ਐਜੂਕੇਸ਼ਨ ਐਂਡ ਵੈੱਲਫੇਅਰ ਸੋਸਾਇਟੀ ਦੇ ਵੱਲੋਂ ਚੱਲ ਰਹੇ ਸ੍ਰੀ ਗੁਰੂ ਨਾਨਕ ਦੇਵ ਜੀ ਇੰਟਰਨੈਸ਼ਨਲ ਸਕੂਲ ਵਿੱਚ ਗਣਤੰਤਰ ਦਿਵਸ ਮਨਾਇਆ ਗਿਆ।ਸਕੂਲ ਦੇ ਕੋਆਰਡੀਨੇਟਰ ਮੈਡਮ ਕਾਜਲ ਹੰਸ ਨੇ ਸਮੂਹ ਵਿਦਿਆਰਥੀ ਨੂੰ ਇਸ ਗਣਤੰਤਰ ਦਿਵਸ ਦੀ ਵਧਾਈ ਦਿੰਦਿਆਂ ਆਪਣੇ ਸੰਦੇਸ਼ 'ਚ ਕਿਹਾ ਕਿ ਸਾਨੂੰ ਆਪਣੇ ਸੰਵਿਧਾਨ ਦੀ ਪਾਲਣਾ ਕਰਨੀ ਚਾਹੀਦੀ ਹੈ।ਰਾਸ਼ਟਰ ਧਰਮ ਸਾਰੇ ਧਰਮਾਂ ਤੋਂ ਉੱਚਾ ਹੈ।ਦੇਸ਼ ਲਈ ਕੰਮ ਕਰਨਾ ਸਭ ਤੋਂ ਵੱਡਾ ਧਰਮ ਹੈ।ਇਸ ਤੋਂ ਇਲਾਵਾ ਗਣਤੰਤਰ ਦਿਵਸ ਨੂੰ ਸਮਰਪਿਤ ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਕਰਵਾਇਆ ਗਿਆ।ਇਸ ਤੋਂ ਬਾਅਦ ਸਕੂਲ ਦੇ ਚੇਅਰਮੈਨ ਚਰਨਜੀਤ ਸਿੰਘ, ਚੇਅਰਪਰਸਨ ਰਵਿੰਦਰ ਕੌਰ, ਡਾਇਰੈਕਟਰ ਦਰਸ਼ਪ੍ਰੀਤ ਸਿੰਘ ਅਤੇ ਸਕੂਲ ਦੇ ਸਮੂਹ ਸਟਾਫ ਜਿਸ ਵਿੱਚ ਮੈਡਮ ਮਨਦੀਪ ਕੌਰ, ਦੁਪਿੰਦਰ ਕੌਰ, ਲਵਪ੍ਰੀਤ ਕੌਰ, ਕੁਲਵਿੰਦਰ ਕੌਰ, ਨਵਜੋਤ ਕੌਰ, ਨਵਨੀਤ ਕੌਰ, ਅਰਪਨਦੀਪ ਕੌਰ, ਸੁਖਮੀਤ ਕੌਰ, ਮੋਨਿਕਾ, ਅਨੂ ਸ਼ਰਮਾ, ਹਰਮਨਜੀਤ ਕੌਰ, ਹਰਮਨਪ੍ਰੀਤ ਕੌਰ ਅਤੇ ਰਿਸ਼ੂ ਗਿੱਲ ਨੇ ਵਿਦਿਆਰਥੀਆਂ ਨੂੰ ਸੁਤੰਤਰਤਾ ਦਿਵਸ ਦੀ ਵਧਾਈ ਦਿੱਤੀ।

ਹਿੰਦੂ ਕੰਨਿਆ ਮਹਾਂ ਵਿਦਿਆਲਿਆ ਵਿਖੇ ਗਣਤੰਤਰ ਦਿਵਸ ਮਨਾਇਆ

ਧਾਰੀਵਾਲ (ਮਨਦੀਪ ਵਿੱਕੀ)-ਸਥਾਨਕ ਹਿੰਦੂ ਕੰਨਿਆ ਮਹਾਂ ਵਿਦਿਆਲਾ ਧਾਰੀਵਾਲ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐੱਨ. ਡੀ. ਅਨੰਦ, ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਦੀ ਅਗਵਾਈ ਹੇਠ ਕਾਲਜ ਵਿਖੇ ਗਣਤੰਤਰ ਦਿਵਸ ਮਨਾਇਆ ਗਿਆ।ਸਮਾਗਮ ਦੇ ਦੌਰਾਨ ਕਾਲਜ ਦੀਆਂ ਵਿਦਿਆਰਥਣਾਂ ਬਲਪ੍ਰੀਤ ਕੌਰ, ਸਿਮਰਨ, ਕੋਮਲ, ਰਿਤਿਕਾ, ਸੋਮਵਤੀ, ਭੂਮੀ ਅਤੇ ਦਕਸ਼ ਪ੍ਰੀਤ ਵੱਲੋਂ ਦੇਸ਼ ਭਗਤੀ ਦੇ ਜਜ਼ਬੇ ਨੂੰ ਦਰਸਾਉਂਦੇ ਹੋਏ ਗੀਤ, ਕਵਿਤਾਵਾਂ ਪੇਸ਼ ਕੀਤੀਆਂ ਗਈਆਂ।ਕਾਲਜ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਜੀ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਅਤੇ ਸਮੂਹ ਸਟਾਫ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੱਤੀ ਅਤੇ ਇਸ ਦਿਵਸ ਸਬੰਧੀ ਆਪਣੇ ਵਿਚਾਰਾਂ ਨੂੰ ਸਾਂਝਿਆ ਕੀਤਾ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਦੇਸ਼ ਪ੍ਰਤੀ ਦੇਸ਼ ਭਗਤੀ ਦੇ ਜਜ਼ਬੇ ਨੂੰ ਭਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਦੇਸ਼ ਪ੍ਰਤੀ ਸਦਾ ਹੀ ਵਫਾਦਾਰ ਰਹਿਣਾ ਚਾਹੀਦਾ ਹੈ ਤੇ ਆਪਣੇ ਦੇਸ਼ ਦੀਆਂ ਸੰਵਿਧਾਨਕ ਗੀਤੀਆਂ ਨੂੰ ਹਮੇਸ਼ਾ ਹੀ ਬਰਕਰਾਰ ਰੱਖਣਾ ਚਾਹੀਦਾ ਹੈ।

ਛੇਹਰਟਾ-ਖੇਤਰੀ ਸ੍ਰੀ ਗਾਂਧੀ ਆਸ਼ਰਮ ਕਵੀਨਜ਼ ਰੋਡ ਵਿਖੇ ਗਣਤੰਤਰ ਦਿਵਸ ਮੌਕੇ ਝੰਡਾ ਲਹਿਰਾਉਣ ਦੀ

ਰਵਿਦਾਸੀਆ ਧਰਮ ਦੀ ਸਥਾਪਨਾ ਤੇ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਗਰੰਥ ਦੇ ਪ੍ਰਕਾਸ਼ ਦਿਵਸ ਦੇ 17ਵੇਂ ਸਾਲ ਮੌਕੇ ਜਲੰਧਰ ਤੋਂ ਪੱਤਰਕਾਰ ਸੁਰਿੰਦਰ ਕੁਮਾਰ ਵੱਲੋਂ ਵਿਸ਼ੇਸ਼ ਸਪਲੀਮੈਂਟ

ਚੱਲੋ ਚੱਲੀਏ ਕਾਸ਼ੀ ਸ੍ਰੀ ਗੁਰੂ ਰਵਿਦਾਸ ਜੀ ਦਾ 649ਵਾਂ ਜਨਮ ਦਿਨ ਮਨਾਈਏ

ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਗਰੰਥ ਤੇ ਰਵਿਦਾਸੀਆ ਧਰਮ ਦਾ ਝੰਡਾ ਝੁਲਾਈਏ

'ਜਦੋਂ ਡੁੱਲ੍ਹਦਾ ਖ਼ੂਨ ਸ਼ਹੀਦਾਂ ਦਾ, ਤਕਦੀਰ ਬਦਲਦੀ ਕੌਮਾਂ ਦੀ।'

'ਨਾਮੁ ਤੇਰੇ ਕੀ ਜੋਤਿ ਲਗਾਈ ਭਇਓ ਉਜਿਆਰੋ ਭਵਨ ਸਗਲਾਰੇ॥'

ਇਸ ਸਾਲ ਜਗਤ ਗੁਰੂ ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਮਨਾਉਣ ਲਈ ਪੂਰੇ ਭਾਰਤ ਤੇ ਦੇਸ਼-ਵਿਦੇਸ਼ਾਂ ਵਿੱਚ ਰਵਿਦਾਸੀਆ ਧਰਮ ਦੇ ਸ਼ਰਧਾਲੂਆਂ ਵਿੱਚ ਬਹੁਤ ਜ਼ਿਆਦਾ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਪਿਛਲੇ ਕਈ ਦਹਾਕਿਆਂ ਤੋਂ ਜਲੰਧਰ-ਪਠਾਨਕੋਟ ਜੀ ਟੀ ਰੋਡ 'ਤੇ ਸਥਿਤ ਪਿੰਡ ਬੱਲਾਂ ਵਿੱਚ ਸਥਿਤ ਡੇਰਾਂ ਬੱਲਾਂ ਤੋਂ ਗੱਦੀ ਨਸ਼ੀਨ ਸੰਤ ਨਿਰੰਜਣ ਦਾਸ ਜੀ ਇੱਥੇ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਨਾਲ ਗੁਰੂ ਰਵਿਦਾਸ ਜੀ ਦੇ ਜਨਮ ਅਸਥਾਨ ਸੀਰ ਗੋਵਰਧਨਪੁਰ ਕਾਸ਼ੀ ਨੂੰ ਜਾ ਰਹੇ ਹਨ। ਇਹ ਅਣਮੁੱਲਾ ਜਿਹੜਾ ਸਤਿਗੁਰੂ ਰਵਿਦਾਸ ਦਾ ਅੰਮ੍ਰਿਤਬਾਣੀ ਦਾ ਗਰੰਥ ਸਾਡੇ ਵਰਗ ਨੂੰ ਦਿੱਤਾ ਹੈ, ਜਿਸ ਰਾਹੀ ਸੰਤ ਰਾਮਾ ਨੰਦ ਡੇਰਾਂ ਸੱਚ ਖੰਡ ਬੱਲਾਂ ਵੱਲੋਂ ਆਪਣੀ ਦਿੱਤੀ 25 ਮਈ 2009 ਨੂੰ ਵਡਮੁੱਲੀ ਸ਼ਹੀਦੀ ਦੀ ਦੇਣ ਹੈ, ਜਿਸ ਨੂੰ ਕਦੀ ਵੀ ਭੁਲਾਇਆ ਨਹੀਂ ਜਾ ਸਕਦਾ ਤੇ ਰਹਿੰਦੀ ਦੁਨੀਆ ਤੱਕ ਰਵਿਦਾਸੀਆ ਧਰਮ ਦੀ ਸਥਾਪਨਾ ਵਜੋਂ ਯਾਦ ਕੀਤੀ ਜਾਵੇਗੀ, ਇਸ ਦੀ ਰੋਸ਼ਨੀ ਵਿੱਚ ਇਸ ਵਰਗ ਦਾ ਆਪਣਾ ਭਵਿੱਖ ਹਮੇਸ਼ਾ ਰੋਸ਼ਨ ਰਹੇਗਾ।

ਸੰਤ ਨਿਰੰਜਣ ਦਾਸ ਜੀ ਵੱਲੋਂ 30 ਜਨਵਰੀ 2010 ਨੂੰ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ 'ਤੇ ਐਲਾਨ ਕੀਤੇ ਵੱਖਰੇ ਧਰਮ ਰਵਿਦਾਸੀਆ ਤੇ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਗਰੰਥ ਦੇ ਪ੍ਰਕਾਸ਼ ਦਾ ਐਲਾਨ ਕੀਤਾ ਸੀ, ਜਿਸ ਤੋਂ ਬਾਅਦ ਅੱਜ ਤੱਕ ਪੂਰੇ ਭਾਰਤ ਸਮੇਤ ਦੁਨੀਆ ਦੇ ਕੋਨੇ-ਕੋਨੇ ਵਿੱਚ ਸ੍ਰੀ ਗੁਰੂ ਰਵਿਦਾਸ ਦੇ ਮਹਾਨ ਗਰੰਥ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਦੇ ਲੱਖਾਂ ਦੀ ਗਿਣਤੀ ਵਿੱਚ ਪ੍ਰਕਾਸ਼ ਹੋ ਚੁੱਕੇ ਹਨ। ਇਸ ਤੋਂ ਇਲਾਵਾ ਦੁਬਈ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦਾ ਅਰਬ ਦੇਸ਼ ਵਿੱਚ ਪਹਿਲਾ ਗੁਰਦੁਆਰਾ ਵੀ ਰਵਿਦਾਸੀਆ ਧਰਮ ਦੇ ਯੋਧਿਆਂ ਨੇ ਗੁਰਦੁਆਰਾ ਬਣਾ ਕੇ ਮਿਸਾਲ ਕਾਇਮ ਕੀਤੀ, ਜੋ ਕਿ ਨਿਰਮਾਣ ਅਧੀਨ ਹੈ।

ਹੁਣ ਰਵਿਦਾਸੀਆ ਵਰਗ ਵਿੱਚ ਪਹਿਲਾਂ ਨਾਲੋਂ ਜ਼ਿਆਦਾ ਚੇਤਨਾ ਆਈ ਹੈ, ਪਰ ਓਨੀ ਨਹੀਂ, ਜਿੰਨੀ ਇਸ ਵਰਗ ਵਿੱਚ ਚਾਹੀਦੀ ਹੈ। ਇਸ ਲਈ ਹੋਰ ਵੀ ਹੰਭਲਾ ਮਾਰਨ ਦੀ ਲੋੜ ਹੈ, ਪੜ੍ਹਾਈ ਦੇ ਖੇਤਰ ਤੇ ਸਰਕਾਰੀ ਵੱਡੇ ਅਹੁਦਿਆਂ 'ਤੇ ਪਹੁੰਚਣ ਲਈ, ਕਿਉਂਕਿ ਹੁਣ ਜਿਹੜੀ ਹਾਲਤ ਵਿੱਚ ਮੇਰੇ ਸਮਾਜ ਦੇ ਲੋਕ ਜੀ ਰਹੇ ਹਨ। ਸਾਡਾ ਰਾਜਨੀਤੀ ਵਿੱਚ ਆਉਣਾ ਬਹੁਤ ਹੀ ਜ਼ਰੂਰੀ ਹੈ, ਕਿਉਂਕਿ ਜੇਕਰ ਪੜ੍ਹ-ਲਿਖ ਕੇ ਅਸੀਂ ਆਪਣੇ ਹੱਕਾਂ ਨੂੰ ਪ੍ਰਾਪਤ ਕਰਨਾ ਹੈ ਤਾਂ ਰਾਜਨੀਤੀ ਵਿੱਚ ਆਉਣਾ ਬਹੁਤ ਹੀ ਅਹਿਮ ਹੈ, ਕਿਉਂਕਿ ਅੱਜ ਤੱਕ ਜਿਹਨਾਂ ਨੂੰ ਵੀ ਜਿਤਾ ਕੇ ਵਿਧਾਨ ਸਭਾਵਾਂ ਤੇ ਪਾਰਲੀਮੈਂਟ ਵਿੱਚ ਭੇਜਿਆ, ਉਹ ਉੱਥੇ ਜਾ ਕੇ ਅਲੱਗ-ਅਲੱਗ ਪਾਰਟੀਆਂ ਦੇ ਗਲੇ ਵਿੱਚ ਪਏ ਪਟੇ ਕਰਕੇ ਉਨ੍ਹਾਂ ਦੀ ਬੋਲੀ ਬੋਲਦੇ ਹਨ। ਕੇਂਦਰ ਸਰਕਾਰ ਵੱਲੋਂ ਆਪਣੇ ਮਨਮਰਜ਼ੀ ਦੇ ਕਾਨੂੰਨ ਬਣਾ ਕੇ ਖੋਹੇ ਜਾ ਰਹੇ ਹੱਕਾਂ ਨੂੰ ਰੋਕਣ ਦੀ ਬਜਾਏ ਉਨ੍ਹਾਂ ਦੇ ਨਾਲ ਰਲ ਕੇ ਆਪਣੇ ਵਰਗ ਦੇ ਲੋਕਾਂ ਨੂੰ ਫਿਰ ਤੋਂ ਮਨੂੰਵਾਦ ਦੀ ਭੱਠੀ ਵਿੱਚ ਧੱਕ ਰਹੇ ਹਨ, ਜਿਹੜੇ ਬਾਬਾ ਸਾਹਿਬ ਵੱਲੋਂ ਦਿੱਤੇ ਪੜ੍ਹਾਈ ਦੇ ਹੱਕ ਨਾਲ ਪੜ੍ਹੇ ਤੇ ਹੁਣ ਉਹ ਲੋਕ ਸਿਰਫ ਆਪਣੇ ਪਰਵਾਰਾਂ ਦਾ ਗਲਬਾ ਇਸ ਵਰਗ 'ਤੇ ਬਣਾ ਕੇ ਰੱਖਣ ਲਈ ਹਰ ਹਰਬਾ ਵਰਤ ਰਹੇ ਹਨ।

ਸਿਕੰਦਰ ਲੋਧੀ ਵੱਲੋਂ ਦਿੱਤੀ ਜ਼ਮੀਨ 'ਤੇ ਬੁਲਡੋਜ਼ਰ ਚਲਾ ਕੇ ਗੁਰੂ ਜੀ ਦੇ ਮੰਦਰ ਨੂੰ ਤੋੜਿਆ ਤੇ ਸਿਕੰਦਰ ਲੋਧੀ ਵੱਲੋਂ ਸਰਕਾਰੀ ਰਿਕਾਰਡ ਵਿੱਚ ਦਰਜ ਕਰਕੇ ਦਿੱਤੀ ਜ਼ਮੀਨ 'ਤੇ ਇਸ ਬ੍ਰਾਹਮਣਵਾਦੀ ਸਰਕਾਰ ਨੇ ਕਬਜ਼ਾ ਕਰ ਲਿਆ। ਤੁਸਾਂ ਆਪਣੇ ਸੰਘਰਸ਼ ਉਸੇ ਸਥਾਨ 'ਤੇ ਦੁਬਾਰਾ ਗੁਰੂ ਰਵਿਦਾਸ ਜੀ ਦਾ ਮੰਦਰ ਬਣਾ ਕੇ ਆਪਸੀ ਏਕਾ ਦਿਖਾਇਆ। ਇਸ ਸੰਘਰਸ਼ ਵਿੱਚ ਮੇਰੇ ਸਮਾਜ ਦੇ ਸੈਂਕੜੇ ਯੋਧਿਆਂ ਨੇ ਜੇਲ੍ਹਾਂ ਵੀ ਕੱਟੀਆਂ ਤੇ ਸਰਕਾਰ ਨੇ ਉਹਨਾਂ ਨੂੰ ਬਿਨਾਂ ਸ਼ਰਤ ਘਰਾਂ ਨੂੰ ਭੇਜਿਆ। ਦੇਸ਼ ਵਿੱਚ ਬਹੁਤੀ ਥਾਈਂ ਰਵਿਦਾਸੀਆ ਧਰਮ ਦੇ ਲੋਕਾਂ 'ਤੇ ਅੱਜ ਵੀ ਅੰਤਾਂ ਦਾ ਅੱਤਿਆਚਾਰ ਜਾਰੀ ਹੈ, ਜਿਸ ਦਾ ਹਿਸਾਬ ਤੁਸੀਂ ਆਪਣੀ ਵੋਟ ਦੀ ਤਾਕਤ ਨਾਲ ਲੈਣਾ ਹੈ। ਕੇਂਦਰ ਸਰਕਾਰ ਸਿਰਫ ਆਪਣਾ ਬ੍ਰਾਹਮਣਵਾਦੀ ਏਜੰਡਾ ਹੀ ਲਾਗੂ ਕਰਨ ਲਈ ਸੰਵਿਧਾਨ ਨੂੰ ਸਮਾਪਤ ਕਰਨ ਵੱਲ ਤੁਰੀ ਹੋਈ ਹੈ। ਇਸ ਲਈ ਮੇਰੇ ਵਰਗ ਦੇ ਸਾਰੇ ਲੋਕੋ ਤੁਸੀਂ ਸਾਰੇ ਆਪੋ-ਆਪਣੇ ਹੱਕਾਂ ਲਈ ਜਾਗਰੂਕ ਹੋਵੋ ਤੇ ਆਪਣੀ ਸ਼ਕਤੀ ਨੂੰ ਪਹਿਚਾਣੋ ਤੇ ਜਿਹੜਾ ਵੀ ਰਾਜਨੀਤਕ ਤੁਹਾਡੇ ਬਾਬਾ ਸਾਹਿਬ ਵੱਲੋਂ ਦਿੱਤੇ ਸੰਵਿਧਾਨਕ ਹੱਕਾਂ ਦੀ ਰਾਖੀ ਕਰਨ ਦਾ ਵਚਨ ਦਿੰਦਾ ਹੈ, ਉਸ ਨੂੰ ਠੋਕ ਪਰਖ ਕੇ ਆਪਣੀ ਮੱਤ ਦਾ ਦਾਨ ਕਰਿਓ। ਤੁਸੀਂ ਸਦੀਆਂ ਤੋਂ ਇਹਨਾਂ ਨੂੰ ਰਾਜਗੱਦੀਆਂ ਆਪਣੇ ਵੋਟ ਦੇ ਕੇ ਸੌਂਪ ਰਹੇ ਹੋ, ਹੁਣ ਤੁਸੀਂ ਜਾਗੋ, ਹੁਣ ਤੁਸੀਂ ਇਨ੍ਹਾਂ ਨੂੰ ਰਾਜਗੱਦੀਆਂ ਸੌਂਪਣ ਦੀ ਥਾਂ ਖੁਦ ਰਾਜਨੀਤੀ ਵਿੱਚ ਆ ਕੇ ਇਨ੍ਹਾਂ ਨਾਲ ਮੁਕਾਬਲਾ ਕਰਕੇ ਇਨ੍ਹਾਂ ਤੋਂ ਆਪਣੇ ਹੱਕ ਦੀ ਰਾਜਗੱਦੀ 'ਤੇ ਬਿਰਾਜਮਾਨ ਹੋਵੋ। ਕੇਂਦਰ ਸਰਕਾਰ ਨੇ ਨਵੇਂ-ਨਵੇਂ ਕਾਨੂੰਨਾਂ ਰਾਹੀ ਸਾਰੇ ਸਰਕਾਰੀ ਅਦਾਰੇ ਅੰਬਨੀਆਂ ਤੇ ਅਡਾਨੀਆਂ ਨੂੰ ਪੰਜਾਹ-ਪੰਜਾਹ ਸਾਲਾਂ 'ਤੇ ਠੇਕੇ 'ਤੇ ਚਾੜ੍ਹ ਕੇ ਗਿਰਵੀ ਰੱਖ ਦਿੱਤੇ, ਜਿਸ ਕਰਕੇ ਫਿਰ ਤੋਂ ਭਾਰਤ ਵਿੱਚ ਰਹਿਣ ਵਾਲੇ ਵੱਡੇ ਗਰੀਬ ਤਬਕੇ ਨੂੰ ਬੰਧੂਆ ਮਜ਼ਦੂਰ ਬਣਾਉਣ ਲਈ ਵੱਡੇ ਪੱਧਰ 'ਤੇ ਇਸ ਕੇਂਦਰ ਸਰਕਾਰ ਵੱਲੋਂ ਸਾਜ਼ਿਸ਼ ਰਚੀ ਜਾ ਰਹੀ ਹੈ। ਤੁਸੀਂ ਹੁਣ ਤੱਕ ਇਨ੍ਹਾਂ ਨੂੰ ਦੇਸ਼ ਦਾ ਮੁੱਖ ਮੰਤਰੀ ਤੇ ਪ੍ਰਧਾਨ ਮੰਤਰੀ ਬਣਾਇਆ ਹੈ, ਪਰ ਹੁਣ ਸਮਾਂ ਆ ਗਿਆ ਹੈ ਤੁਸੀਂ ਖੁਦ ਮੰਤਰੀ ਮੁੱਖ ਮੰਤਰੀ ਬਣੋ, ਤਾਂ ਕਿ ਐੱਸ ਸੀ/ ਐੱਸ ਟੀ ਤੇ ਬੀ ਸੀ ਵਰਗ ਸਮੇਤ ਹੋਰ ਗਰੀਬ ਲੋਕਾਂ ਨੂੰ ਉਹਨਾਂ ਦੇ ਖੋਹੇ ਅਧਿਕਾਰ ਮਿਲ ਸਕਣ। ਮੈਂ ਇਹ ਉਪਰਾਲਾ ਕੀਤਾ ਹੈ, ਜੇਕਰ ਚੰਗਾ ਲੱਗੇ ਤਾਂ ਮੈਨੂੰ ਇੱਕ ਫੋਨ ਕਾਲ ਕਰਕੇ ਮੇਰਾ ਹੌਸਲਾ ਵਧਾਉਣਾ, ਤਾਂ ਕਿ ਹੋਰ ਵੀ ਤੁਹਾਡੇ ਹੱਕਾਂ ਬਾਰੇ ਜਾਣਕਾਰੀ ਦੇ ਸਕਾਂ।

ਸੁਰਿੰਦਰ ਕੁਮਾਰ ਬੱਜੜਪੱਗਾ
ਪੱਤਰਕਾਰ ਰੋਜ਼ਾਨਾ 'ਨਵਾਂ ਜ਼ਮਾਨਾ' ਜਲੰਧਰ
ਮੈਨੂੰ ਮਿਲਣ ਲਈ ਮਿਲਾਓ-
85287-18653, 98881-57138
surinderkumar977@gmail.com
skreporter09@gmail.com

'ਨਵਾਂ ਜ਼ਮਾਨਾ' ਦੇ ਪੱਤਰਕਾਰ ਸੁਰਿੰਦਰ ਕੁਮਾਰ ਵੱਲੋਂ ਰਵਿਦਾਸੀਆ ਧਰਮ ਦੀ ਸਥਾਪਨਾ ਦਿਵਸ ਤੇ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਗ੍ਰੰਥ ਦੇ 17ਵੇਂ ਸਾਲ 'ਤੇ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਦੁਨੀਆ 'ਚ ਰਹਿੰਦੇ ਰਵਿਦਾਸੀਆ ਸਮਾਜ ਨੂੰ ਲੱਖ-ਲੱਖ ਵਧਾਈ

Brockkie®
The Ultimate Footwear
STYLE WITH COMFORT
CATEGORY: UNISEX
Art. Name: Fashion Pro
MRP ₹349.50
(Inclusive of all taxes)
SIZE: 6-9
BEACH MAROON
BLACK GREY
GREY BLUE
BLACK BLACK
Quality Assurance By : Om Shivam UTPADAN (INDIA)
Manohar lal (Bittu) 98140-61550
Anish Aggarwal 93563-02630, Nitin Aggarwal 95013-31166
Kishangarh road, Alawalpur (Jalandhar)

ਨੇ ਕੁਰੂਵੇਰ ਜੀ ਧੰਨ ਕੁਰੂਵੇਰ ਜੀ
ਧੰਨ ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ
ਦੇ ਪ੍ਰਕਾਸ਼ ਪੁਰਬ 'ਤੇ ਸਮੂਹ ਸੰਗਤਾਂ ਨੂੰ
ਲੱਖ ਲੱਖ ਵਧਾਈਆਂ
ਇੰਕ ਬੂਟਾ ਸਾਂਝ ਦਾ, ਪੰਜਾਬ

ਨਵਾਂ ਜ਼ਮਾਨਾ ਦੇ ਪੱਤਰਕਾਰ ਸੁਰਿੰਦਰ ਕੁਮਾਰ ਵੱਲੋਂ ਰਵਿਦਾਸੀਆ ਧਰਮ ਦੀ ਸਥਾਪਨਾ ਦਿਵਸ ਤੇ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਗ੍ਰੰਥ ਦੇ 17ਵੇਂ ਸਾਲ 'ਤੇ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਦੁਨੀਆ 'ਚ ਰਹਿੰਦੇ ਰਵਿਦਾਸੀਆ ਸਮਾਜ ਨੂੰ ਲੱਖ-ਲੱਖ ਵਧਾਈ
ਅਮਰਜੀਤ ਕੱਰ, ਏਰੀਆ ਸੇਲਸ ਮੈਨੇਜਰ, ਐਮ ਬੀ ਆਈ ਹੈਲਥ ਇਨਸੋਰੈਂਸ
ਤੇਜਬੀਰ ਸਿੰਘ ਸੋਢੀ, ਸੀਨੀ. ਕਲੱਸਟਰ ਸੇਲਸ ਮੈਨੇਜਰ, ਐਮ ਬੀ ਆਈ ਹੈਲਥ ਇਨਸੋਰੈਂਸ
ਰਾਮਜੀਤ, ਈ ਓ ਅਲਾਵਲਪੁਰ, ਆਦਮਪੁਰ
ਇਸ਼ਾਂਨ ਕਪੂਰ, ਸੀਨੀ. ਬਿਜਨੈਸ ਡਿਵੈਲਪਮੈਂਟ ਮੈਨੇਜਰ, ਐਮ ਬੀ ਆਈ ਹੈਲਥ ਇਨਸੋਰੈਂਸ

ਨਵਾਂ ਜ਼ਮਾਨਾ ਦੇ ਪੱਤਰਕਾਰ ਸੁਰਿੰਦਰ ਕੁਮਾਰ ਵੱਲੋਂ ਰਵਿਦਾਸੀਆ ਧਰਮ ਦੀ ਸਥਾਪਨਾ ਦਿਵਸ ਤੇ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਗ੍ਰੰਥ ਦੇ 17ਵੇਂ ਸਾਲ 'ਤੇ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਦੁਨੀਆ 'ਚ ਰਹਿੰਦੇ ਰਵਿਦਾਸੀਆ ਸਮਾਜ ਨੂੰ ਲੱਖ-ਲੱਖ ਵਧਾਈ
ਰਾਘਵ ਕਪੂਰ
ਸੂਫ਼ੀ ਸਿੰਗਰ
Raagify
ਪ੍ਰੋਗਰਾਮ ਕਰਵਾਉਣ ਲਈ ਸੰਪਰਕ ਕਰੋ :
ਮੋਬਾ. 98140-65211

Govt. Lic. No. 749/ALC-4/LA/FN:926
DASS Visa Consultant
ਇੱਥੇ U.K. Embassy ਦੇ ਫਾਰਮ ਭਰੇ ਜਾਂਦੇ ਹਨ ਤੇ ਫਾਈਲ ਤਿਆਰ ਕੀਤੀ ਜਾਂਦੀ ਹੈ।
Passport Appointment, Family Visitor Visa, UK Form Filling, File Preparation, UK, Canda,Europe & U.S.A Appointments & Refusal File, Travel Insurance, Air Ticket & Hotel Booking
Off. No. 5 Basement Alfa Esate Building, Near UK Embassy, Opp. Bus Stand, Jalandhar, Email: dass.visa@gmail.com
ਤੁਲਸੀ ਦਾਸ
Mob. 98724-24465

ਅੰਜੂ ਸੋਢੀ ਐਡਵੋਕੇਟ, ਪੈਰਵੀ ਸਿੰਘ, ਪੈਰੇਮਨ ਰਿਸ਼ੀ ਵਾਲਮੀਕਿ ਨਗਰ, ਲੁਧਿਆਣਾ
ਓਮ ਪ੍ਰਕਾਸ਼ ਰਿਟਾ. ਏ ਐਸ ਆਈ
ਜੀਵਨ ਕੁਮਾਰ ਸ਼ਰਮਾ ਹਿਮਾਚਲ

B.S. ENGG. WORKS
ਐਸ ਬੂਟਾ ਸਿੰਘ
ਮਨਿੰਦਰ ਸਿੰਘ ਸੰਨੀ ਹਰਗੋਬਿਦ ਨਗਰ ਜਲੋਵਾਲ
ਸਰਬਜੀਤ ਕੌਰ
Manufacturers, Traders & General Order Suppliers
C.I. Sluice Valves, N.R. Valves
Butterfly Valves & Full Range of Water Work Fitting
Hargobind Nagar, Village Nurpur, Near Water Tank, Jalandhar
Email Bootasingh1511956@gmail.com
Mob. 94176-33236

(ਝੜਪੱਗਾ ਫੈਮਿਲੀ) ਕੇਸ਼ਵ ਕੁਮਾਰ ਕੇਸ਼ਲ, ਅਸ਼ੋਕ ਕੁਮਾਰ, ਤਬੀਸ਼ੇਕ, ਓਨੀਕਯੂਨੀਕ, ਬਲਵਿੰਦਰ ਕੁਮਾਰ ਰਵੀ

ਰੇਸ਼ਮ ਲਾਲ ਸਾਬਕਾ ਸਰਪੰਚ, ਦਲਜਿੰਦਰ ਕੌਰ ਸਾਬਕਾ ਸਰਪੰਚ ਪਿੰਡ ਰਾਓਵਾਲੀ
ਤਰਲੋਕ ਸਿੰਘ ਰੋਰੂ
ਜੋਗਿੰਦਰਪਾਲ ਬੜਪੱਗਾ ਮੁਹੱਲਾ ਤਿਲਕ ਨਗਰ, ਲੁਧਿਆਣਾ

ਡਾ. ਸੰਜਲ ਪ੍ਰੀਤ
ਐਡਵੋਕੇਟ ਗੁਰਪ੍ਰੀਤ
ਐਡਵੋਕੇਟ ਬਲਰਾਜ ਸਿੰਘ ਕਾਹਲੋਂ
ਅਵਤਾਰ ਸਿੰਘ ਐਡਵਾਟੀ, ਡੀ ਆਈ ਡੀ ਕਿਰਤ ਜਲੰਧਰ

ਫਰਿਦਰ ਖੇੜਾ
ਕਮਲੇਸ਼ ਖੇੜਾ
ਰੁਪਿੰਦਰ ਮਿਨਹਾਸ
ਸੋਨੀਆ ਬਨਹੋਤਰਾ
ਡਾ. ਨਿਸ਼ਾਂਤ ਮਿਨਹਾਸ

ਨਵਾਂ ਜ਼ਮਾਨਾ ਦੇ ਪੱਤਰਕਾਰ ਸੁਰਿੰਦਰ ਕੁਮਾਰ ਵੱਲੋਂ ਰਵਿਦਾਸੀਆ ਧਰਮ ਦੀ ਸਥਾਪਨਾ ਦਿਵਸ ਤੇ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਗ੍ਰੰਥ ਦੇ 16ਵੇਂ ਸਾਲ 'ਤੇ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਦੁਨੀਆ 'ਚ ਰਹਿੰਦੇ ਰਵਿਦਾਸੀਆ ਸਮਾਜ ਨੂੰ ਲੱਖ-ਲੱਖ ਵਧਾਈ
R.K. HANDA DAIRY
ਗੌਰਵ ਹਾਂਡਾ
ਆਰ ਕੇ ਹਾਂਡਾ
MILAP ROAD, JALANDHAR CITY
Ph.: 0181-2226985 (M) 98720-18446

ਰਵਿਦਾਸੀਆ ਧਰਮ ਦੀ ਸਥਾਪਨਾ ਦੇ ਦਿਵਸ 'ਤੇ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਗ੍ਰੰਥ ਦੇ 17ਵੇਂ ਸਾਲ ਦੇ ਅਵਸਰ 'ਤੇ ਦੁਨੀਆ ਵਿੱਚ ਰਹਿੰਦੇ ਰਵਿਦਾਸੀਆ ਸਮਾਜ ਨੂੰ ਲੱਖ-ਲੱਖ ਵਧਾਈ
ਅਰਮਾਨ (ਨੱਕ-ਕੰਨ-ਗਲਾ ਤੇ ਡਾਇਬਟਿਕ ਕੇਅਰ)
Late Dr. Pardeep Verma
MBBS, Diabetes Secialist
(American Diabetes Association Member)
Dr. (Mrs.) Bobby Verma
MBBS, DNB, DLO
ENT, Head & Neck Surgeon
Ex. Consultant Scred Heart Hospital
Dr. Pria Varma
MBBS
Facilites, Available : All ENT Surgeries, Functional Endoscopic Sinus Surgery, Microscopic Ear Surgeries, Voice Clinic, Early Detection of Cancer of Head & neck Surgeries, Audiometry/Hearing Aid Disposal, Foreign Body Romoval, Padiatric ENT Problems, Speed Therapy, Diabetes, Screening, Education Diet & Treatment.
ਡਾ. ਸ੍ਰੀਮਤ ਬੋਬੀ ਵਰਮਾ, ਐਮ ਬੀ ਬੀ ਐਸ ਡੀ ਐੱਨ ਡੀ ਐੱਲ ਬੀ, ਸਾਬਕਾ ਰਜਿਸਟਰਾਰ ਸਰਕਾਰੀ ਈ ਐੱਨ ਟੀ ਹਸਪਤਾਲ ਓਸਮਾਨਿਆ ਮੈਡੀਕਲ ਕਾਲਜ, ਹੈਦਰਾਬਾਦ, ਸਾਬਕਾ ਰਜਿਸਟਰਾਜ਼ ਡੀ ਐੱਮ ਸੀ ਲੁਧਿਆਣਾ, ਕੰਸਲਟੈਂਟ ਸੈਕਟਰ ਹਾਰਟ ਹਸਪਤਾਲ, ਮਕਸੂਦਾਂ ਜਲੰਧਰ
Tanda Road, Opp. K.M.V. College, Jalandhar City
Ph. (C) 0181-2291940, Moblie 93161-49141

Dr. Vijay Kumar, Shiwali Chopra, Saianshi, Saivansh

Manoj Kumar
Tabishek
Travel INSURANCE
85287-18653, 86990-42582, 81461-29013
Asego Group : Office No. 1, 3rd Floor, Kotak Mohindra Bank Building, Namdev Chowk G.T. Road, Jalandhar, Punjab

Robin Loach Chief Organiser (Lic of India Jalandhar), Dhairya Loach, Dimpy Loach punjab National Bank Clerical

ਨਵਾਂ ਜ਼ਮਾਨਾ ਦੇ ਪੱਤਰਕਾਰ ਸੁਰਿੰਦਰ ਕੁਮਾਰ ਵੱਲੋਂ ਰਵਿਦਾਸੀਆ ਧਰਮ ਦੀ ਸਥਾਪਨਾ ਦਿਵਸ ਤੇ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਗ੍ਰੰਥ ਦੇ 17ਵੇਂ ਸਾਲ 'ਤੇ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਦੁਨੀਆ 'ਚ ਰਹਿੰਦੇ ਰਵਿਦਾਸੀਆ ਸਮਾਜ ਨੂੰ ਲੱਖ-ਲੱਖ ਵਧਾਈ
ਮੰਗਲ